ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ਨੀਵਾਰ, 28 ਮਾਰਚ 2026 (ਨਾਨਕਸ਼ਾਹੀ ਸੰਮਤ : ੫੫੮, ੧੫ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## 'ਮਹਾਜੰਗ' ਦੀ ਤਿਆਰੀ !

# ਈਰਾਨ ਨੇ ਅਮਰੀਕਾ ਖ਼ਿਲਾਫ਼ ਮੈਦਾਨ 'ਚ ਉਤਾਰੇ 10 ਲੱਖ ਲੜਾਕੇ

**ਤਹਿਰਾਨ, 27 ਮਾਰਚ (ਆਵਾਜ਼ਿ ਕੌਮ ਬਿਊਰੋ)**-ਈਰਾਨ-ਇਜ਼ਰਾਈਲ ਵਿਚਾਲੇ ਜਾਰੀ ਯੁੱਧ ਵਿਚਕਾਰ ਜਿੱਥੇ ਅਮਰੀਕਾ ਈਰਾਨ ਵਿੱਚ ਆਪਣੀਆਂ ਫੌਜਾਂ ਤਾਇਨਾਤ ਕਰਨ ਦੀ ਤਿਆਰੀ ਕਰ ਰਿਹਾ ਹੈ, ਉੱਥੇ ਈਰਾਨ ਵੀ ਇਸ ਅਮਰੀਕੀ ਕਾਰਵਾਈ ਦਾ ਬਦਲਾ ਲੈਣ ਲਈ ਆਪਣੀਆਂ ਤਿਆਰੀਆਂ ਨੂੰ ਅੰਤਿਮ ਰੂਪ ਦਿੰਦਾ ਦਿਖਾਈ ਦੇ ਰਿਹਾ ਹੈ। ਮੀਡੀਆ ਰਿਪੋਰਟਾਂ ਅਨੁਸਾਰ ਈਰਾਨ ਨੇ ਅਮਰੀਕਾ ਨੂੰ ਢੁਕਵਾਂ ਜਵਾਬ ਦੇਣ ਲਈ 10 ਲੱਖ ਲੜਾਕੂ ਤਿਆਰ ਕੀਤੇ ਹਨ। ਵਰਤਮਾਨ ਵਿੱਚ ਦੋ ਅਮਰੀਕੀ ਨੇਵੀ ਮਰੀਨ ਹਮਲਾਵਰ ਜਹਾਜ਼, ਯੂਐਸਐਸ ਤ੍ਰਿਪੋਲੀ ਅਤੇ ਯੂਐਸਐਸ ਬਾਕਸਰ, ਈਰਾਨ ਵੱਲ ਪੂਰੀ ਗਤੀ ਨਾਲ ਵਧ ਰਹੇ ਹਨ। ਅਮਰੀਕੀ ਫੌਜ ਦੇ 82ਵੇਂ ਏਅਰਬੋਰਨ ਡਿਵੀਜ਼ਨ ਦੇ ਹਜ਼ਾਰਾਂ ਸੈਨਿਕ ਇਸ ਸਮੇਂ ਈਰਾਨ ਵੱਲ ਵਧ ਰਹੇ ਹਨ। ਅਮਰੀਕਾ ਕੋਲ ਪਹਿਲਾਂ ਹੀ ਖਾੜੀ ਖੇਤਰ ਵਿੱਚ ਲਗਭਗ 50,000 ਸੈਨਿਕ ਤਾਇਨਾਤ ਹਨ। ਸਵਾਲ ਇਹ ਹੈ ਕਿ ਜੇਕਰ



ਟਰੰਪ ਫੌਜੀ ਤਾਇਨਾਤੀ ਦਾ ਆਦੇਸ਼ ਦਿੰਦਾ ਹੈ ਤਾਂ ਅਮਰੀਕੀ ਫੌਜ ਇਸ ਕਾਰਵਾਈ ਨੂੰ ਕਿਵੇਂ ਅੰਜਾਮ ਦੇ ਸਕਦੀ ਹੈ? ਰਿਪੋਰਟਾਂ ਅਨੁਸਾਰ ਵੱਡੀ ਗਿਣਤੀ ਵਿੱਚ ਨੌਜਵਾਨ ਵਲੰਟੀਅਰ ਈਰਾਨ ਭਰ ਵਿੱਚ ਭਰਤੀ ਕੇਂਦਰਾਂ ਵਿੱਚ ਆ ਰਹੇ ਹਨ। ਇਹ ਮੰਨਿਆ ਜਾ ਰਿਹਾ ਹੈ ਕਿ ਭਰਤੀ ਕੇਂਦਰਾਂ 'ਤੇ ਨੌਜਵਾਨਾਂ ਦੀ ਇਹ ਭੀੜ ਅਮਰੀਕਾ ਨਾਲ ਸੰਭਾਵੀ ਜ਼ਮੀਨੀ ਯੁੱਧ ਵਿੱਚ ਹਿੱਸਾ ਲੈਣ ਲਈ ਹੈ। ਈਰਾਨ ਕਥਿਤ ਤੌਰ 'ਤੇ 10 ਲੱਖ ਤੋਂ ਵੱਧ ਜ਼ਮੀਨੀ ਲੜਾਕੂਆਂ ਨੂੰ ਇਕੱਠਾ ਕਰ ਰਿਹਾ ਹੈ। ਤਹਿਰਾਨ ਦੀ ਤਸਨੀਮ ਨਿਊਜ਼ ਏਜੰਸੀ ਨੇ ਇੱਕ ਫੌਜੀ ਸਰੋਤ ਦਾ ਹਵਾਲਾ ਦਿੰਦੇ ਹੋਏ ਦੱਸਿਆ ਕਿ ਇਹ ਫੌਜਾਂ ਸੰਗਠਿਤ ਕੀਤੀਆਂ ਗਈਆਂ ਹਨ ਅਤੇ ਯੁੱਧ ਲਈ ਤਿਆਰ ਹਨ। ਇਹ ਸਥਿਤੀ ਬਾਸੀਜ, ਇਸਲਾਮਿਕ ਰੈਵੋਲਿਊਸ਼ਨਰੀ ਗਾਰਡਜ਼ ਕੋਰ ਅਤੇ ਫੌਜ ਦੁਆਰਾ ਚਲਾਏ ਜਾ ਰਹੇ ਕੇਂਦਰਾਂ 'ਤੇ ਨਾਗਰਿਕਾਂ ਦੀ ਭਾਰੀ ਭੀੜ ਇਕੱਠੀ ਹੋਣ ਤੋਂ ਬਾਅਦ ਆਈ ਹੈ। ਏਜੰਸੀ ਦਾ ਕਹਿਣਾ ਹੈ ਕਿ ਈਰਾਨੀ ਜ਼ਮੀਨੀ ਲੜਾਕੂ ਈਰਾਨੀ ਧਰਤੀ 'ਤੇ ਅਮਰੀਕੀਆਂ ਲਈ ਇੱਕ "ਇਤਿਹਾਸਕ ਨਰਕ" ਬਣਾਉਣ ਲਈ ਵੱਧ ਤੋਂ ਵੱਧ ਉਤਸ਼ਾਹਿਤ ਹਨ। ਇਹ ਘਟਨਾਕ੍ਰਮ ਅਮਰੀਕੀ ਫੌਜੀ ਗਤੀਵਿਧੀਆਂ ਦੇ ਚੱਲ ਰਹੇ ਸਮੇਂ 'ਤੇ ਹੋਏ ਹਨ; 82ਵੀਂ ਏਅਰਬੋਰਨ ਡਿਵੀਜ਼ਨ ਦੇ ਚੁਣੇ ਹੋਏ ਸੈਨਿਕਾਂ ਦੇ ਦਿਨਾਂ ਦੇ ਅੰਦਰ ਮੱਧ ਪੂਰਬ ਵਿੱਚ ਪਹੁੰਚਣ ਦੀ ਉਮੀਦ ਹੈ, ਜਿੱਥੇ ਉਹ ਪਹਿਲਾਂ ਤੋਂ ਮੌਜੂਦ ਹਜ਼ਾਰਾਂ ਮਰੀਨਾਂ ਵਿੱਚ ਸ਼ਾਮਲ ਹੋਣਗੇ।

## ਟਰੰਪ ਦਾ ਇਕ ਹੋਰ 'ਯੂ-ਟਰਨ', ਈਰਾਨੀ ਊਰਜਾ ਟਿਕਾਣਿਆਂ 'ਤੇ ਹਮਲੇ 10 ਦਿਨਾਂ ਲਈ ਰੋਕੇ

**ਵਾਸ਼ਿੰਗਟਨ:** ਮੱਧ ਪੂਰਬ ਵਿੱਚ ਜਾਰੀ ਭਿਆਨਕ ਜੰਗ ਦਰਮਿਆਨ ਇੱਕ ਵੱਡੀ ਰਾਹਤ ਭਰੀ ਖ਼ਬਰ ਸਾਹਮਣੇ ਆਈ ਹੈ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਐਲਾਨ ਕੀਤਾ ਹੈ ਕਿ ਉਹ ਈਰਾਨ ਦੇ ਊਰਜਾ ਟਿਕਾਣਿਆਂ 'ਤੇ ਹੋਣ ਵਾਲੇ ਹਮਲਿਆਂ ਨੂੰ 10 ਦਿਨਾਂ ਲਈ ਮੁਲਤਵੀ ਕਰ ਰਹੇ ਹਨ। ਟਰੰਪ ਨੇ ਦਾਅਵਾ ਕੀਤਾ ਹੈ ਕਿ ਦੋਵਾਂ ਦੇਸ਼ਾਂ ਵਿਚਾਲੇ ਗੱਲਬਾਤ ਬਹੁਤ ਚੰਗੀ ਚੱਲ ਰਹੀ ਹੈ ਅਤੇ ਇਹ ਫੈਸਲਾ ਈਰਾਨ ਦੀ ਬੇਨਤੀ 'ਤੇ ਲਿਆ ਗਿਆ ਹੈ। ਰਾਸ਼ਟਰਪਤੀ ਟਰੰਪ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਟਰੂਥ ਸੋਸ਼ਲ' 'ਤੇ ਪੋਸਟ ਕਰਦਿਆਂ ਲਿਖਿਆ, "ਈਰਾਨੀ ਸਰਕਾਰ ਦੀ ਬੇਨਤੀ 'ਤੇ ਮੈਂ ਊਰਜਾ ਟਿਕਾਣਿਆਂ ਨੂੰ ਤਬਾਹ ਕਰਨ ਦੀ ਕਾਰਵਾਈ ਨੂੰ 10 ਦਿਨਾਂ ਲਈ ਰੋਕ ਰਿਹਾ ਹਾਂ।" ਉਨ੍ਹਾਂ ਦੱਸਿਆ ਕਿ ਇਹ ਰੋਕ ਸੋਮਵਾਰ, 6 ਅਪ੍ਰੈਲ 2026 ਨੂੰ ਰਾਤ 8 ਵਜੇ ਤੱਕ ਜਾਰੀ ਰਹੇਗੀ। ਟਰੰਪ ਨੇ ਸੰਕੇਤ ਦਿੱਤਾ ਕਿ ਅਮਰੀਕਾ ਅਤੇ ਈਰਾਨ ਵਿਚਾਲੇ ਚੱਲ ਰਹੀ ਗੱਲਬਾਤ ਸਕਾਰਾਤਮਕ ਦਿਸ਼ਾ ਵਿੱਚ ਵਧ ਰਹੀ ਹੈ ਅਤੇ ਉਨ੍ਹਾਂ ਉਨ੍ਹਾਂ ਖ਼ਬਰਾਂ ਨੂੰ ਖਾਰਜ ਕਰ ਦਿੱਤਾ ਜੋ ਇਸ ਦੇ ਉਲਟ ਦਾਅਵਾ ਕਰ ਰਹੀਆਂ ਸਨ। ਜੰਗ ਦੇ ਵਧਣ ਤੋਂ ਬਾਅਦ ਇਹ ਪਹਿਲਾ ਮੌਕਾ ਹੈ ਜਦੋਂ ਅਮਰੀਕਾ ਨੇ ਈਰਾਨ ਦੇ ਊਰਜਾ ਖੇਤਰ ਨੂੰ ਨਿਸ਼ਾਨਾ ਬਣਾਉਣ ਵਾਲੇ ਹਮਲਿਆਂ ਵਿੱਚ ਰਸਮੀ ਤੌਰ 'ਤੇ ਕਮੀ ਕੀਤੀ ਹੈ। ਪਿਛਲੇ ਕੁਝ ਹਫ਼ਤਿਆਂ ਤੋਂ ਅਮਰੀਕਾ ਅਤੇ ਇਜ਼ਰਾਈਲ ਲਗਾਤਾਰ ਈਰਾਨ ਦੇ ਤੇਲ ਅਤੇ ਊਰਜਾ ਕੇਂਦਰਾਂ 'ਤੇ ਭੀਸ਼ਣ ਹਮਲੇ ਕਰ ਰਹੇ ਸਨ ਤਾਂ ਜੋ ਤੇਹਰਾਨ ਦੀ ਆਰਥਿਕ ਅਤੇ ਫੌਜੀ ਕਮਰ ਤੋੜੀ ਜਾ ਸਕੇ। ਜਵਾਬ ਵਿੱਚ ਈਰਾਨ ਨੇ ਵੀ ਖੇਤਰ ਵਿੱਚ ਅਮਰੀਕੀ ਟਿਕਾਣਿਆਂ ਅਤੇ ਸਹਿਯੋਗੀ ਦੇਸ਼ਾਂ ਦੇ ਬੁਨਿਆਦੀ ਢਾਂਚੇ 'ਤੇ ਮਿਜ਼ਾਈਲ ਅਤੇ ਡਰੋਨ ਹਮਲੇ ਕੀਤੇ ਸਨ। ਇਸ ਫੈਸਲੇ ਤੋਂ ਪਹਿਲਾਂ ਟਰੰਪ ਨੇ ਵ੍ਹਾਈਟ ਹਾਊਸ ਵਿੱਚ ਕੈਬਨਿਟ ਮੀਟਿੰਗ ਦੌਰਾਨ ਦਾਅਵਾ ਕੀਤਾ ਸੀ ਕਿ ਈਰਾਨ ਨੇ ਅਮਰੀਕਾ ਨੂੰ ਇੱਕ 'ਕੀਮਤੀ ਤੋਹਫ਼ਾ' ਭੇਜਿਆ ਹੈ। ਉਨ੍ਹਾਂ ਦੱਸਿਆ ਕਿ ਈਰਾਨ ਨੇ ਹੋਰਮੁਜ਼ ਜਲਡਮਰੂ ਤੋਂ 10 ਤੇਲ ਟੈਂਕਰਾਂ ਨੂੰ ਲੰਘਣ ਦੀ ਇਜਾਜ਼ਤ ਦਿੱਤੀ ਹੈ। ਇਨ੍ਹਾਂ ਵਿੱਚੋਂ ਕੁਝ ਟੈਂਕਰਾਂ 'ਤੇ ਪਾਕਿਸਤਾਨੀ ਝੰਡੇ ਲੱਗੇ ਹੋਏ ਸਨ। ਮਾਹਿਰਾਂ ਦਾ ਮੰਨਣਾ ਹੈ ਕਿ 10 ਦਿਨਾਂ ਦੀ ਇਹ ਰੋਕ ਮੌਜੂਦਾ ਸੰਘਰਸ਼ ਵਿੱਚ ਪਹਿਲੀ ਵੱਡੀ ਨਰਮੀ ਹੈ, ਜੋ ਭਵਿੱਖ ਵਿੱਚ ਵੱਡੀ ਜੰਗਬੰਦੀ ਲਈ ਰਾਹ ਪੱਧਰਾ ਕਰ ਸਕਦੀ ਹੈ। ਹਾਲਾਂਕਿ, ਇਹ ਆਉਣ ਵਾਲਾ ਸਮਾਂ ਹੀ ਤੈਅ ਕਰੇਗਾ ਕਿ ਇਹ ਸਿਰਫ਼ ਅਸਥਾਈ ਰਾਹਤ ਹੈ ਜਾਂ ਕੋਈ ਸਥਾਈ ਸਮਝੌਤਾ।




## ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਹਾਈਕੋਰਟ ਤੋਂ ਵੱਡਾ ਝਟਕਾ, ਪੈਰੋਲ ਦੀ ਮੰਗ ਵਾਲੀ ਪਟੀਸ਼ਨ ਖਾਰਿਜ

**ਚੰਡੀਗੜ੍ਹ, 27 ਮਾਰਚ (ਆਵਾਜ਼ਿ ਕੌਮ ਬਿਊਰੋ)**-ਖਡੂਰ ਸਾਹਿਬ ਤੋਂ ਐਮਪੀ ਅੰਮ੍ਰਿਤਪਾਲ ਸਿੰਘ ਨੂੰ ਹਾਈਕੋਰਟ ਤੋਂ ਵੱਡਾ ਝਟਕਾ ਲੱਗਾ ਹੈ। ਹਾਈ ਕੋਰਟ ਨੇ ਅੰਮ੍ਰਿਤਪਾਲ ਸਿੰਘ ਦੀ ਸੰਸਦ ਸੈਸ਼ਨ ਵਿੱਚ ਸ਼ਾਮਲ ਹੋਣ ਲਈ ਪੈਰੋਲ ਦੀ ਮੰਗ ਵਾਲੀ ਪਟੀਸ਼ਨ ਰੱਦ ਦਿੱਤੀ ਹੈ। ਅਦਾਲਤ ਨੇ ਕੁਝ ਦਿਨ ਪਹਿਲਾਂ ਇਸ ਮਾਮਲੇ ਵਿੱਚ ਆਪਣਾ ਫੈਸਲਾ ਸੁਰੱਖਿਅਤ ਰੱਖ ਲਿਆ ਸੀ। ਜਦੋਂ ਅੱਜ ਪੈਰੋਲ ਵਾਲੀ ਪਟੀਸ਼ਨ 'ਤੇ ਸੁਣਵਾਈ ਹੋਈ ਤਾਂ ਅਦਾਲਤ ਨੇ ਇਸ ਪਟੀਸ਼ਨ ਨੂੰ ਰੱਦ ਕਰ ਦਿੱਤਾ ਹੈ। ਜਿਸ ਕਾਰਨ ਹੁਣ ਅੰਮ੍ਰਿਤਪਾਲ ਸਿੰਘ ਇਸ ਪਾਰਲੀਮੈਂਟ ਸੈਸ਼ਨ 'ਚ ਸ਼ਾਮਿਲ ਨਹੀਂ ਹੋ ਸਕਣਗੇ। ਅੰਮ੍ਰਿਤਪਾਲ ਸਿੰਘ ਨੇ ਸੰਸਦ ਸੈਸ਼ਨ ਵਿਚ ਸ਼ਾਮਲ ਹੋਣ ਲਈ ਹਾਈਕੋਰਟ ਵਿਚ ਪੈਰੋਲ ਦੀ ਮੰਗ ਕੀਤੀ ਸੀ। ਉਨ੍ਹਾਂ ਨੇ ਅਦਾਲਤ ਵਿੱਚ ਪਟੀਸ਼ਨ ਦਾਇਰ ਕਰਕੇ ਇਹ ਬੇਨਤੀ ਕੀਤੀ ਸੀ ਕਿ ਉਹ ਇੱਕ ਚੁਣੇ ਹੋਏ ਲੋਕ ਪ੍ਰਤੀਨਿਧ ਹਨ, ਇਸ ਲਈ ਉਨ੍ਹਾਂ ਨੂੰ ਸੰਸਦ ਦੀ ਕਾਰਵਾਈ ਵਿੱਚ ਹਿੱਸਾ ਲੈਣ ਲਈ ਅਸਥਾਈ ਤੌਰ 'ਤੇ ਰਿਹਾਅ ਕੀਤਾ ਜਾਵੇ। ਉਨ੍ਹਾਂ ਵੱਲੋਂ ਇਹ ਵੀ ਕਿਹਾ ਗਿਆ ਕਿ ਜਨਤਾ ਨੇ ਉਨ੍ਹਾਂ ਨੂੰ ਚੁਣ ਕੇ ਭੇਜਿਆ ਹੈ, ਅਜਿਹੇ ਵਿੱਚ ਉਨ੍ਹਾਂ ਦਾ ਸੰਸਦ ਸੈਸ਼ਨ ਤੋਂ ਦੂਰ ਰਹਿਣਾ ਵੋਟਰਾਂ ਦੇ ਅਧਿਕਾਰਾਂ ਦੀ ਵੀ ਉਲੰਘਣਾ ਹੈ।



## ਦੇਸ਼ 'ਚ ਲੱਗੇਗਾ ਲਾਕਡਾਊਨ ਜਾਂ ਨਹੀਂ ? ਪੈਟਰੋਲੀਅਮ ਮੰਤਰੀ ਹਰਦੀਪ ਸਿੰਘ ਪੁਰੀ ਨੇ ਕੀਤਾ ਸਪੱਸ਼ਟ

**ਨਵੀਂ ਦਿੱਲੀ, 27 ਮਾਰਚ (ਆਵਾਜ਼ਿ ਕੌਮ ਬਿਊਰੋ)**-ਈਰਾਨ-ਇਜ਼ਰਾਈਲ-ਅਮਰੀਕਾ ਯੁੱਧ ਕਾਰਨ ਦੇਸ਼ ਅਤੇ ਵਿਸ਼ਵ ਪੱਧਰ 'ਤੇ ਬਣੀ ਅਨਿਸ਼ਚਿਤ ਸਥਿਤੀ ਦੇ ਵਿਚਕਾਰ, ਭਾਰਤ ਸਰਕਾਰ ਨੇ ਇਸ ਸਥਿਤੀ ਬਾਰੇ ਇੱਕ ਵੱਡਾ ਬਿਆਨ ਜਾਰੀ ਕੀਤਾ ਹੈ। ਕੇਂਦਰੀ ਪੈਟਰੋਲੀਅਮ ਮੰਤਰੀ ਹਰਦੀਪ ਸਿੰਘ ਪੁਰੀ ਨੇ ਸਪੱਸ਼ਟ ਕੀਤਾ ਹੈ ਕਿ ਦੇਸ਼ ਵਿਆਪੀ ਤਾਲਾਬੰਦੀ ਲਗਾਉਣ ਦੀ ਕੋਈ ਯੋਜਨਾ ਨਹੀਂ ਹੈ ਅਤੇ ਅਜਿਹੀਆਂ ਸਾਰੀਆਂ ਰਿਪੋਰਟਾਂ ਪੂਰੀ ਤਰ੍ਹਾਂ ਅਫਵਾਹਾਂ ਹਨ। ਸਰਕਾਰ ਨੇ ਜਨਤਾ ਨੂੰ ਸ਼ਾਂਤ ਰਹਿਣ ਅਤੇ ਕਿਸੇ ਵੀ ਗਲਤ ਜਾਣਕਾਰੀ 'ਤੇ ਵਿਸ਼ਵਾਸ ਨਾ ਕਰਨ ਦੀ ਅਪੀਲ ਕੀਤੀ ਹੈ।"



ਕੇਂਦਰੀ ਪੈਟਰੋਲੀਅਮ ਮੰਤਰੀ ਹਰਦੀਪ ਸਿੰਘ ਪੁਰੀ ਨੇ ਐਕਸ 'ਤੇ ਸਪੱਸ਼ਟ ਤੌਰ 'ਤੇ ਕਿਹਾ ਹੈ ਕਿ ਦੇਸ਼ ਵਿਆਪੀ ਤਾਲਾਬੰਦੀ ਲਗਾਉਣ ਦੀ ਕੋਈ ਯੋਜਨਾ ਨਹੀਂ ਹੈ। ਅਜਿਹੀਆਂ ਰਿਪੋਰਟਾਂ ਪੂਰੀ ਤਰ੍ਹਾਂ ਝੂਠੀਆਂ ਅਤੇ ਗੁੰਮਰਾਹਕੁੰਨ ਹਨ। ਕੁਝ ਲੋਕ ਜਾਣਬੁੱਝ ਕੇ ਜਨਤਾ ਵਿੱਚ ਡਰ ਅਤੇ ਦਹਿਸ਼ਤ ਪੈਦਾ ਕਰਨ ਲਈ ਅਫਵਾਹਾਂ ਫੈਲਾ ਰਹੇ ਹਨ, ਜੋ ਕਿ ਬਹੁਤ ਹੀ ਗੈਰ-ਜ਼ਿੰਮੇਵਾਰਾਨਾ ਅਤੇ ਨੁਕਸਾਨਦੇਹ ਹੈ। ਮੰਤਰੀ ਨੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਅਜਿਹੀਆਂ ਅਫਵਾਹਾਂ ਨੂੰ ਨਜ਼ਰਅੰਦਾਜ਼ ਕਰਨ ਅਤੇ ਸਿਰਫ਼ ਅਧਿਕਾਰਤ ਜਾਣਕਾਰੀ 'ਤੇ ਭਰੋਸਾ ਕਰਨ। ਇਸ ਸਮੇਂ ਸਾਰਿਆਂ ਲਈ ਸ਼ਾਂਤ, ਚੌਕਸ ਅਤੇ ਜ਼ਿੰਮੇਵਾਰ ਰਹਿਣਾ ਮਹੱਤਵਪੂਰਨ ਹੈ। ਕਿਸੇ ਵੀ ਗਲਤ ਜਾਣਕਾਰੀ ਨੂੰ ਫੈਲਾਉਣ ਤੋਂ ਬਚੋ ਅਤੇ ਸਮਾਜ ਵਿੱਚ ਸਕਾਰਾਤਮਕ ਮਾਹੌਲ ਬਣਾਈ ਰੱਖੋ। ਉਨ੍ਹਾਂ ਟਵੀਟ ਕੀਤਾ ਕਿ ਵਿਸ਼ਵਵਿਆਪੀ ਊਰਜਾ, ਸਪਲਾਈ ਲੜੀ ਅਤੇ ਜ਼ਰੂਰੀ ਵਸਤੂਆਂ ਦੀ ਸਥਿਤੀ ਵਿੱਚ ਉਤਰਾਅ-ਚੜ੍ਹਾਅ ਆ ਰਹੇ ਹਨ। ਸਰਕਾਰ ਇਨ੍ਹਾਂ ਸਾਰੇ ਪਹਿਲੂਆਂ 'ਤੇ ਲਗਾਤਾਰ ਨਜ਼ਰ ਰੱਖ ਰਹੀ ਹੈ। ਕਿਸੇ ਵੀ ਸੰਭਾਵੀ ਸਮੱਸਿਆ ਨੂੰ ਸਮੇਂ ਸਿਰ ਹੱਲ ਕਰਨ ਲਈ ਹਰ ਵੱਡੀ ਅਤੇ ਛੋਟੀ ਗਤੀਵਿਧੀ ਦੀ ਅਸਲ-ਸਮੇਂ ਦੀ ਨਿਗਰਾਨੀ ਕੀਤੀ ਜਾ ਰਹੀ ਹੈ। ਮੰਤਰੀ ਨੇ ਭਰੋਸਾ ਦਿੱਤਾ ਕਿ ਦੇਸ਼ ਵਿੱਚ ਬਾਲਣ, ਬਿਜਲੀ ਅਤੇ ਹੋਰ ਜ਼ਰੂਰੀ ਵਸਤੂਆਂ ਦੀ ਕੋਈ ਕਮੀ ਨਹੀਂ ਹੋਵੇਗੀ। ਇਨ੍ਹਾਂ ਸਾਰੀਆਂ ਜ਼ਰੂਰੀ ਸੇਵਾਵਾਂ ਦੀ ਸਪਲਾਈ ਬਣਾਈ ਰੱਖਣ ਲਈ ਪਹਿਲਾਂ ਹੀ ਪੂਰੀਆਂ ਤਿਆਰੀਆਂ ਕੀਤੀਆਂ ਜਾ ਚੁੱਕੀਆਂ ਹਨ। ਸਰਕਾਰ ਦਾ ਕਹਿਣਾ ਹੈ ਕਿ ਆਮ ਨਾਗਰਿਕਾਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ ਹੈ, ਕਿਉਂਕਿ ਸਾਰੇ ਜ਼ਰੂਰੀ ਸਰੋਤ ਲੋੜੀਂਦੀ ਮਾਤਰਾ ਵਿੱਚ ਉਪਲਬਧ ਹਨ।

## ਬਾਡੀ ਬਿਲਡਰ ਘੁੰਮਣ ਦੇ ਮੌਤ ਮਾਮਲੇ 'ਚ ਸਰਕਾਰ ਵੱਲੋਂ ਨਵੀਂ ਕਮੇਟੀ ਦਾ ਗਠਨ, 15 ਦਿਨਾਂ 'ਚ ਰਿਪੋਰਟ ਸੌਂਪਣ ਦੇ ਹੁਕਮ

**ਅੰਮ੍ਰਿਤਸਰ, 27 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮਸ਼ਹੂਰ ਬਾਡੀ ਬਿਲਡਰ ਵਰਿੰਦਰ ਸਿੰਘ ਘੁੰਮਣ ਦੀ ਫੋਰਟਿਸ ਐਸਕੋਰਟਸ ਹਸਪਤਾਲ ਵਿਚ ਹੋਈ ਮੌਤ ਦਾ ਮਾਮਲਾ ਹੁਣ ਗੰਭੀਰ ਮੋੜ 'ਤੇ ਪਹੁੰਚ ਗਿਆ ਹੈ। ਪਹਿਲੀ ਜਾਂਚ 'ਤੇ ਉੱਠੇ ਸਵਾਲਾਂ ਅਤੇ ਇੰਡੀਅਨ ਮੈਡੀਕਲ ਐਸੋਸੀਏਸ਼ਨ ਦੇ ਤਿੱਖੇ ਵਿਰੋਧ ਤੋਂ ਬਾਅਦ ਪੰਜਾਬ ਸਰਕਾਰ ਨੇ ਆਖ਼ਿਰਕਾਰ ਨਵੀਂ ਹਾਈ-ਪਾਵਰ ਕਮੇਟੀ ਬਣਾ ਕੇ ਆਪਣੀ ਪਹਿਲੀ ਕਾਰਵਾਈ ਨੂੰ ਹੀ ਕਟਹਿਰੇ ਵਿਚ ਖੜ੍ਹਾ ਕਰ ਦਿੱਤਾ ਹੈ। ਸਰਕਾਰ ਨੇ ਨਵੀਂ ਕਮੇਟੀ ਨੂੰ 15 ਦਿਨਾਂ ਅੰਦਰ ਸੱਚ ਸਾਹਮਣੇ ਲਿਆਉਣ ਦੇ ਹੁਕਮ ਦਿੱਤੇ ਹਨ। ਜਾਣਕਾਰੀ ਅਨੁਸਾਰ ਮਸ਼ਹੂਰ ਬਾਡੀ ਬਿਲਡਰ ਘੁੰਮਣ ਦੀ 9 ਅਕਤੂਬਰ 2025 ਨੂੰ ਹੋਈ ਮੌਤ ਤੋਂ ਬਾਅਦ ਬਣੀ ਪਹਿਲੀ ਜਾਂਚ ਕਮੇਟੀ ਪਹਿਲੇ ਦਿਨ ਤੋਂ ਹੀ ਵਿਵਾਦਾਂ ਵਿਚ ਰਹੀ। ਕਮੇਟੀ ਵੱਲੋਂ ਫੋਰਟਿਸ ਹਸਪਤਾਲ ਦੇ ਚਾਰ ਡਾਕਟਰਾਂ 'ਤੇ ਮਾਮਲਾ ਦਰਜ ਕਰ ਲਿਆ ਗਿਆ ਸੀ। ਇੰਡੀਅਨ ਮੈਡੀਕਲ ਐਸੋਸੀਏਸ਼ਨ ਨੇ ਪੁਲਸ ਪ੍ਰਸ਼ਾਸਨ ਵੱਲੋਂ ਦਰਜ ਕੀਤੇ ਗਏ ਮੁਕੱਦਮੇ 'ਤੇ ਇਤਰਾਜ਼ ਪ੍ਰਗਟ ਕੀਤਾ ਸੀ ਅਤੇ ਸਪੱਸ਼ਟ ਕੀਤਾ ਸੀ ਕਿ ਕਮੇਟੀ ਵਿਚ ਨਾ ਤਾਂ ਸਾਰੇ ਸਬੰਧਤ ਵਿਭਾਗਾਂ ਦੀ ਨੁਮਾਇੰਦਗੀ ਸੀ ਅਤੇ ਨਾ ਹੀ ਐਸੋਸੀਏਸ਼ਨ ਦੇ ਕਿਸੇ ਮੈਂਬਰ ਨੂੰ ਸ਼ਾਮਲ ਕੀਤਾ ਗਿਆ ਸੀ। ਇਸ ਨੂੰ ਲੈ ਕੇ ਮੈਡੀਕਲ ਭਾਈਚਾਰੇ ਵਿਚ ਭਾਰੀ ਰੋਸ ਪੈਦਾ ਹੋਇਆ। ਇੰਡੀਅਨ ਮੈਡੀਕਲ ਐਸੋਸੀਏਸ਼ਨ ਸੂਬਾ ਪ੍ਰਧਾਨ ਡਾ. ਆਰ. ਐੱਸ. ਸੇਠੀ ਨੇ ਖੁੱਲ੍ਹ ਕੇ ਕਿਹਾ ਕਿ ਇਹ ਜਾਂਚ 'ਇਕ ਪੱਖੀ ਅਤੇ ਨਿਯਮਾਂ ਦੇ ਉਲਟ' ਸੀ। ਉਨ੍ਹਾਂ ਦੇ ਇਸ ਬਿਆਨ ਨੇ ਸਰਕਾਰ ਦੀ ਕਾਰਗੁਜ਼ਾਰੀ 'ਤੇ ਵੱਡਾ ਪ੍ਰਸ਼ਨ ਚਿੰਨ੍ਹ ਲਾ ਦਿੱਤਾ। ਉਧਰ ਦੂਸਰੇ ਪਾਸੇ ਮ੍ਰਿਤਕ ਘੁੰਮਣ ਦੇ ਪਰਿਵਾਰ ਵੱਲੋਂ ਵੀ ਹਸਪਤਾਲ ਪ੍ਰਸ਼ਾਸਨ 'ਤੇ ਗੰਭੀਰ ਦੋਸ਼ ਲਗਾਏ ਗਏ ਸਨ। ਇੰਡੀਅਨ ਮੈਡੀਕਲ ਐਸੋਸੀਏਸ਼ਨ ਦੇ ਵਧ ਰਹੇ ਦਬਾਅ ਅਤੇ ਸਵਾਲਾਂ ਦੇ ਘੇਰੇ ਵਿਚ ਆਉਣ ਤੋਂ ਬਾਅਦ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਨੇ ਤੁਰੰਤ ਪ੍ਰਭਾਵ ਨਾਲ ਨਵੀਂ ਜਾਂਚ ਕਮੇਟੀ ਬਣਾਉਣ ਦਾ ਐਲਾਨ ਕੀਤਾ। ਜਾਰੀ ਹੁਕਮਾਂ ਅਨੁਸਾਰ, ਇਸ ਕਮੇਟੀ ਵਿਚ ਵੱਖ-ਵੱਖ ਖੇਤਰਾਂ ਦੇ ਸੀਨੀਅਰ ਮਾਹਿਰਾਂ ਨੂੰ ਸ਼ਾਮਲ ਕੀਤਾ ਗਿਆ ਹੈ, ਜਿਵੇਂ ਕਿ ਮੈਡੀਕਲ ਐਜੂਕੇਸ਼ਨ ਅਤੇ ਰਿਸਰਚ ਦੇ ਅਧਿਕਾਰੀ, ਫੋਰੈਂਸਿਕ ਮਾਹਿਰ, ਮੈਡਿਸਨ ਅਤੇ ਸਰਜਰੀ ਦੇ ਤਜਰਬੇਕਾਰ ਡਾਕਟਰ, ਹਸਪਤਾਲ ਪ੍ਰਬੰਧਨ ਨਾਲ ਜੁੜੇ ਵਿਸ਼ੇਸ਼ਗਿਆਨ ਅਤੇ ਇੰਡੀਅਨ ਮੈਡੀਕਲ ਐਸੋਸੀਏਸ਼ਨ ਦਾ ਨੁਮਾਇੰਦਾ। ਇਹ ਵੀ ਸਾਫ਼ ਕੀਤਾ ਗਿਆ ਹੈ ਕਿ ਕਮੇਟੀ ਪੂਰੇ ਮਾਮਲੇ ਦੀ ਜੜ੍ਹ ਤੱਕ ਜਾ ਕੇ ਜਾਂਚ ਕਰੇਗੀ। ਸਰਕਾਰ ਨੇ ਕਮੇਟੀ ਨੂੰ ਸਿਰਫ 15 ਦਿਨਾਂ ਦਾ ਸਮਾਂ ਦਿੱਤਾ ਹੈ। ਇਸ ਛੋਟੀ ਡੈਡਲਾਈਨ 'ਤੇ ਵੀ ਸਵਾਲ ਖੜ੍ਹੇ ਹੋ ਰਹੇ ਹਨ। ਇਸ ਤਰ੍ਹਾਂ ਦੇ ਸੰਵੇਦਨਸ਼ੀਲ ਅਤੇ ਤਕਨੀਕੀ ਮਾਮਲੇ ਵਿਚ ਗਹਿਰਾਈ ਨਾਲ ਜਾਂਚ ਕਰਨ ਲਈ ਵਧੇਰੇ ਸਮੇਂ ਦੀ ਲੋੜ ਹੁੰਦੀ ਹੈ। ਪਰ ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਦੇਰੀ ਹੁਣ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਜ਼ਿੰਮੇਵਾਰਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਸਿਹਤ ਵਿਭਾਗ ਵੱਲੋਂ ਬਣਾਈ ਗਈ ਕਮੇਟੀ ਨੂੰ ਖਾਸ ਤੌਰ 'ਤੇ ਹੇਠ ਲਿਖੇ ਮੁੱਦਿਆਂ ਦੀ ਜਾਂਚ ਕਰਨ ਲਈ ਕਿਹਾ ਗਿਆ ਹੈ। ਇਲਾਜ ਦੀ ਪ੍ਰਕਿਰਿਆ ਵਿਚ ਕਿਹੜੇ ਕਦਮ ਲਏ ਗਏ, ਕੀ ਸਟੈਂਡਰਡ ਪ੍ਰੋਟੋਕੋਲ ਦੀ ਪਾਲਣਾ ਹੋਈ, ਕੀ ਕਿਸੇ ਤਰ੍ਹਾਂ ਦੀ ਲਾਪ੍ਰਵਾਹੀ ਜਾਂ ਦੇਰੀ ਹੋਈ, ਮਰੀਜ਼ ਨੂੰ ਦਿੱਤੀਆਂ ਗਈਆਂ ਸਹੂਲਤਾਂ ਦੀ ਹਕੀਕਤ; ਜੇਕਰ ਕੋਈ ਗੜਬੜ ਸਾਹਮਣੇ ਆਉਂਦੀ ਹੈ, ਤਾਂ ਸਬੰਧਤ ਅਧਿਕਾਰੀਆਂ ਅਤੇ ਡਾਕਟਰਾਂ 'ਤੇ ਕਾਰਵਾਈ ਕੀਤੀ ਜਾਵੇਗੀ।



## 5 ਕਰੋੜ ਦੀ ਗੱਲ 'ਤੇ ਅਦਾਕਾਰ ਗੁਰਪ੍ਰੀਤ ਘੁੱਗੀ ਨੇ ਤੋੜੀ ਚੁੱਪੀ, ਦੱਸੀ ਹਰ ਇੱਕ ਗੱਲ

**ਚੰਡੀਗੜ੍ਹ, 27 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਅਦਾਕਾਰ ਅਤੇ ਕਾਮੇਡੀਅਨ ਗੁਰਪ੍ਰੀਤ ਘੁੱਗੀ ਨੇ ਉਨ੍ਹਾਂ ਤੇ ਲੱਗ ਰਹੇ ਗੰਭੀਰ ਇਲਜ਼ਾਮਾਂ ਦਾ ਜਨਤਕ ਤੌਰ 'ਤੇ ਜਵਾਬ ਦਿੱਤਾ ਹੈ, ਅਤੇ ਉਨ੍ਹਾਂ ਨੂੰ ਕੁਝ ਵਿਅਕਤੀਆਂ ਦੁਆਰਾ ਜਾਣਬੁੱਝ ਕੇ ਕੂੜ ਪ੍ਰਚਾਰ ਕਰਨ ਦੀ ਗੱਲ ਆਖੀ ਅਤੇ ਸਾਰੇ ਇਲਜ਼ਾਮਾਂ ਨੂੰ ਖਾਰਜ ਕੀਤਾ। ਦੱਸ ਦਈਏ ਕਿ ਕੈਨੇਡਾ ਦੇ ਇੱਕ ਯੂਟਿਊਬਰ ਨੇ ਘੁੱਗੀ 'ਤੇ ਇਲਜ਼ਾਮ ਲਗਾਏ ਕਿ ਉਸਨੇ ਇੱਕ ਅਦਾਕਾਰਾ ਨੂੰ 5 ਕਰੋੜ ਰੁਪਏ ਦਿੱਤੇ ਸਨ ਜਿਸ ਨਾਲ ਉਸਦਾ ਕਥਿਤ ਤੌਰ 'ਤੇ ਸਬੰਧ ਸੀ, ਅਤੇ ਉਹ ਗਰਭਵਤੀ ਵੀ ਹੋ ਗਈ ਸੀ। ਹਾਲਾਂਕਿ ਆਪਣੇ ਸ਼ੋਸਲ ਮੀਡੀਆ ਅਕਾਉਂਟ 'ਤੇ ਲਾਈਵ ਹੋ ਕੇ ਘੁੱਗੀ ਨੇ ਇਨ੍ਹਾਂ ਦਾਅਵਿਆਂ ਨੂੰ ਸਪੱਸ਼ਟ ਤੌਰ 'ਤੇ ਨਕਾਰਿਆ ਹੈ। ਅਦਾਕਾਰ ਗੁਰਪ੍ਰੀਤ ਘੁੱਗੀ ਨੇ ਕਿਹਾ ਕਿ ਉਨ੍ਹਾਂ ਦੀ 35 ਤੋਂ 40 ਸਾਲਾਂ ਦੀ ਪੂਰੀ ਜ਼ਿੰਦਗੀ ਸਖ਼ਤ ਮਿਹਨਤ 'ਤੇ ਟਿਕੀ ਹੋਈ ਹੈ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਉਹ ਨਾ ਤਾਂ ਡਰਦੇ ਹਨ ਅਤੇ ਨਾ ਹੀ ਅਜਿਹੀਆਂ ਦਬਾਅ ਦੀਆਂ ਚਾਲਾਂ ਅੱਗੇ ਝੁਕਦੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਵਿਵਾਦ ਦੇ ਨਤੀਜੇ ਵਜੋਂ ਉਕਤ ਲੜਕੀ ਨੂੰ ਵੀ ਮਾਨਸਿਕ ਸਦਮਾ ਸਹਿਣਾ ਪਿਆ। ਇਸ ਤੋਂ ਇਲਾਵਾ ਉਨ੍ਹਾਂ ਨੇ ਕਿਹਾ ਕਿ ਇਸ ਸਬੰਧ 'ਚ ਉਨ੍ਹਾਂ ਨੇ ਸਾਈਬਰ ਕ੍ਰਾਈਮ 'ਤੇ ਸ਼ਿਕਾਇਤ ਕੀਤੀ ਹੈ। ਇਸ ਤੋਂ ਇਲਾਵਾ ਜੇਕਰ ਇਹ ਮਾਮਲੇ ਹੋਰ ਵੀ ਜਿਆਦਾ ਵਧਦੇਗਾ ਤਾਂ ਉਹ ਕੋਰਟ ਦਾ ਵੀ ਰੁਖ ਕਰਨਗੇ। ਅਦਾਕਾਰ ਗੁਰਪ੍ਰੀਤ ਘੁੱਗੀ ਦਾ ਸਾਫ ਤੌਰ 'ਤੇ ਕਹਿਣਾ ਹੈ ਕਿ ਉਹ ਚੜ੍ਹਦੀ ਕਲਾ 'ਚ ਹਨ। ਉਨ੍ਹਾਂ ਦੇ ਖਿਲਾਫ ਕੋਈ ਕੀ ਕਹਿ ਰਿਹਾ ਹੈ ਅਤੇ ਕੀ ਫੈਲਾ ਰਿਹਾ ਹੈ ਉਨ੍ਹਾਂ ਨੂੰ ਇਸ ਤੋਂ ਬਿਲਕੁੱਲ ਵੀ ਫਰਕ ਨਹੀਂ ਪੈ ਰਿਹਾ ਹੈ। ਲੋਕ ਉਨ੍ਹਾਂ ਦੇ ਸਹਾਰੇ ਚਰਚਾ 'ਚ ਆ ਗਏ ਹਨ। ਉਨ੍ਹਾਂ ਦੇ ਚਾਹਵਾਨਾਂ ਨੂੰ ਪਤਾ ਹੈ ਉਹ ਕਿਵੇਂ ਦੇ ਹਨ। ਇਸ ਤੋਂ ਇਲਾਵਾ ਉਨ੍ਹਾਂ ਨੇ ਮੀਡੀਆ ਅਦਾਰਿਆਂ ਨੂੰ ਵੀ ਕਿਹਾ ਕਿ ਉਹ ਮੀਡੀਆ ਅਦਾਰਿਆਂ ਦੇ ਸ਼ੁਕਰ ਗੁਜਾਰ ਵੀ ਹਨ ਜਿਨ੍ਹਾਂ ਨੇ ਇਸ ਮਾਮਲੇ ਨੂੰ ਬਿਲਕੁੱਲ ਵੀ ਹਵਾ ਨਹੀਂ ਦਿੱਤੀ ਅਤੇ ਉਨ੍ਹਾਂ ਨੇ ਸਿੱਧਾ ਉਨ੍ਹਾਂ ਦੇ ਨਾਲ ਸੰਪਰਕ ਕੀਤਾ।



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਮਹਾਨ ਨਗਰ ਕੀਰਤਨ ਐਤਵਾਰ 29 ਮਾਰਚ ਨੂੰ

ਨਗਰ ਕੀਰਤਨ ਦਾ ਸਮਾਂ : 12 ਵਜੇ ਅਰੰਭਤਾ ਅਤੇ 5 ਵਜੇ ਸਮਾਪਤੀ ਹੋਵੇਗੀ।
ਹੋਲੇ ਮਹੱਲੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

ਸ਼ਨਿੱਚਰਵਾਰ 28 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

ਐਤਵਾਰ 29 ਮਾਰਚ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ।

ਢਾਡੀ ਜਥਾ, ਰਾਗੀ ਜਥਾ , ਕਥਾ ਵਾਚਕ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਤਰਾਂ-ਤਰਾਂ ਸਟਾਲ ਵੀ ਲੱਗਣਗੇ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰੀ ਕਰਨਾ ਜੀ
☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾਂ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ੴ ਸਤਿਗੁਰ ਪ੍ਰਸਾਦਿ

ਗੁਰਮੁਖਿ ਜਨਮ ਸਵਾਰ ਦਰਗਹਿ ਚਲਿਆ। ਸਚੀ ਦਰਗਹ ਜਾਇ ਸਚਾ ਪਿੜ ਮਲਿਆ॥

# ਪਹਿਲੀ ਬਰਸੀ ਦਾ ਸਮਾਗਮ

# First Barsi (First Anniversary Memorial Service)



## ਸਵ. ਬੀਬੀ ਹਰਪ੍ਰੀਤ ਕੌਰ ਬੱਲ

## Sardani Harpreet Kaur Bal

ਪੰਥਕ ਹਲਕਿਆਂ ਵਿੱਚ ਜਾਣੀ-ਪਹਿਚਾਣੀ ਸ਼ਖਸ਼ੀਅਤ ਅਤੇ Sikh Federation (UK) ਦੇ ਪ੍ਰਧਾਨ ਭਾਈ ਪਰਮਿੰਦਰ ਸਿੰਘ ਬਲ ਜੀ ਦੀ ਸਿੰਘਣੀ ਬੀਬੀ ਹਰਪ੍ਰੀਤ ਕੌਰ ਬੱਲ ਜੀ, ਜੋ ਪਿਛਲੇ ਸਾਲ ਸਦੀਵੀ ਵਿਛੋੜਾ ਦੇ ਗਏ ਸਨ, ਉਹਨਾਂ ਦੀ ਪਵਿੱਤਰ ਯਾਦ ਵਿੱਚ ਪਹਿਲੀ ਬਰਸੀ ਦਾ ਸਮਾਗਮ ਮਨਾਇਆ ਜਾ ਰਿਹਾ ਹੈ।

**ਤਾਰੀਖ: 5 ਅਪ੍ਰੈਲ 2026 (ਦਿਨ ਐਤਵਾਰ)**

**ਸਮਾਂ: ਦੁਪਹਿਰ 12:00 ਵਜੇ ਤੋਂ 2:00 ਵਜੇ ਤੱਕ**

ਸਥਾਨ: Gurdwara Sri Guru Singh Sabha, Park Avenue, Southall.
(ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਪਾਰਕ ਐਵਨਿਊ, ਸਾਊਥਾਲ)

•ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ •ਗੁਰਬਾਣੀ ਕੀਰਤਨ •ਅਰਦਾਸ

**• ਸਮਾਗਮ ਉਪਰੰਤ ਗੁਰੂ ਕੇ ਲੰਗਰ ਅਤੁੱਟ ਵਰਤਣਗੇ**

ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਪਰਿਵਾਰ ਸਮੇਤ ਹਾਜ਼ਰੀ ਭਰ ਕੇ ਬੀਬੀ ਹਰਪ੍ਰੀਤ ਕੌਰ ਜੀ ਦੀ ਪਵਿੱਤਰ ਯਾਦ ਵਿੱਚ ਹੋ ਰਹੇ ਅਰਦਾਸ ਸਮਾਗਮ ਵਿੱਚ ਸ਼ਾਮਲ ਹੋ ਕੇ ਅਸੀਸਾਂ ਦੇ ਭਾਗੀ ਬਣੋ ਜੀ।

**ਬੇਨਤੀ ਕਰਤਾ:**

**ਹਰਮੀਤ ਸਿੰਘ ਬੱਲ, ਜਗਜੀਤ ਕੌਰ ਬੱਲ, ਭਵਨਪ੍ਰੀਤ ਕੌਰ ਸੰਧੂ**

By the Grace of the True Guru
First Barsi (First Anniversary Memorial Service)
In loving memory of our beloved mother
Sardani Harpreet Kaur Bal
We humbly invite you to join us for a memorial service in her cherished memory.

**Sunday, 5th April 2026, 12:00 noon – 2:00 pm**

**Programme:**
* Sri Sukhmani Sahib Path, * Gurbani Kirtan * Ardas
* Followed by Guru Ka Langar

Venue : Gurdwara Sri Guru Singh Sabha, Park Avenue, Southall, Middlesex

Your presence with family and friends will be deeply appreciated as we gather to remember and honour her life.

**With humble request from:**
Harmeet Singh Bal, Jagjeet Kaur Bal, Bhavanpreet Kaur Sandhu

**Contact: +44 7771 608363**


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ — ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ — Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ






**ਨਵੋਦਿਆ ਵਿਦਿਆਲਾ ਦੀਆਂ 28% ਸੀਟਾਂ 'ਤੇ ਐਚਐਮਈਐਲ ਸਮਰਥਿਤ ਦੋ ਸਕੂਲਾਂ ਦੇ 22 ਵਿਦਿਆਰਥੀਆਂ ਦਾ ਰਿਕਾਰਡ ਪ੍ਰਦਰਸ਼ਨ**

# ਗਿਆਨਾ ਅਤੇ ਕੋਟਬਖਤੂ ਪ੍ਰਾਇਮਰੀ ਸਕੂਲਾਂ ਤੋਂ 11-11 ਬੱਚਿਆਂ ਨੇ ਪਾਸ ਕੀਤੀ ਪ੍ਰਤੀਯੋਗੀ ਪ੍ਰੀਖਿਆ

ਤਲਵੰਡੀ ਸਾਬੋ, 27 ਮਾਰਚ (ਗੁਰਜੰਟ ਸਿੰਘ ਨਥੇਹਾ)- ਸਿੱਖਿਆ ਲਈ ਅਨੁਕੂਲ ਮਾਹੌਲ, ਪ੍ਰਚੁਰ ਸੰਸਾਧਨ ਅਤੇ ਸਹੀ ਮਾਰਗਦਰਸ਼ਨ ਮਿਲਣ 'ਤੇ ਪਿੰਡਾਂ ਦੇ ਬੱਚੇ ਵੀ ਅਸਾਧਾਰਣ ਸਫਲਤਾ ਹਾਸਲ ਕਰ ਸਕਦੇ ਹਨ। ਇਸਦਾ ਸ਼ਾਨਦਾਰ ਉਦਾਹਰਨ ਤਲਵੰਡੀ ਸਾਬੋ ਅਤੇ ਸੰਗਤ ਬਲਾਕ ਦੇ 2 ਸਰਕਾਰੀ ਪ੍ਰਾਇਮਰੀ ਸਕੂਲ ਕੋਟਬਖਤੂ ਅਤੇ ਗਿਆਨਾ ਵਿੱਚ ਵੇਖਣ

**ਪਿਛਲੇ ਸਾਲ ਵੀ ਤਲਵੰਡੀ ਸਾਬੋ ਬਲਾਕ ਤੋਂ ਸਭ ਤੋਂ ਵੱਧ 28 ਵਿਦਿਆਰਥੀਆਂ ਦਾ ਹੋਇਆ ਸੀ ਚੋਣ**

ਨੂੰ ਮਿਲਿਆ ਹੈ। ਨਵੋਦਿਆ ਵਿਦਿਆਲਾ ਦੀਆਂ ਕੁੱਲ 80 ਸੀਟਾਂ ਵਿੱਚੋਂ 28 ਪ੍ਰਤੀਸ਼ਤ ਸੀਟਾਂ 'ਤੇ ਇਨ੍ਹਾਂ ਦੋ ਸਕੂਲਾਂ ਦੇ 22 ਵਿਦਿਆਰਥੀਆਂ ਦੀ ਚੋਣ ਹੋਈ ਹੈ, ਜੋ ਇੱਕ ਮਹੱਤਵਪੂਰਨ ਰਿਕਾਰਡ ਹੈ। ਖਾਸ ਗੱਲ ਇਹ ਹੈ ਕਿ ਇਹ ਦੋਵੇਂ ਸਕੂਲ ਐਚਐਮਈਐਲ ਗੁਰੂ ਗੋਬਿੰਦ ਸਿੰਘ ਰਿਫਾਇਨਰੀ

ਆਵਾਜ਼ਿ ਕੌਮ AWAZE QAUM International Newspaper & WEB TV

ਵੱਲੋਂ ਸਮਰਥਿਤ ਹਨ, ਜਿੱਥੇ ਵਿਦਿਆਰਥੀਆਂ ਨੂੰ ਨਵੋਦਿਆ ਵਿਦਿਆਲਾ ਦਾਖਲਾ ਪ੍ਰੀਖਿਆ ਦੀ ਤਿਆਰੀ ਲਈ ਰੀਜ਼ਨਿੰਗ ਸਟਡੀ ਵਾਸਤੇ ਸਮਾਰਟ ਪੈਨਲ, ਸਟੇਸ਼ਨਰੀ ਅਤੇ ਹੋਰ ਜ਼ਰੂਰੀ ਸਹੂਲਤਾਂ ਪ੍ਰਦਾਨ ਕੀਤੀਆਂ ਜਾਂਦੀਆਂ ਹਨ। ਇਨ੍ਹਾਂ ਸੰਸਾਧਨਾਂ ਅਤੇ ਅਧਿਆਪਕਾਂ ਦੀ ਮਿਹਨਤ ਦਾ ਨਤੀਜਾ ਇਹ ਰਿਹਾ ਕਿ ਆਮ ਅਤੇ ਪਿੰਡੂ ਪਿਛੋਕੜ ਤੋਂ ਆਉਣ ਵਾਲੇ ਵਿਦਿਆਰਥੀਆਂ ਨੇ ਪ੍ਰਤੀਯੋਗੀ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਨਵੋਦਿਆ ਵਿਦਿਆਲਾ ਵਿੱਚ ਆਪਣੀ ਜਗ੍ਹਾ ਬਣਾਈ।






ਜ਼ਿਕਰਯੋਗ ਹੈ ਕਿ ਪਿਛਲੇ ਸਾਲ ਵੀ ਤਲਵੰਡੀ ਸਾਬੋ ਬਲਾਕ ਤੋਂ ਜ਼ਿਲ੍ਹੇ ਵਿੱਚ ਸਭ ਤੋਂ ਵੱਧ 28 ਵਿਦਿਆਰਥੀਆਂ ਦੀ ਚੋਣ ਹੋਈ ਸੀ, ਜਦਕਿ ਇਸ ਸਾਲ ਕੇਵਲ ਦੋ ਸਕੂਲਾਂ ਤੋਂ ਹੀ 22 ਵਿਦਿਆਰਥੀਆਂ ਦੀ ਚੋਣ ਇੱਕ ਵੱਡੀ ਉਪਲਬਧੀ ਹੈ। ਇਸ ਤੋਂ ਇਲਾਵਾ ਐਚਐਮਈਐਲ ਸਮਰਥਿਤ ਹੋਰ ਪ੍ਰਾਇਮਰੀ ਸਕੂਲਾਂ ਵਿੱਚ ਸੀਂਗੋ ਤੋਂ 3, ਮਲਕਾਣਾ ਤੋਂ 2 ਅਤੇ ਨਥੇਹਾ, ਪੱਕਾ ਕਲਾਂ, ਸੇਖੂ, ਤਰਖਾਣਵਾਲਾ ਅਤੇ ਚੱਕ ਰੁਲਦੂ ਸਿੰਘ ਤੋਂ ਇੱਕ-ਇੱਕ ਵਿਦਿਆਰਥੀ ਦੀ ਚੋਣ ਨਵੋਦਿਆ ਵਿਦਿਆਲਾ ਲਈ ਹੋਈ ਹੈ। ਕੋਟਬਖਤੂ ਵਿੱਚ ਦੋਗੁਣੀ ਸਫਲਤਾ, ਗਿਆਨਾ ਵਿੱਚ 8 ਸਾਲਾਂ ਤੋਂ ਲਗਾਤਾਰ ਉਪਲਬਧੀ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦਾ ਸਤਰ ਮਜ਼ਬੂਤ ਕਰਨ ਲਈ ਐਚਐਮਈਐਲ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਪ੍ਰਾਇਮਰੀ ਪੱਧਰ ਤੋਂ ਹੀ ਵਿਦਿਆਰਥੀਆਂ ਨੂੰ ਪ੍ਰਤੀਯੋਗੀ ਪ੍ਰੀਖਿਆਵਾਂ ਦੇ ਅਨੁਕੂਲ ਮਾਹੌਲ ਦੇਣ ਲਈ ਲਾਇਬ੍ਰੇਰੀ, ਸਟੇਸ਼ਨਰੀ, ਸਮਾਰਟ ਪੈਨਲ, ਇਨਵਰਟਰ ਅਤੇ ਫਰਨੀਚਰ ਵਰਗੀਆਂ ਸਹੂਲਤਾਂ ਦਿੱਤੀਆਂ ਗਈਆਂ ਹਨ। ਇਸ ਨਾਲ ਅਧਿਆਪਕਾਂ ਦਾ ਮਨੋਬਲ ਵਧਿਆ ਅਤੇ ਉਹਨਾਂ ਨੇ ਵਾਧੂ ਕਲਾਸਾਂ ਲਗਾ ਕੇ ਆਧੁਨਿਕ ਤਕਨੀਕ ਰਾਹੀਂ ਵਿਦਿਆਰਥੀਆਂ ਨੂੰ ਬਿਹਤਰ ਤਿਆਰ ਕੀਤਾ। ਕੋਟਬਖਤੂ ਸਕੂਲ ਵਿੱਚ 2023 ਵਿੱਚ 6 ਅਤੇ 2024 ਵਿੱਚ 7 ਵਿਦਿਆਰਥੀਆਂ ਦੀ ਚੋਣ ਦੇ ਮੁਕਾਬਲੇ 2025-26 ਵਿੱਚ 11 ਵਿਦਿਆਰਥੀਆਂ ਦੀ ਚੋਣ ਹੋਈ ਹੈ, ਜੋ ਲਗਭਗ ਦੋਗੁਣੀ ਵਾਧਾ ਦਰਸਾਉਂਦੀ ਹੈ। ਦੂਜੇ ਪਾਸੇ ਗਿਆਨਾ ਪ੍ਰਾਇਮਰੀ ਸਕੂਲ ਪਿਛਲੇ 8 ਸਾਲਾਂ ਤੋਂ ਲਗਾਤਾਰ ਵਿਦਿਆਰਥੀਆਂ ਨੂੰ ਨਵੋਦਿਆ ਵਿਦਿਆਲਾ ਵਿੱਚ ਆਪਣੀ ਜਗ੍ਹਾ ਬਣਾ ਰਿਹਾ ਹੈ। ਹੁਣ ਤੱਕ ਇਸ ਦੇ 50 ਤੋਂ ਵੱਧ ਵਿਦਿਆਰਥੀ ਨਵੋਦਿਆ ਵਿਦਿਆਲਾ ਵਿੱਚ ਦਾਖਲਾ ਲੈ ਚੁੱਕੇ ਹਨ। ਇਸ ਸਫਲਤਾ ਦੀ ਸ਼ੁਰੂਆਤ 2018 ਵਿੱਚ 2 ਵਿਦਿਆਰਥੀਆਂ ਦੀ ਚੋਣ ਨਾਲ ਹੋਈ ਸੀ, ਜਿਸ ਤੋਂ ਬਾਅਦ ਹਰ ਸਾਲ ਇਹ ਗਿਣਤੀ ਵਧਦੀ ਗਈ। ਪਿਛਲੇ ਸਾਲ ਵੀ ਤਲਵੰਡੀ ਸਾਬੋ ਬਲਾਕ ਰਿਹਾ ਸੀ ਅੱਗੇ ਸਾਲ 2024-25 ਵਿੱਚ ਨਵੋਦਿਆ ਵਿਦਿਆਲਾ ਦੀ ਪ੍ਰਤੀਯੋਗੀ ਪ੍ਰੀਖਿਆ ਵਿੱਚ ਜ਼ਿਲ੍ਹੇ ਦੇ ਕੁੱਲ 80 ਵਿਦਿਆਰਥੀਆਂ ਦੀ ਚੋਣ ਹੋਈ ਸੀ, ਜਿਸ ਵਿੱਚੋਂ ਸਭ ਤੋਂ ਵੱਧ 28 ਵਿਦਿਆਰਥੀ ਤਲਵੰਡੀ ਸਾਬੋ ਬਲਾਕ ਤੋਂ ਸਨ। ਇਸ ਤੋਂ ਬਾਅਦ ਰਾਮਪੁਰਾ ਤੋਂ 11, ਸੰਗਤ ਤੋਂ 9, ਮੌੜ ਤੋਂ 8, ਗੋਨਿਆਣਾ ਤੋਂ 7, ਬਠਿੰਡਾ ਤੋਂ 10 ਅਤੇ ਭਗਤਾ ਭਾਈਕਾ ਬਲਾਕ ਤੋਂ 7 ਵਿਦਿਆਰਥੀਆਂ ਨੇ ਸਫਲਤਾ ਹਾਸਲ ਕੀਤੀ ਸੀ।

ਸ਼ਹੀਦਾਂ ਦੀ ਕੁਰਬਾਨੀ ਸਾਡੀ ਤਾਕਤ ਹੈ ਅਤੇ ਪੰਥ ਦੀ ਸੇਵਾ ਲਈ ਹਰ ਕਦਮ ਸਮਰਪਿਤ ਰਹੇਗਾ : ਬਾਪੂ ਤਰਸੇਮ ਸਿੰਘ

# ਬਾਈ ਦੀਪ ਸਿੱਧੂ ਦੇ ਅਧੂਰੇ ਸੁਪਨਿਆਂ ਨੂੰ ਪੂਰਾ ਕਰਨਾਂ ਹੀ ਸਾਡੀ ਜ਼ਿੰਦਗੀ ਦਾ ਮਕਸਦ : ਮਨਦੀਪ ਸਿੰਘ ਸਿੱਧੂ

**ਅੰਮ੍ਰਿਤਸਰ, 27 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼ਹੀਦ ਭਾਈ ਸੰਦੀਪ ਸਿੰਘ ਸਿੱਧੂ ( ਬਾਈ ਦੀਪ ਸਿੱਧੂ ) ਦੇ ਭਰਾ ਭਾਈ ਮਨਦੀਪ ਸਿੰਘ ਜੀ ਨੂੰ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਸਕੱਤਰ ਜਨਰਲ ਨਿਯੁਕਤ ਕੀਤੇ ਜਾਣ ਉਪਰੰਤ ਅੱਜ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਪਿਤਾ ਬਾਪੂ ਤਰਸੇਮ ਸਿੰਘ ਜੀ ਅਤੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਸਮੇਤ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਵਿਖੇ ਨਤਮਸਤਕ ਹੋਏ। ਉਪਰੰਤ ਪ੍ਰੈਸ ਨੂੰ ਸੰਬੋਧਨ ਕਰਦਿਆਂ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਪਾਰਟੀ ਹਮੇਸ਼ਾਂ ਪੰਥ ਅਤੇ ਪੰਜਾਬ ਦੇ ਹਿੱਤਾਂ ਲਈ ਸੰਘਰਸ਼ ਕਰਦੀ ਆਈ ਹੈ ਅਤੇ ਨਵੀਂ ਜ਼ਿੰਮੇਵਾਰੀ ਸੰਭਾਲਣ ਵਾਲੇ ਆਗੂ ਗੁਰੂ ਸਾਹਿਬ ਦੀ ਹਜ਼ੂਰੀ ਵਿੱਚ ਅਸ਼ੀਰਵਾਦ ਲੈ ਕੇ ਆਪਣੀ ਸੇਵਾ ਦੀ ਸ਼ੁਰੂਆਤ ਕਰ ਰਹੇ ਹਨ, ਜੋ ਕਿ ਇਕ ਸ਼ੁਭ ਸੰਕੇਤ ਹੈ। ਉਨ੍ਹਾਂ ਕਿਹਾ ਕਿ ਭਾਈ ਮਨਦੀਪ ਸਿੰਘ ਸਿੱਧੂ ਨੂੰ ਮਿਲੀ ਇਹ ਜ਼ਿੰਮੇਵਾਰੀ ਪੰਥਕ ਲਹਿਰ ਨੂੰ ਹੋਰ ਮਜ਼ਬੂਤ ਕਰੇਗੀ ਅਤੇ ਨੌਜਵਾਨਾਂ ਵਿੱਚ ਨਵਾਂ ਜੋਸ਼ ਭਰੇਗੀ। ਭਾਈ ਮਨਦੀਪ ਸਿੰਘ ਸਿੱਧੂ ਨੇ ਇਸ ਮੌਕੇ ਗੱਲ ਕਰਦਿਆਂ ਕਿਹਾ ਕਿ ਉਹ ਸ਼ਹੀਦ ਭਾਈ ਦੀਪ ਸਿੱਧੂ ਦੇ ਸੁਪਨਿਆਂ ਅਤੇ ਸੰਘਰਸ਼ ਨੂੰ ਅੱਗੇ ਵਧਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਗੁਰੂ ਘਰ ਵਿੱਚ ਨਤਮਸਤਕ ਹੋ ਕੇ ਉਨ੍ਹਾਂ ਨੇ ਪੰਥ ਅਤੇ ਪੰਜਾਬ ਦੀ ਸੇਵਾ ਲਈ ਅਰਦਾਸ ਕੀਤੀ ਹੈ ਅਤੇ ਪਾਰਟੀ ਵੱਲੋਂ ਦਿੱਤੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਨਾਲ ਨਿਭਾਉਣਗੇ। ਇਸ ਦੌਰੇ ਦੌਰਾਨ ਸੰਗਤਾਂ ਨਾਲ ਵੀ ਮੁਲਾਕਾਤ ਕੀਤੀ ਗਈ ਅਤੇ ਪੰਥਕ ਮੁੱਦਿਆਂ ਬਾਰੇ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਅਤੇ ਭਾਈ ਮਨਦੀਪ ਸਿੰਘ ਤੋਂ ਇਲਾਵਾ ਸੀਨੀਅਰ ਲੀਡਰਸ਼ਿਪ ਵਿੱਚੋਂ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਪਰਮਜੀਤ ਸਿੰਘ ਜੌਹਲ, ਐਡਵੋਕੇਟ ਇਮਾਨ ਸਿੰਘ ਖ਼ਾਰਾ, ਸਰਬਜੀਤ ਸਿੰਘ ਖ਼ਾਨਪੁਰ, ਐਡਵੋਕੇਟ ਅਜੇਪਾਲ ਸਿੰਘ ਢਿਲੋਂ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਕਰਨਵੀਰ ਸਿੰਘ, ਸ੍ਰੀ ਗੰਗਵੀਰ ਸਿੰਘ ਰਾਠੌੜ, ਭਾਈ ਦਲਜੀਤ ਸਿੰਘ ਜਵੰਦਾ, ਭਾਈ ਚਮਕੌਰ ਸਿੰਘ ਧੁੰਨ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਭਾਈ ਸੁਖਦੇਵ ਸਿੰਘ ਕਾਦੀਆਂ, ਭਾਈ ਬਰਿੰਦਰਜੀਤ ਸਿੰਘ ਹੁਸੈਨਪੁਰ, ਬਾਬਾ ਬਿਬੇਕ ਸਿੰਘ, ਭਾਈ ਪ੍ਰਿਥੀਪਾਲ ਸਿੰਘ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਸੁਖਬੀਰ ਸਿੰਘ ਚੀਮਾ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਰਸ਼ਪਾਲ ਸਿੰਘ ਸੋਸਣ, ਭਾਈ ਨਾਥਵਿੰਦਰ ਸਿੰਘ ਮਜੀਠਾ, ਭਾਈ ਸਵਰਨ ਸਿੰਘ ਗੋਲਡਨ, ਭਾਈ ਬਲਜੀਤ ਸਿੰਘ ਚਾਟੀਵਿੰਡ, ਗੁਰਪ੍ਰੀਤ ਸਿੰਘ ਪ੍ਰਿੰਸ, ਭਾਈ ਗੁਰਚਰਨ ਸਿੰਘ ਸੰਘਾ, ਅਮਨਦੀਪ ਸਿੰਘ ਹਸਨਪੁਰ, ਜਗਰੂਪ ਸਿੰਘ, ਮਨਪ੍ਰੀਤ ਸਿੰਘ, ਨਰਿੰਦਰ ਸਿੰਘ ਭੁੱਲਰ, ਗੁਰਪ੍ਰੀਤ ਸਿੰਘ ਬਟਾਲਾ, ਭਾਈ ਰਜਿੰਦਰ ਸਿੰਘ ਤਲਵੰਡੀ, ਭਾਈ ਜੁਗਰਾਜ ਸਿੰਘ ਭੰਗਵਾਂ, ਭਾਈ ਕੁਲਵਿੰਦਰ ਸਿੰਘ ਵਡਾਲੀ, ਡਾਕਟਰ ਲਖਬੀਰ ਸਿੰਘ, ਭਾਈ ਨਿਰਵੈਰ ਸਿੰਘ ਖਾਲਸਾ, ਭਾਈ ਗੁਰਦੇਵ ਸਿੰਘ ਖੇਮਕਰਨ, ਭਾਈ ਜਸਕਰਨ ਸਿੰਘ ਰਿਆੜ, ਭਾਈ ਚਰਨਜੀਤ ਸਿੰਘ ਗਾਲਿਬ, ਭਾਈ ਦਯਾ ਸਿੰਘ, ਰਣਜੀਤ ਸਿੰਘ, ਗੁਰਦੀਪ ਸਿੰਘ ਭੰਡਾਲ, ਭਾਈ ਜਸਕਰਨ ਸਿੰਘ ਲੋਪੋਕੇ, ਭਾਈ ਲਖਵਿੰਦਰ ਸਿੰਘ, ਭਾਈ ਗੁਰਦੀਪ ਸਿੰਘ, ਭਾਈ ਗੁਰਮਿੰਦਰ ਸਿੰਘ ਚਾਵਲਾ, ਭਾਈ ਹਰਪ੍ਰੀਤ ਸਿੰਘ, ਭਾਈ ਜਗਦੀਪ ਸਿੰਘ ਅਤੇ ਭਾਈ ਕ੍ਰਿਸ਼ਨ ਸਿੰਘ ਰੁਪਾਣਾ ਹਾਜਰ ਸਨ।



ਪੰਜਾਬ ਵਿੱਚ ਨਸ਼ਿਆਂ ਨੂੰ ਸਪੋਰਟਸ ਨਾਲ ਪਾਈ ਜਾ ਸਕਦੀ ਹੈ ਨੱਥ : ਭਾਨ ਸਿੰਘ ਜੱਸੀ

# ਪਿੰਡਾਂ ਵਿੱਚ ਕਬੱਡੀ ਅਤੇ ਹੋਰਨਾਂ ਖੇਡਾਂ ਨੂੰ ਉਤਸ਼ਾਹਿਤ ਕੀਤੇ ਜਾਣ ਦੀ ਕੀਤੀ ਮੰਗ



**ਸ਼ੇਰਪੁਰ ( ਰਣਜੀਤ ਸਿੰਘ ਪੇਧਨੀ )**-ਸਮਾਜ ਸੇਵੀ , ਭਾਨ ਸਿੰਘ ਜੱਸੀ ( ਜੱਸੀ ਪੇਦਨੀ) ਨੇ ਸ਼ਹੀਦ ਵਰਖਾ ਸਿੰਘ ਸਪੋਰਟਸ ਕਲੱਬ ਪਿੰਡ ਅਲੀਪੁਰ ਖਾਲਸਾ ( ਸੰਗਰੂਰ) ਵੱਲੋਂ ਕਰਵਾਏ ਗਏ ਦੋ ਰੋਜਾ ਕਬੱਡੀ ਮੇਲੇ ਵਿੱਚ ਸਮੂਲੀਅਤ ਕਰਦਿਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਮਾਂ ਖੇਡ ਕਬੱਡੀ ਅਤੇ ਵੱਖ ਵੱਖ ਤਰ੍ਹਾਂ ਦੀਆਂ ਹੋਰਨਾਂ ਖੇਡਾਂ ਵਿੱਚ ਰੁਚੀ ਰੱਖਣ ਵਾਲੇ ਨੌਜਵਾਨ ਖਡਿਆਰੀਆਂ ਨੂੰ ਪਹਿਲ ਦੇ ਅਧਾਰ ਤੇ ਨੌਕਰੀਆਂ ਦੇਵੇ ਤਾਂ ਕਿ ਪੰਜਾਬ ਦੇ ਨਸਿਆਂ ਵਿੱਚ ਡੁੱਬੇ ਨੌਜਵਾਨਾਂ ਦਾ ਧਿਆਨ ਵੀ ਚੰਗੇ ਪਾਸੇ ਲਗਾਇਆ ਜਾ ਸਕੇ, ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਸ਼ਹੀਦ ਬਰਖਾ ਸਿੰਘ ਸਪੋਰਟਸ ਕਲੱਬ ਦੇ ਸਮੁੱਚੇ ਅਹੁਦੇਦਾਰਾਂ , ਮੈਂਬਰਾਂ , ਅਤੇ ਨਗਰ ਨਿਵਾਸੀਆਂ ਨੂੰ ਕਬੱਡੀ ਖੇਡ ਮੇਲੇ ਦੀ ਸਫਲਤਾ ਤੇ ਵਧਾਈਆਂ ਦਿੰਦੇ ਹੋਏ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਜਿਹੇ ਅਗਾਂਹ ਵਧੂ ਸੋਚ ਵਾਲੇ ਨੌਜਵਾਨਾਂ ਦੇ ਹੌਸਲੇ ਵਧਾਉਣ ਲਈ ਅੱਗੇ ਆਉਣ।

# ਡਾਕਟਰ ਅਨਵਰ ਭਸੌੜ ਨੇ ਮੁੱਖ ਮੰਤਰੀ ਦਫਤਰ ਵਿੱਚ ਸੁਣਿਆ ਲੋਕਾਂ ਦੀਆਂ ਮੁਸ਼ਕਿਲਾਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੇ ਦਫਤਰ ਇੰਚਾਰਜ ਡਾਕਟਰ ਅਨਵਰ ਭਸੌੜ ਮੈਂਬਰਵਾਕਫ ਬੋਰਡ ਪੰਜਾਬ ਵੱਲੋਂ ਮੁੱਖ ਮੰਤਰੀ ਦਫਤਰ ਵਿੱਚ ਵੀਰਵਾਰ ਅਤੇ ਸ਼ੁਕਰਵਾਰ ਨੂੰ ਲੋਕਾਂ ਦੀਆਂ ਮੁਸ਼ਕਲਾਂ ਸੁਣ ਕੇ ਮੌਕੇ ਤੇ ਹੱਲ ਕੀਤਾ ਜਾਂਦਾ ਹੈ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਮੁੱਖ ਮੰਤਰੀ ਦੇ ਦਫਤਰ ਇੰਚਾਰਜ ਡਾ. ਅਨਵਰ ਭਸੌੜ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਲੋਕ ਭਲਾਈ ਨੀਤੀਆਂ ਤੋਂ ਖੁਸ਼ ਹੋ ਕੇ ਲੋਕ ਆਪ ਮੁਹਾਰੇ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ ਅਤੇ 2027 ਦੇ ਵਿੱਚ ਦੁਬਾਰਾ ਸਰਕਾਰ ਬਣਾਉਣ ਦੇ ਲਈ ਹੱਲਾਸੇਰੀ ਦੇ ਰਹੇ ਹਨ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਰਕਾਰ ਬਣਦਿਆਂ ਸਾਰ ਹੀ ਪੰਜਾਬ ਨੂੰ ਬਿਜਲੀ, ਸਿੱਖਿਆ, ਮਹੱਲਾ ਕਲੀਨਿਕ, ਨਹਿਰੀ ਪਾਣੀ, ਬੀਬੀਆਂ ਨੂੰ ਨੂੰ 1500 ਤੇ 1000 ਰੁਪਏ ਵਰਗੀਆਂ ਸਹੂਲਤਾਂ ਦੇ ਕੇ ਪੰਜਾਬੀਆਂ ਨੂੰ ਮਾਲੋ ਮਾਲ ਕੀਤਾ ਹੋਇਆ ਹੈ।

# ਸਮਾਜ ਸੇਵੀ ਗੁਰਪਾਲ ਸਿੰਘ ਨੇ ਐਡਵੋਕੇਟ ਚੀਮਾ ਨੂੰ ਟਰਾਂਸਪੋਰਟ ਵਿਭਾਗ ਮਿਲਣ ਤੇ ਦਿੱਤੀ ਵਧਾਈ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹ ਸਰਦਾਰ ਹਰਪਾਲ ਸਿੰਘ ਚੀਮਾ ਨੂੰ ਟਰਾਂਸਪੋਰਟ ਵਿਭਾਗ ਮਿਣਨ ਤੇ ਖੁਸ਼ੀ ਦਾ ਪ੍ਰਗਟਾਵਾ ਕਰਕੇ ਮੁਬਾਰਕਬਾਦ ਦਿੰਦੇ ਆਂ ਧੂਰੀ ਇਲਾਕੇ ਦੇ ਉੱਘੇ ਸਮਾਜ ਸੇਵੀ ਗੁਰਪਾਲ ਸਿੰਘ ਧੂਰੀ ਨੇ ਕਿਹਾ ਕਿ ਪੰਜਾਬ ਸਰਕਾਰ ਵਿੱਚ ਪਿਛਲੇ ਲੰਮੇ ਸਮੇਂ ਤੋਂ ਆਪਣੀਆਂ ਸੇਵਾਵਾਂ ਨਿਭਾ ਰਹੇ, ਦਲਿਤਾਂ ਦੇ ਨੇਤਾ ਐਡਵੋਕੇਟ ਹਰਪਾਲ ਸਿੰਘ ਚੀਮਾ ਨੂੰ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਟਰਾਂਸਪੋਰਟ ਵਿਭਾਗ ਦਿੱਤਾ ਗਿਆ ਹੈ, ਜਿਸ ਤੇ ਉਹਨਾਂ ਦੇ ਚਾਹੁਣ ਵਾਲਿਆਂ ਵਿੱਚ ਬਹੁਤ ਹੀ ਖੁਸ਼ੀ ਪਾਈ ਜਾ ਰਹੀ ਹੈ। ਉਹਨਾਂ ਕਿਹਾ ਕਿ ਪਾਰਟੀ ਦੀ ਹਾਈ ਕਮਾਂਡ ਨੇ ਐਡਵੋਕੇਟ ਚੀਮਾ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਨੂੰ ਵੇਖਦਿਆਂ ਹੋਇਆਂ ਟਰਾਂਸਪੋਰਟ ਵਿਭਾਗ ਵਿੱਚ ਸੇਵਾ ਕਰਨ ਦਾ ਮੌਕਾ ਦਿੱਤਾ ਹੈ, ਜੋ ਤਨ ਦੇਹੀ ਤੇ ਇਮਾਨਦਾਰੀ ਨਾਲ ਆਪਣੀਆਂ ਸੇਵਾਵਾਂ ਨੂੰ ਨਿਭਾਉਣਗੇ ਅਤੇ ਵਿਭਾਗ ਨੂੰ ਤਰੱਕੀ ਦੀਆਂ ਲੀਹਾਂ ਤੇ ਲੈ ਕੇ ਜਾਣਗੇ।

# ਯੁਵਾ ਪੀੜ੍ਹੀ ਤੇ ਭਾਰਤੀ ਸੱਭਿਆਚਾਰ



ਭਾਰਤ ਇੱਕ ਵਿਸ਼ਾਲ ਦੇਸ਼ ਹੈ। ਇਸ ਵਿੱਚ ਵੱਖ-ਵੱਖ ਕਿਸਮ ਦੀਆਂ ਭਾਸ਼ਾਵਾਂ, ਸੱਭਿਆਚਾਰ, ਲੋਕ-ਨਾਚ ਅਤੇ ਵੱਖ-ਵੱਖ ਵਿਭਿੰਨਤਾਵਾਂ ਇਸ ਦੀ ਸੁੰਦਰਤਾ ਨੂੰ ਚਾਰ ਚੰਨ ਲਾਉਂਦੇ ਹਨ। ਵੱਖ-ਵੱਖ ਪ੍ਰਾਤਾਂ ਦੇ ਮੁੱਖ ਤਿਉਹਾਰ ਅਤੇ ਰੀਤੀ-ਰਿਵਾਜ਼ ਇਸ ਨੂੰ ਹੋਰ ਸੋਹਣਾ ਦਿਖਾਉਂਦੇ ਹਨ। ਜੇਕਰ ਅਸੀਂ ਇੱਕ ਪਾਰੰਪਰਿਕ ਅਤੇ ਵਿਆਹ ਦੀ ਗੱਲ ਕਰੀਐ ਤਾਂ ਸਾਡੇ ਹਰ ਪ੍ਰਾਂਤ ਵਿੱਚ ਇਹ ਇੱਕ ਖਾਸ ਢੰਗ ਅਤੇ ਰਿਵਾਇਤਾਂ ਨਾਲ ਕਰਵਾਏ ਜਾਂਦੇ ਹਨ। ਵੱਖ-ਵੱਖ ਗੀਤ-ਰਿਵਾਜ਼ ਰਿਵਾਇਤਾਂ ਅਤੇ ਤਿਉਹਾਰ ਸਾਡੇ ਦੇਸ਼ ਦੇ ਅਮੀਰ ਸੱਭਿਆਚਾਰ ਦੀ ਨਿਸ਼ਾਨੀ ਹਨ। ਜੇਕਰ ਅਸੀਂ ਧਰਮ ਦੀ ਗੱਲ ਕਰੀਏ ਤਾਂ ਭਾਰਤ ਵਿੱਚ ਬਹੁਤ ਸਾਰੇ ਧਰਮ ਆਪਣੇ ਰਿਵਾਜ਼ਾਂ ਅਤੇ ਪਰੰਪਰਾਵਾਂ ਨਾਲ ਅਮੀਰ ਹਨ। ਅੱਜ ਦੀ ਯੁਵਾ ਪੀੜ੍ਹੀ ਲਗਾਤਾਰ ਵਿਦੇਸ਼ਾਂ ਦਾ ਰੁੱਖ ਕਰਦੀ ਜਾ ਰਹੀ ਹੈ। ਕੁਝ ਕੁ ਮਾਪੇ ਸੁਖਾਲੇ ਢੰਗ ਨਾਲ, ਕੁੱਝ ਔਖੇ ਹੋ ਕੇ ਅਤੇ ਕੁੱਝ ਜ਼ਮੀਨ ਘਰ ਗਿਰਵੀ ਰੱਖਦੇ ਜਾਂ ਕੁੱਝ ਮਾਪੇ ਕਰਜ਼ਾ ਲੈ ਕੇ ਆਪਣੇ ਬੱਚਿਆਂ ਨੂੰ ਵਿਦੇਸ਼ ਉਹਨਾਂ ਦੇ ਸੁਪਨੇ ਪੂਰੇ ਕਰਨ ਲਈ ਭੇਜ ਰਹੇ ਹਨ। ਕੁਝ ਲੋਕ ਇਸ ਨੂੰ ਸਮੇਂ ਦੀ ਮੰਗ ਅਤੇ ਕੁੱਝ ਲੋਕ ਇਸਨੂੰ ਮਜ਼ਬੂਰੀ ਮੰਨਦੇ ਹਨ। ਪਰ ਅੱਜ ਮੈਂ ਆਪਣੇ ਤਜੁਰਬੇ ਤੋਂ ਤੁਹਾਨੂੰ ਇਹ ਕਹਿਣਾ ਚਾਹਵਾਂਗੀ ਕਿ ਕਿਸੇ ਵੀ ਦੇਸ਼ ਕੋਲ ਸਾਡੇ ਦੇਸ਼ ਵਰਗਾ ਅਮੀਰ ਸੱਭਿਆਚਾਰ ਨਹੀਂ ਹੈ। ਜੇਕਰ ਅਸੀ ਕਿਸੇ ਵੀ ਕਾਰਨ ਬੱਚਿਆਂ ਨੂੰ ਵਿਦੇਸ਼ਾਂ ਵਿੱਚ ਭੇਜਦੇ ਹਾਂ ਤਾਂ ਸਾਨੂੰ ਆਪਣੇ ਬੱਚਿਆਂ ਦੇ ਬਚਪਨ ਸਮੇਂ ਦੌਰਾਨ ਆਪਣੇ ਸੱਭਿਆਚਾਰ ਅਤੇ ਰਿਵਾਇਤਾਂ ਨਾਲ ਇਹਨੀ ਮਜ਼ਬੂਤੀ ਦੇਈਏ ਕਿ ਉਹ ਦੁਨੀਆਂ ਦੇ ਕਿਸੇ ਵੀ ਕੋਨੇ ਵਿੱਚ ਹੋਣ ਦੇ ਬਾਵਜੂਦ ਵਿਦੇਸ਼ੀ ਸੱਭਿਆਚਾਰ ਅਤੇ ਆਪਣੇ ਸੱਭਿਆਚਾਰ ਦੇ ਫਰਕ ਨੂੰ ਸਮਝ ਸਕਣ। ਉਹ ਵਿਦੇਸ਼ਾਂ ਵਿੱਚ ਰਹਿ ਕੇ ਆਪਣੇ ਭਾਰਤ ਦੀ ਅਮੀਰ ਸੰਸਕ੍ਰਿਤੀ ਦਾ ਆਪ ਵੀ ਆਨੰਦ ਲੈਣ ਅਤੇ ਵਿਦੇਸ਼ੀਆਂ ਨੂੰ ਇਹਨਾਂ ਬਾਰੇ ਦੱਸਣ। ਸਮੇਂ ਦੀ ਲੋੜ ਸਾਡੇ ਬੱਚਿਆਂ ਨੂੰ ਭਾਰਤੀ ਵਿਰਸ਼ੇ ਤੇ ਸੰਸਕ੍ਰਿਤੀ ਨਾਲ ਜੋੜਨ ਦੀ ਹੈ।

**ਲੇਖਕ: ਅੰਜੂ ਰਾਣੀ ਸਾਇੰਸ ਮਿਸਟ੍ਰੇਸ ਸ.ਸ.ਸ.ਸਕੂਲ (ਬੱਲੂਆਣਾ)**

**ਪੇਸ਼ਕਸ਼-ਗੁਰਜੰਟ ਸਿੰਘ ਨਥੇਹਾ ਤਲਵੰਡੀ ਸਾਬੋ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਮ ਆਦਮੀ ਪਾਰਟੀ ਨੂੰ ਵੱਡਾ ਝਟਕਾ

# ਪੰਜਾਬ ਟਰੇਡ ਵਿੰਗ ਸੈੱਲ ਦੇ ਜਨਰਲ ਸਕੱਤਰ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ






**ਅੰਮ੍ਰਿਤਸਰ, 27 ਮਾਰਚ (ਆਵਾਜ਼ਿ ਕੌਮ ਬਿਊਰੋ)-** ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਹੇਠ ਅੰਮ੍ਰਿਤਸਰ ਪ੍ਰੈਸ ਕਲੱਬ ਵਿਖੇ ਇਕ ਅਹਿਮ ਪ੍ਰੈਸ ਕਾਨਫਰੰਸ ਬੁਲਾਈ ਗਈ, ਜਿਸ ਵਿੱਚ ਪੰਥ ਅਤੇ ਪੰਜਾਬ ਨਾਲ ਜੁੜੇ ਗੰਭੀਰ ਮਸਲਿਆਂ 'ਤੇ ਖੁੱਲ੍ਹ ਕੇ ਚਰਚਾ ਕੀਤੀ ਗਈ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਨੇ ਮੀਡੀਆ ਨੂੰ ਸੰਬੋਧਨ ਕਰਦਿਆਂ ਬੀਤੇ ਦਿਨ ਜੰਮੂ ਦੇ ਰਹਿਣ ਵਾਲੇ ਬੀ ਐਸ ਐਫ ਦੇ ਸਿੱਖ ਨੌਜਵਾਨ ਸ੍ਰ ਜਸਵਿੰਦਰ ਸਿੰਘ ਨੂੰ ਐਨ ਸੀ ਬੀ ਵੱਲੋਂ ਗੈਰਕਾਨੂੰਨੀ ਢੰਗ ਨਾਲ ਚੁੱਕ ਕੇ ਝੂਠੇ ਇਲਜ਼ਾਮਾਂ ਤਹਿਤ ਅਣਮਨੁੱਖੀ ਤਸ਼ੱਦਦ ਕਰਕੇ ਮੌਤ ਦੇ ਘਾਟ ਉਤਾਰ ਦਿੱਤੇ ਜਾਣ ਦੀ ਸਖ਼ਤ ਨਿੰਦਿਆ ਕੀਤੀ। ਉਨ੍ਹਾਂ ਕਿਹਾ ਕਿ ਇਹ ਸਿਰਫ ਇੱਕ ਵਿਅਕਤੀ ਦੀ ਮੌਤ ਨਹੀਂ, ਸਗੋਂ ਸਿੱਖ ਕੌਮ ਦੇ ਮਨੋਬਲ ਨੂੰ ਤੋੜਨ ਲਈ ਕੀਤੀ ਜਾ ਰਹੀ ਇੱਕ ਸੋਚੀ ਸਮਝੀ ਸਾਜ਼ਿਸ਼ ਦਾ ਹਿੱਸਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਕੇਂਦਰੀ ਏਜੰਸੀਆਂ ਦਾ ਦੁਰਪਯੋਗ ਕਰਕੇ ਸਿੱਖ ਨੌਜਵਾਨਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਅਤੇ ਉਨ੍ਹਾਂ ਨੂੰ ਝੂਠੇ ਕੇਸਾਂ ਵਿੱਚ ਫਸਾ ਕੇ ਜ਼ੁਲਮ ਦਾ ਸ਼ਿਕਾਰ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਘਟਨਾ ਦੇਸ਼ ਵਿੱਚ ਸਿੱਖ ਕੌਮ ਵਿਰੁੱਧ ਘੜੀਆਂ ਜਾ ਰਹੀਆਂ ਸਾਜ਼ਿਸ਼ਾਂ ਦੀ ਲੜੀ ਦਾ ਹਿੱਸਾ ਹੈ ਅਤੇ ਨਸਲਕੁਸ਼ੀ ਦੀ ਜਿਊਂਦੀ ਜਾਗਦੀ ਤਸਵੀਰ ਵਜੋਂ ਸਾਹਮਣੇ ਆ ਰਹੀ ਹੈ। ਬਾਪੂ ਤਰਸੇਮ ਸਿੰਘ ਜੀ ਨੇ ਮੰਗ ਕੀਤੀ ਕਿ ਇਸ ਮਾਮਲੇ ਦੀ ਉੱਚ ਪੱਧਰੀ ਨਿਆਂਇਕ ਜਾਂਚ ਤੁਰੰਤ ਕਰਵਾਈ ਜਾਵੇ ਅਤੇ ਦੋਸ਼ੀ ਅਧਿਕਾਰੀਆਂ ਖ਼ਿਲਾਫ਼ ਕਤਲ ਦਾ ਮਾਮਲਾ ਦਰਜ ਕਰਕੇ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ। ਇਸ ਮੌਕੇ ਆਮ ਆਦਮੀ ਪਾਰਟੀ ਦੇ ਪੰਜਾਬ ਟਰੇਡ ਵਿੰਗ ਸੈੱਲ ਦੇ ਜਨਰਲ ਸਕੱਤਰ ਸ੍ਰ ਮਨਜਿੰਦਰ ਸਿੰਘ ਬੱਲ ਅਤੇ ਪੰਜਾਬ ਦੇ ਹਿੱਤਾਂ ਪ੍ਰਤੀ ਡੂੰਘੀ ਸੋਚ ਰੱਖਣ ਵਾਲੇ ਉੱਘੇ ਲੇਖਕ ਸ੍ਰੀ ਗੰਗਵੀਰ ਸਿੰਘ ਰਾਠੌੜ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਹੋ ਗਏ। ਨਵੇਂ ਸ਼ਾਮਿਲ ਹੋਏ ਆਗੂਆਂ ਦਾ ਬਾਪੂ ਤਰਸੇਮ ਸਿੰਘ ਜੀ ਵੱਲੋਂ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਇਹ ਸੱਚੇ ਅਤੇ ਸੰਘਰਸ਼ਸ਼ੀਲ ਚਿਹਰੇ ਪੰਥਕ ਲਹਿਰ ਨੂੰ ਹੋਰ ਮਜ਼ਬੂਤੀ ਦੇਣਗੇ ਅਤੇ ਆਉਣ ਵਾਲੇ ਸਮੇਂ ਵਿੱਚ ਉਨ੍ਹਾਂ ਨੂੰ ਵੱਡੀਆਂ ਜ਼ਿੰਮੇਵਾਰੀਆਂ ਨਾਲ ਨਿਵਾਜਿਆ ਜਾਵੇਗਾ। ਸ੍ਰ ਮਨਜਿੰਦਰ ਸਿੰਘ ਬੱਲ ਅਤੇ ਸ੍ਰ ਗੰਗਵੀਰ ਸਿੰਘ ਰਾਠੌੜ ਨੇ ਕਿਹਾ ਕਿ ਉਹ ਪੰਜਾਬ ਦੇ ਹੱਕਾਂ ਅਤੇ ਪੰਥਕ ਮਸਲਿਆਂ ਲਈ ਲੜ ਰਹੀ ਇਸ ਲਹਿਰ ਨਾਲ ਜੁੜ ਕੇ ਮਾਣ ਮਹਿਸੂਸ ਕਰਦੇ ਹਨ ਅਤੇ ਆਪਣੀ ਪੂਰੀ ਤਾਕਤ ਨਾਲ ਇਸ ਸੰਘਰਸ਼ ਨੂੰ ਅੱਗੇ ਵਧਾਉਣਗੇ। ਉਨ੍ਹਾਂ ਕਿਹਾ ਕਿ ਮੌਜੂਦਾ ਹਾਲਾਤਾਂ ਵਿੱਚ ਸੱਚ ਦੀ ਆਵਾਜ਼ ਨਾਲ ਖੜ੍ਹਾ ਹੋਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਇਸ ਦੌਰਾਨ ਹੋਰ ਆਗੂਆਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਸਿੱਖ ਕੌਮ ਨਾਲ ਹੋ ਰਹੇ ਧੱਕੇਸ਼ਾਹੀਆਂ ਦੇ ਖ਼ਿਲਾਫ਼ ਇਕਜੁੱਟ ਹੋ ਕੇ ਲੜਨ ਦਾ ਸੰਕਲਪ ਲਿਆ। ਇਸ ਮੌਕੇ ਬਾਪੂ ਤਰਸੇਮ ਸਿੰਘ ਜਓ ਤੋਂ ਇਲਾਵਾ ਸੀਨੀਅਰ ਲੀਡਰਸ਼ਿਪ ਵਿੱਚੋਂ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਮਨਦੀਪ ਸਿੰਘ ਸਿੱਧੂ, ਐਡਵੋਕੇਟ ਅਜੇਪਾਲ ਸਿੰਘ ਢਿਲੋਂ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਸ੍ਰੀ ਗੰਗਵੀਰ ਸਿੰਘ ਰਾਠੌੜ, ਭਾਈ ਦਲਜੀਤ ਸਿੰਘ ਜਵੰਦਾ, ਭਾਈ ਚਮਕੌਰ ਸਿੰਘ ਧੁੰਨ, ਭਾਈ ਬਲਦੇਵ ਸਿੰਘ ਜੱਲ੍ਹੂਪੁਰ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਸੁਖਦੇਵ ਸਿੰਘ ਕਾਦੀਆਂ, ਭਾਈ ਬਰਿੰਦਰਜੀਤ ਸਿੰਘ ਹੁਸੈਨਪੁਰ, ਭਾਈ ਪ੍ਰਿਥੀਪਾਲ ਸਿੰਘ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਸੁਖਬੀਰ ਸਿੰਘ ਚੀਮਾ, ਭਾਈ ਮਹਿੰਦਰਪਾਲ ਸਿੰਘ ਤੁੰਗ, ਗੁਰਪ੍ਰੀਤ ਸਿੰਘ ਪ੍ਰਿੰਸ, ਭਾਈ ਗੁਰਚਰਨ ਸਿੰਘ ਸੰਘਾ, ਅਮਨਦੀਪ ਸਿੰਘ ਹਸਨਪੁਰ, ਜਗਰੂਪ ਸਿੰਘ, ਮਨਪ੍ਰੀਤ ਸਿੰਘ, ਨਰਿੰਦਰ ਸਿੰਘ ਭੁੱਲਰ, ਗੁਰਪ੍ਰੀਤ ਸਿੰਘ ਬਟਾਲਾ, ਭਾਈ ਰਜਿੰਦਰ ਸਿੰਘ ਤਲਵੰਡੀ, ਭਾਈ ਜੁਗਰਾਜ ਸਿੰਘ ਭੰਗਵਾਂ, ਭਾਈ ਕੁਲਵਿੰਦਰ ਸਿੰਘ ਵਡਾਲੀ, ਡਾਕਟਰ ਲਖਬੀਰ ਸਿੰਘ, ਭਾਈ ਗੁਰਦੇਵ ਸਿੰਘ ਖੇਮਕਰਨ, ਭਾਈ ਜਸਕਰਨ ਸਿੰਘ ਰਿਆੜ, ਭਾਈ ਜਸਕਰਨ ਸਿੰਘ ਲੋਪੋਕੇ, ਭਾਈ ਗੁਰਦੀਪ ਸਿੰਘ ਅਤੇ ਭਾਈ ਜਗਦੀਪ ਸਿੰਘ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਸਰਕਾਰ ਕੇਂਦਰੀ ਏਜੰਸੀਆਂ ਦਾ ਦੁਰਪਯੋਗ ਕਰਕੇ ਸਿੱਖ ਨੌਜਵਾਨਾਂ ਤੇ ਕਰ ਰਹੀ ਜੁਲਮ : ਬਾਪੂ ਤਰਸੇਮ ਸਿੰਘ**

# ਗੁਰਮੇਲ ਸਿੰਘ ਹਸਨਪੁਰ ਨੂੰ ਸਦਮਾ ਪੁੱਤਰ ਦਾ ਦੇਹਾਂਤ ਆਗੂਆਂ ਵੱਲੋਂ ਦੁੱਖ ਦਾ ਪ੍ਰਗਟਾਵਾ



**ਧੂਰੀ ( ਰਣਜੀਤ ਸਿੰਘ ਪੇਧਨੀ )-** ਉੱਘੇ ਸਮਾਜ ਸੇਵੀ ਦਰਸ਼ਨ ਸਿੰਘ ਘਨੌਰੀ, ਐਡਵੋਕੇਟ ਜਗਸੀਰ ਸਿੰਘ ਥਲੇਸਾ ਅਤੇ ਗੁਰਪ੍ਰੀਤ ਸਿੰਘ ਸੰਗਰੂਰ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਾ ਜਦੋਂ ਕਿ ਉਹਨਾਂ ਦੇ ਨੇੜਲੇ ਰਿਸ਼ਤੇਦਾਰ ਮਲਕੀਤ ਸਿੰਘ ਸਪੁੱਤਰ ਸ, ਗੁਰਮੇਲ ਸਿੰਘ ਹਸਨਪੁਰ ਪਰਿਵਾਰ ਨੂੰ ਅਚਾਨਕ ਧੂਰੀ ਤੋਂ ਪਿੰਡ ਨੂੰ ਜਾਂਦੇ ਹੋਏ ਐਕਸੀਡੈਂਟ ਹੋਣ ਦੇ ਨਾਲ ਪਰਿਵਾਰ ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਪਰਿਵਾਰ ਦੇ ਨਾਲ ਦੁੱਖ ਦੀ ਘੜੀ ਦੇ ਵਿੱਚ ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਪੰਜਾਬ ਦੇ ਵਿੱਤ ਮੰਤਰੀ ਸ, ਹਰਪਾਲ ਸਿੰਘ ਚੀਮਾ, ਅਵਤਾਰ ਸਿੰਘ ਕਰੀਮਪੁਰ ਪ੍ਰਧਾਨ ਬਹੁਜਨ ਸਮਾਜ ਪਾਰਟੀ ਪੰਜਾਬ, ਮੁੱਖ ਮੰਤਰੀ ਦੇ ਓਐਸਡੀ ਸ, ਸੁਖਬੀਰ ਸਿੰਘ ਸੁੱਖੀ, ਮੁੱਖ ਮੰਤਰੀ ਦੇ ਦਫਤਰ ਇੰਚਾਰਜ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਚੇਅਰਮੈਨ ਦਲਵੀਰ ਸਿੰਘ ਢਿੱਲੋ, ਮੈਡਮ ਫਰਜਾਨਾ ਆਲਮ ਮਾਲੇਰਕੋਟਲਾ ਸਾਬਕਾ ਸੰਸਦੀ ਸਕੱਤਰ ਸਾਬਕਾ ਐੱਮ ਐਲ ਏ, ਜਸਵੀਰ ਸਿੰਘ ਗੜ੍ਹੀ ਐਸ ਸੀ ਕਮਿਸਨ ਪੰਜਾਬ ਸਰਕਾਰ , ਗੁਰਜਾਰ ਸਿੰਘ ਬੌਬੀ ਮੈਬਰ ਐਸ,ਸੀ ਕਮਿਸ਼ਨ, ਸ੍ਰੋਮਣੀ ਅਕਾਲੀ ਦਲ ਦੇ ਜਰਨਲ ਸਕੱਤਰ ਵਿੰਨਰਜੀਤ ਸਿੰਘ ਗੋਲਡੀ, ਸ੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ, ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਡਸਾ, ਗੋਬਿੰਦ ਸਿੰਘ ਲੌਂਗੋਵਾਲ, ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ, ਦਰਸਨ ਸਿੰਘ ਬਾਜਵਾ, ਡਾਕਟਰ ਜਗਜੀਵਨ ਸਿੰਘ ਸੇਰਪੁਰ, ਕਾਗਰਸੀ ਆਗੂ ਸਰਪੰਚ ਹਰਦੀਪ ਸਿੰਘ ਦੌਲਤਪੁਰ , ਉੱਘੇ ਸਮਾਜ ਸੇਵੀ ਭਾਨ ਸਿੰਘ, ਯੂਥ ਵਿੰਗ ਦੇ ਜਰਨਲ ਸਕੱਤਰ ਸੁਭਮ ਸ਼ਰਮਾ ਧੂਰੀ, ਮਲਕੀਤ ਸਿੰਘ ਚੰਗਾਲ , ਜਸਵੀਰ ਸਿੰਘ ਭਲਵਾਨ, ਸਾਧੂ ਸਿੰਘ ਪੇਧਨੀ, ਨਰਿੰਦਰ ਸਿੰਘ ਕਾਲਾਬੂਲਾ, ਹਰਬੰਸ ਸਿੰਘ ਸਲੇਮਪੁਰ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਰਿੰਕਾ ਹਸਨਪੁਰ, ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਰਾਜੂ ਰੰਗੀਆ, ਅੰਮ੍ਰਿਤਪਾਲ ਸਿੰਘ ਥਲੈਸਾਂ, ਡਾਕਟਰ ਕਰਨਵੀਰ ਸਿੰਘ ਘਨੌਰੀ ਕਲਾਂ ਸਪੋਕਸਪਰਸਨ ਸ੍ਰੋਮਣੀ ਅਕਾਲੀ ਦਲ, ਜਿਲ੍ਹਾ ਪ੍ਰਧਾਨ ਸਤਿਗੁਰ ਸਿੰਘ ਕੌਹਰੀਆ ਬਹੁਜਨ ਸਮਾਜ ਪਾਰਟੀ, ਸਰਬਜੀਤ ਸਿੰਘ ਖੇੜੀ ਜਿਲ੍ਹਾ ਪ੍ਰਧਾਨ ਬਹੁਜਨ ਸਮਾਜ ਪਾਰਟੀ, ਸੋਮਾ ਸਿੰਘ ਗੰਡੇਵਾਲ ਬਹੁਜਨ ਸਮਾਜ ਪਾਰਟੀ ਜਥੇਦਾਰ ਨਾਥ ਸਿੰਘ ਹਮੀਦੀ ਹਲਕਾ ਇੰਨਚਾਰਜ ਮਹਿਲ ਕਲਾਂ ਸ੍ਰੋਮਣੀ ਅਕਾਲੀ ਦਲ, ਪੱਤਰਕਾਰ ਰਣਜੀਤ ਸਿੰਘ ਪੇਧਨੀ ਆਦਿ ਆਗੂਆਂ ਨੇ ਜਿੱਥੇ ਪਰਿਵਾਰ ਦੇ ਨਾਲ ਦੁੱਖ ਸਾਂਝਾ ਕੀਤਾ, ਉੱਥੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਪਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸੇ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸੇ।

ਆਵਾਜ਼ਿ ਕੌਮ AWAZE QAUM International Newspaper & WEB TV

## ਜੰਗ



ਜਦੋਂ ਜਦੋਂ ਸਮਾਜ ਵਿੱਚ ਜੰਗ ਹੈ ਆਈ
ਹਾੜਾ ਚਾਰੇ ਪਾਸੇ ਉਦੋਂ ਉਦੋਂ ਮੱਚੀ ਤਬਾਹੀ।

ਅਕਲਾਂ ਵਾਲੇ ਦੇ ਆਖਿਆ ਵੀ ਨਾ ਰੁੱਕਦੀ
ਹੋਣੀ ਮੌਤ ਦੀ ਲੈ ਜੰਝ ਲੈ ਦੁਨੀਆਂ ਤੇ ਢੁੱਕਦੀ।।

ਮਾਰੂ ਹਥਿਆਰਾਂ ਨੇ ਪਹਿਲਾਂ ਵੀ ਕਹਿਰ ਵਰਤਾਇਆ
ਲਾਸ਼ਾਂ ਦੇ ਢੇਰਾਂ ਤੇ ਜਿੱਤ ਦਾ ਪਰਚਮ ਲਹਿਰਾਇਆ।

ਵਿਸ਼ਵ ਪੱਧਰੀ ਜੰਗਾਂ ਦੀ ਮਾਰ ਦੀਨ ਨੇ ਝੱਲੀ
ਅੱਜ ਤੱਕ ਮਾਹੀ ਤੇ ਪੁੱਤ ਗੁਆ ਮਾਂ ਹੋਈ ਇਕੱਲੀ।।

ਦੁਨੀਆਂ ਨੂੰ ਤਬਾਹ ਕਰ ਕੇ ਕੀ ਹੈ ਖੱਟਣਾ
ਕਿਉਂ ਸਾਰਿਆਂ ਧਾਰ ਲਗਵਾਉਣਾ ਮੌਤ ਦਾ ਵੱਟਣਾ ?

ਕਲਮਾਂ ਵਾਲਿਓ ਕਲਮਾਂ ਦਾ ਮੂੰਹ ਜੰਗ ਖਿਲਾਫ ਖੋਲ੍ਹੋ
ਸ਼ਾਂਤੀ ਦੀ ਬਹਾਲੀ ਲਈ ਖੁੱਲ੍ਹ ਕੇ ਸਭ ਬੋਲ੍ਹੋ।।

ਪਹਿਲਾਂ ਜੰਗਾਂ ਹੱਕ,ਸੱਚ ਅਤੇ ਇਮਾਨ ਲਈ ਲੜੀਆਂ
ਹੁਣ ਤਾਂ ਚੌਧਰਾਂ, ਪਦਾਰਥਾਂ ਲਈ ਫ਼ੌਜਾਂ ਚੜ੍ਹੀਆਂ।

ਜੰਗ ਵਿੱਚੋਂ ਨਾ ਕੁਝ ਖੱਟ ਹੁੰਦਾ ਕਿਤੇ ਵੀ ਨਫ਼ਾ
ਖ਼ਲਕਤ ਖ਼ਿਲਾਫ਼ ਵੇਖੋ ਹਾਕਮ ਕਿਵੇਂ ਨਿਭਾਉਂਦੇ ਵਫ਼ਾ।।

**-ਡਾ. ਸੁਰਿੰਦਰਪਾਲ ਸਿੰਘ, ਸ੍ਰੀ ਅੰਮ੍ਰਿਤਸਰ ਸਾਹਿਬ।**

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਵਿੱਚ ਐਨ ਆਰ ਆਈਆਂ ਦੀ ਜਾਇਦਾਦ ਵੀ ਸੁਰੱਖਿਅਤ ਨਹੀਂ, ਮੁੱਖ ਮੰਤਰੀ ਭਗਵੰਤ ਮਾਨ ਦੀ ਸਰਪਰਸਤੀ ਹੇਠ ਧੱਕੇਸ਼ਾਹੀ ਜਾਰੀ : ਬੀਬੀ ਰਣਦੀਪ ਕੌਰ

## ਐਨ ਆਰ ਆਈ ਭੈਣਾਂ-ਭਰਾਵਾਂ ਦੇ ਹੱਕਾਂ ਦੀ ਲੜਾਈ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਹਮੇਸ਼ਾਂ ਡੱਟ ਕੇ ਪਹਿਰਾ ਦੇਵੇਗਾ : ਭਾਈ ਦਲਜੀਤ ਸਿੰਘ ਜਵੰਦਾ



**ਅੰਮ੍ਰਿਤਸਰ, 27 ਮਾਰਚ (ਆਵਾਜ਼ਿ ਕੌਮ ਬਿਊਰੋ)-** ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਅੰਮ੍ਰਿਤਸਰ ਵਿਖੇ ਇਕ ਵਿਸ਼ੇਸ਼ ਪ੍ਰੈਸ ਕਾਨਫਰੰਸ ਕੀਤੀ ਗਈ, ਜਿਸ ਵਿੱਚ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦੀ ਅਗਵਾਈ ਹੇਠ ਇਕ ਐਨ ਆਰ ਆਈ ਬੀਬੀ ਰਣਦੀਪ ਕੌਰ, ਜੋ ਕਿ ਕੈਨੇਡਾ ਦੀ ਸਿਟੀਜ਼ਨ ਹਨ, ਵੱਲੋਂ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਉੱਪਰ ਪੱਟੀ ਵਿਖੇ ਸਥਿਤ ਆਪਣੀ ਜ਼ਮੀਨ 'ਤੇ ਨਾਜਾਇਜ਼ ਕਬਜ਼ਾ ਕਰਨ ਦੇ ਗੰਭੀਰ ਦੋਸ਼ ਲਗਾਏ ਗਏ। ਪ੍ਰੈਸ ਨੂੰ ਸੰਬੋਧਨ ਕਰਦਿਆਂ ਬੀਬੀ ਰਣਦੀਪ ਕੌਰ ਨੇ ਦੱਸਿਆ ਕਿ ਕਿਸ ਤਰ੍ਹਾਂ ਮੰਤਰੀ ਲਾਲਜੀਤ ਸਿੰਘ ਭੁੱਲਰ ਅਤੇ ਉਸਦੇ ਪਿਤਾ ਵੱਲੋਂ ਉਨ੍ਹਾਂ ਨੂੰ ਦਫ਼ਤਰ ਵਿੱਚ ਬੁਲਾ ਕੇ ਡਰਾਇਆ-ਧਮਕਾਇਆ ਗਿਆ, ਜਲੀਲ ਕੀਤਾ ਗਿਆ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਗਈਆਂ। ਉਨ੍ਹਾਂ ਕਿਹਾ ਕਿ ਉਨ੍ਹਾਂ 'ਤੇ ਆਪਣੀ ਜਾਇਦਾਦ ਛੱਡਣ ਲਈ ਦਬਾਅ ਬਣਾਇਆ ਗਿਆ ਅਤੇ ਇਨਕਾਰ ਕਰਨ 'ਤੇ ਨਤੀਜੇ ਭੁਗਤਣ ਦੀਆਂ ਧਮਕੀਆਂ ਦਿੱਤੀਆਂ ਗਈਆਂ। ਉਨ੍ਹਾਂ ਹੋਰ ਖੁਲਾਸਾ ਕਰਦਿਆਂ ਦੱਸਿਆ ਕਿ ਪਹਿਲਾਂ ਉਨ੍ਹਾਂ ਦੇ ਭਰਾ ਕੋਲੋਂ ਅੱਧੀ ਜ਼ਮੀਨ ਖਰੀਦੀ ਗਈ ਅਤੇ ਬਾਅਦ ਵਿੱਚ ਉਸ ਨਾਲ ਲੱਗਦੀ ਉਨ੍ਹਾਂ ਦੀ ਬਾਕੀ ਜਾਇਦਾਦ 'ਤੇ ਵੀ ਜਬਰਦਸਤੀ ਕਬਜ਼ਾ ਕਰ ਲਿਆ ਗਿਆ। ਬੀਬੀ ਰਣਦੀਪ ਕੌਰ ਨੇ ਕਿਹਾ ਕਿ ਉਹ ਇਨਸਾਫ਼ ਲਈ ਤਿੰਨ ਵਾਰ ਕੈਨੇਡਾ ਤੋਂ ਪੰਜਾਬ ਆ ਚੁੱਕੇ ਹਨ, ਪਰ ਮੰਤਰੀ ਦੇ ਪ੍ਰਭਾਵ ਕਾਰਨ ਪ੍ਰਸ਼ਾਸਨ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਕਰ ਰਿਹਾ। ਉਨ੍ਹਾਂ ਇਹ ਵੀ ਦੱਸਿਆ ਕਿ ਮਰਹੂਮ ਡੀ ਐਮ ਗਗਨਦੀਪ ਸਿੰਘ ਰੰਧਾਵਾ ਦੇ ਮਾਮਲੇ ਵਿੱਚ ਗ੍ਰਿਫ਼ਤਾਰੀ ਹੋਣ ਦੇ ਬਾਵਜੂਦ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ ਪ੍ਰਭਾਵ ਕਾਇਮ ਹੈ ਅਤੇ ਉਸਦੀ ਗੈਰਹਾਜ਼ਰੀ ਵਿੱਚ ਉਸਦਾ ਪਰਿਵਾਰ ਹੀ ਉਸਦੇ ਸਾਰੇ ਕੰਮ ਚਲਾ ਰਿਹਾ ਹੈ। ਇਸ ਮੌਕੇ ਭਾਈ ਦਲਜੀਤ ਸਿੰਘ ਜਵੰਦਾ ਨੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ 'ਤੇ ਤਿੱਖੇ ਹਮਲੇ ਕਰਦਿਆਂ ਕਿਹਾ ਕਿ ਸੂਬੇ ਵਿੱਚ ਕਾਨੂੰਨ-ਵਿਵਸਥਾ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ ਅਤੇ ਆਮ ਲੋਕਾਂ ਸਮੇਤ ਐਨ ਆਰ ਆਈ ਵੀ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ।

ਉਨ੍ਹਾਂ ਐਨ ਆਰ ਆਈ ਭੈਣਾਂ-ਭਰਾਵਾਂ ਨੂੰ ਭਰੋਸਾ ਦਵਾਇਆ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਹਰ ਹਾਲਤ ਵਿੱਚ ਉਨ੍ਹਾਂ ਦੇ ਨਾਲ ਖੜਾ ਹੈ ਅਤੇ ਉਨ੍ਹਾਂ ਦੇ ਹੱਕਾਂ ਦੀ ਰੱਖਿਆ ਲਈ ਹਰ ਮੰਚ 'ਤੇ ਲੜਾਈ ਲੜੀ ਜਾਵੇਗੀ। ਉਨ੍ਹਾਂ ਕਿਹਾ ਕਿ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਐਨ ਆਰ ਆਈਜ਼ ਦੇ ਹੱਕਾਂ ਲਈ ਵਚਨਬੱਧ ਹੈ ਅਤੇ ਕਿਸੇ ਨੂੰ ਵੀ ਉਨ੍ਹਾਂ ਦੀ ਜਾਇਦਾਦ 'ਤੇ ਨਾਜਾਇਜ਼ ਕਬਜ਼ਾ ਨਹੀਂ ਕਰਨ ਦਿੱਤਾ ਜਾਵੇਗਾ। ਭਾਈ ਜਵੰਦਾ ਨੇ ਇਹ ਵੀ ਕਿਹਾ ਕਿ ਜੇਕਰ 2027 ਵਿੱਚ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਅਗਵਾਈ ਵਿੱਚ ਸਰਕਾਰ ਬਣਦੀ ਹੈ ਤਾਂ ਪੰਜਾਬ ਵਿੱਚ ਕਿਸੇ ਵੀ ਐਨ ਆਰ ਆਈ ਨੂੰ ਆਪਣੀ ਜਾਇਦਾਦ ਲਈ ਚਿੰਤਾ ਨਹੀਂ ਰਹੇਗੀ ਅਤੇ ਹਰ ਇੱਕ ਨੂੰ ਇਨਸਾਫ਼ ਮਿਲੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਹਲਕਾ ਜੰਡਿਆਲਾ ਤੋਂ ਮਨਜੀਤ ਭੱਟੀ ਦੀ ਅਗਵਾਈ 'ਚ

# 60 ਪਰਿਵਾਰ ਅਕਾਲੀ ਦਲ ਵਿਚ ਸ਼ਾਮਲ



ਚੌਕ ਮਹਿਤਾ, 27 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)-ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਅਕਾਲੀ ਆਗੂ ਅਤੇ (ਐੱਸ. ਸੀ. ਵਿੰਗ) ਜ਼ਿਲਾ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਮਨਜੀਤ ਸਿੰਘ ਭੱਟੀ ਤੇ ਹਰਵਿੰਦਰ ਸਿੰਘ ਫੌਜੀ ਦੇ ਗ੍ਰਹਿ ਪਿੰਡ ਨੰਗਲ ਦਿਆਲ ਸਿੰਘ ਵਿਖੇ ਸ਼੍ਰੋਮਣੀ ਅਕਾਲੀ ਦਲ ਦੀ ਚੜਦੀ ਕਲਾ ਅਤੇ ਸਰਬੱਤ ਦੇ ਭਲੇ ਲਈ ਸ੍ਰੀ ਅਖੰਡ ਪਾਠ ਦੇ ਭੋਗ ਪਾਏ ਗਏ। ਉਪਰੰਤ ਰਾਗੀ ਸਿੰਘਾਂ ਦੇ ਵੱਲੋਂ ਵੱਡੀ ਗਿਣਤੀ ਵਿਚ ਆਈਆਂ ਸੰਗਤਾਂ ਨੂੰ ਇਲਾਹੀ ਬਾਣੀ ਦਾ ਕੀਰਤਨ ਸਰਵਣ ਕਰਵਾਇਆ ਗਿਆ। ਇਸ ਦੌਰਾਨ ਜ਼ਿਲਾ ਪ੍ਰਧਾਨ ਮਨਜੀਤ ਸਿੰਘ ਨੇ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਪੰਥਕ ਪਾਰਟੀ ਹੈ, ਜੋ ਹਮੇਸ਼ਾਂ ਪੰਥ ਦੀ ਚੜ੍ਹਦੀ ਕਲਾ ਲਈ ਕਾਰਜਸ਼ੀਲ ਹੈ। ਅੱਜ ਲੋੜ ਹੈ ਕਿ ਅਸੀਂ ਸਾਰੇ ਇਕਜੁੱਟਤਾ ਦੇ ਨਾਲ ਸ਼੍ਰੋਮਣੀ ਅਕਾਲੀ ਦਲ ਨੂੰ ਤਗੜਾ ਕਰੀਏ ਅਤੇ ਪੰਥ ਤੇ ਪੰਜਾਬ ਵਿਰੋਧੀ ਵਿਚਾਰਧਾਰਾ ਰੱਖਣ ਵਾਲੀਆਂ ਦਿੱਲੀ ਦੀਆਂ ਪਾਰਟੀਆਂ ਨੂੰ ਇਥੋਂ ਭਜਾਈਏ। ਇਸ ਸਮੇਂ ਜ਼ਿਲਾ ਪ੍ਰਧਾਨ ਮਨਜੀਤ ਸਿੰਘ ਭੱਟੀ ਦੀ ਮਿਹਨਤ ਅਤੇ ਪ੍ਰੇਰਨਾਂ ਦੇ ਸਦਕਾ ਦਰਜਨਾਂ ਪਰਿਵਾਰ ਸ਼੍ਰੋਮਣੀ ਅਕਾਲੀ ਦਲ ਵਿਚ ਸ਼ਾਮਿਲ ਹੋਏ ਮਨਜੀਤ ਭੱਟੀ ਨੇ ਦੱਸਿਆ ਕਿ ਹਲਕਾ ਜੰਡਿਆਲਾ ਗੁਰੂ ਦੇ 60 ਦੇ ਕਰੀਬ ਪਰਿਵਾਰ ਅੱਜ ਆਮ ਆਦਮੀ ਪਾਰਟੀ ਅਤੇ ਕਾਂਗਰਸ ਨੂੰ ਛੱਡ ਕੇ ਅਕਾਲੀ ਦਲ ਵਿੱਚ ਸ਼ਾਮਿਲ ਹੋਏ ਹਨ। ਉਨਾਂ ਕਿਹਾ ਕਿ ਸੂਬੇ ਦੇ ਲੋਕ ਆਪਣੀ ਖੇਤਰੀ ਪਾਰਟੀ ਨੂੰ ਮੁੜ ਸੱਤਾ ਵਿਚ ਲਿਆਉਣ ਲਈ ਕਾਹਲੇ ਬੈਠੇ ਹਨ। ਸਾਡੀ ਟੀਮ ਦੇ ਵੱਲੋਂ ਹਲਕਾ ਜੰਡਿਆਲਾ ਗੁਰੂ ਅਤੇ ਜਿਲਾ ਅੰਮ੍ਰਿਤਸਰ ਦੇ ਵੱਖ ਵੱਖ ਪਿੰਡਾਂ ਵਿਚ ਰੋਜਾਨਾਂ ਮੀਟਿੰਗ ਕੀਤੀਆਂ ਜਾ ਰਹੀਆਂ ਹਨ, ਆਉਣ ਵਾਲੇ ਦਿਨਾਂ ਵਿਚ ਲੋਕਾਂ ਦਾ ਵੱਡਾ ਜਨ ਸੈਲਾਬ ਅਕਾਲੀ ਦਲ ਦੇ ਹੱਕ ਵਿਚ ਖੜ੍ਹਾ ਹੁੰਦਾ ਦਿਖਾਈ ਦੇਵੇਗਾ।

ਇਸ ਮੌਕੇ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ, ਸਾਬਕਾ ਵਿਧਾਇਕ ਤੇ ਸ਼੍ਰੋਮਣੀ ਕਮੇਟੀ ਮੈਂਬਰ ਜੱਥੇਦਾਰ ਬਲਜੀਤ ਸਿੰਘ ਜਲਾਲ ਉਸਮਾ, ਬਲਦੇਵ ਸਿੰਘ ਨਵਾਂ ਪਿੰਡ, ਨਿਰਵੈਲ ਸਿੰਘ ਫੌਜੀ ਰਸੂਲਪੁਰ ਕਲਾ, ਹਰਜੀਤ ਸਿੰਘ ਸਰਪੰਚ ਵਡਾਲਾ ਜੌਹਲ, ਜਥੇਦਾਰ ਬਲਵਿੰਦਰ ਸਿੰਘ ਮਲਕਪੁਰ, ਸੋਨੂੰ ਸਿੰਘ ਨਿਜ਼ਾਮਪੁਰ, ਜਥੇਦਾਰ ਕਰਤਾਰ ਸਿੰਘ, ਬਾਬਾ ਲੱਖਾ ਸਿੰਘ ਨਹਿਰ ਵਾਲੇ, ਕੁਲਵੰਤ ਸਿੰਘ ਨੰਗਲ ਦਿਆਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਖਾਲਸਾ ਕਾਲਜ ਮਹਿਤਾ ਐਮ.ਏ ਇਤਿਹਾਸ ਦਾ ਸ਼ਾਨਦਾਰ ਨਤੀਜਾ



**ਚੌਕ ਮਹਿਤਾ, 27 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਦੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਵੱਲੋਂ ਐਲਾਨੇ ਗਏ ਐਮ.ਏ ਤੀਜੇ ਸਮੈਸਟਰ ਦੇ ਨਤੀਜੇ 100% ਰਹੇ। ਜਿਸ ਵਿੱਚ ਸੰਦੀਪ ਕੌਰ,ਹਰਪ੍ਰੀਤ ਕੌਰ, ਨਵਨੀਤ ਕੌਰ ਨੇ ਪਹਿਲਾ, ਸ਼ਰਨਜੀਤ ਕੌਰ ਨੇ ਦੂਜਾ, ਮਨਦੀਪ ਕੌਰ ,ਕਿਰਨਦੀਪ ਕੌਰ, ਮਨਪ੍ਰੀਤ ਕੌਰ ਨੇ ਤੀਜਾ ਸਥਾਨ ਹਾਸਿਲ ਕਰਕੇ ਆਪਣੇ ਮਾਪਿਆਂ ਅਤੇ ਕਾਲਜ ਦਾ ਮਾਣ ਵਧਾਇਆ। ਇਸ ਤੋਂ ਇਲਾਵਾ ਜਸ਼ਨਪ੍ਰੀਤ ਕੌਰ, ਪ੍ਰੇਮਜੀਤ ਸਿੰਘ ਤੇ ਯਾਦਵੀਰ ਕੌਰ ਨੇ ਵੀ ਵਧੀਆ ਅੰਕ ਪ੍ਰਾਪਤ ਕੀਤੇ । ਇਸ ਮੌਕੇ ਖੁਸ਼ੀ ਜ਼ਾਹਿਰ ਕਰਦੇ ਹੋਏ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਕਿਹਾ ਕਿ ਇਸ ਸਾਲ ਸਾਡੇ ਕਾਲਜ ਨੇ ਅਕਾਦਮਿਕ ਖੇਤਰ ਵਿੱਚ ਨਵੀਆਂ ਉਚਾਈਆਂ ਨੂੰ ਛੂਹਿਆ ਹੈ। ਇਹ ਨਤੀਜਾ ਇਥੇ ਸਾਡੀ ਟੀਮ ਵਰਕ, ਵਿਦਿਆਰਥੀਆਂ ਦੀ ਮਿਹਨਤ ,ਅਧਿਆਪਕਾਂ ਵੱਲੋਂ ਸੱਚੇ ਨਿਭਾਏ ਗਏ ਫਰਜ਼ ਅਤੇ ਮਾਪਿਆਂ ਦੇ ਵਿਸ਼ਵਾਸ ਦਾ ਪਰਿਣਾਮ ਹੈ ਉਹਨਾਂ ਨੇ ਵਿਦਿਆਰਥੀਆ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਕਿਹਾ ਕਿ ਸੰਸਥਾ ਹਮੇਸ਼ਾ ਇਸੇ ਯਤਨ ਵਿੱਚ ਰਹਿੰਦੀ ਹੈ ਕਿ ਵਿਦਿਆਰਥੀਆਂ ਨੂੰ ਅਜਿਹੀ ਵਿਦਿਅਕ ਸਿਖਲਾਈ ਦਿੱਤੀ ਜਾਵੇ, ਜਿਸ ਨਾਲ ਉਹ ਵਰਤਮਾਨ ਸਮੇਂ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਕਾਬਲ ਬਣ ਸਕਣ ਅਤੇ ਆਧੁਨਿਕ ਮੁਕਾਬਲੇ ਵਾਲੇ ਯੁੱਗ ਵਿੱਚ ਆਪਣੀ ਨਿਵੇਕਲੀ ਪਹਿਚਾਣ ਬਣਾ ਸਕਣ । ਨਾਲ ਹੀ ਉਹਨਾਂ ਨੇ ਆਪਣੇ ਕਾਲਜ ਦੇ ਮਿਹਨਤੀ ਅਤੇ ਕਾਬਲ ਅਧਿਆਪਕਾਂ ਦਾ ਧੰਨਵਾਦ ਕੀਤਾ। ਇਸ ਸੁਨਹਿਰੀ ਮੌਕੇ 'ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾਂ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਡਾ.ਜਤਿੰਦਰ ਸ਼ਰਮਾ , ਕੁਲਦੀਪ ਕੌਰ , ਸੁਖਦੇਵ ਸਿੰਘ, ਮਨਜੀਤ ਕੌਰ,ਗੁਰਵਿੰਦਰ ਕੌਰ,ਨਵਨੀਤ ਕੌਰ, ਸੰਦੀਪ ਕੌਰ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਲਹਿਰੀ ਦੀ ਧੀ ਜਸ਼ਨਪ੍ਰੀਤ ਕੌਰ ਨੇ ਰਾਸ਼ਟਰੀ ਪੱਧਰ 'ਤੇ ਕਾਂਸੀ ਪਦਕ ਜਿੱਤ ਕੇ ਕੀਤਾ ਨਾਮ ਰੌਸ਼ਨ, ਹੁਣ ਰੂਸ 'ਚ ਕਰੇਗੀ ਦੇਸ਼ ਦੀ ਨੁਮਾਇੰਦਗੀ

## ਜਸ਼ਨਪ੍ਰੀਤ ਨੂੰ ਮਿਲਿਆ ਪਿੰਡ ਦੇ ਮੋਹਤਬਰਾਂ ਵੱਲੋਂ ਵੱਡਾ ਸਨਮਾਨ



ਤਲਵੰਡੀ ਸਾਬੋ, 27 ਮਾਰਚ (ਗੁਰਜੰਟ ਸਿੰਘ ਨਥੇਹਾ)- ਪਿੰਡ ਲਹਿਰੀ ਦੀ ਹੋਣਹਾਰ ਵਿਦਿਆਰਥਣ ਜਸ਼ਨਪ੍ਰੀਤ ਕੌਰ ਨੇ ਵੁਸ਼ੂ ਖੇਡ ਵਿੱਚ ਰਾਸ਼ਟਰੀ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਂਸੀ ਪਦਕ ਹਾਸਲ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ ਹੈ। ਹੁਣ ਉਹ ਅੰਤਰਰਾਸ਼ਟਰੀ ਪੱਧਰ 'ਤੇ ਰੂਸ ਵਿੱਚ ਖੇਡਣ ਲਈ ਚੁਣੀ ਗਈ ਹੈ, ਜੋ ਕਿ ਪਿੰਡ ਅਤੇ ਇਲਾਕੇ ਲਈ ਮਾਣ ਵਾਲੀ ਗੱਲ ਹੈ। ਜਸ਼ਨਪ੍ਰੀਤ ਕੌਰ ਦੀ ਇਸ ਵੱਡੀ ਉਪਲਬਧੀ ਨੂੰ ਦੇਖਦੇ ਹੋਏ ਪਿੰਡ ਦੇ ਸਮਾਜ ਸੇਵੀਆਂ ਅਤੇ ਆਗੂਆਂ ਵੱਲੋਂ ਉਸਦਾ ਸਨਮਾਨ ਕੀਤਾ ਗਿਆ। ਇਸ ਮੌਕੇ ਨੰਬਰਦਾਰ ਯੂਨੀਅਨ ਪੰਜਾਬ ਦੇ ਸੂਬਾ ਆਗੂ ਜਸਪਾਲ ਸਿੰਘ ਨੰਬਰਦਾਰ ਵੱਲੋਂ 50 ਹਜ਼ਾਰ ਰੁਪਏ ਦੀ ਰਾਸ਼ੀ ਭੇਟ ਕੀਤੀ ਗਈ। ਪਿੰਡ ਦੇ ਸਰਪੰਚ ਹਰਮੰਦਰ ਸਿੰਘ ਬਰਾੜ ਨੇ 11 ਹਜ਼ਾਰ ਰੁਪਏ, ਸਤਿੰਦਰ ਸਿੰਘ ਐਚ.ਆਰ. ਪੈਨਕਾਰਬੋ ਗਰੀਨਫਿਊਲ ਪ੍ਰਾਈਵੇਟ ਲਿਮਿਟਡ, ਲਹਿਰੀ ਵੱਲੋਂ 1100 ਰੁਪਏ, ਭੋਲਾ ਸਿੰਘ ਨੰਗਲਾ ਅਤੇ ਹਰਜੀਤ ਸਿੰਘ ਪੁੱਤਰ ਬਿੱਕਰ ਸਿੰਘ ਲਹਿਰੀ ਵੱਲੋਂ 1000-1000 ਰੁਪਏ ਦੀ ਰਾਸ਼ੀ ਦੇ ਕੇ ਹੌਸਲਾ ਅਫਜ਼ਾਈ ਕੀਤੀ ਗਈ। ਇਸ ਮੌਕੇ ਸਾਰੇ ਮੌਜੂਦ ਮੋਹਤਬਰਾਂ ਵੱਲੋਂ ਕਾਮਨਾ ਕੀਤੀ ਗਈ ਕਿ ਜਸ਼ਨਪ੍ਰੀਤ ਕੌਰ ਰੂਸ ਵਿੱਚ ਹੋਣ ਵਾਲੀਆਂ ਮੁਕਾਬਲਿਆਂ ਵਿੱਚ ਭਾਗ ਲੈ ਕੇ ਭਾਰਤ ਦਾ ਨਾਮ ਹੋਰ ਉੱਚਾ ਕਰੇਗੀ। ਸਕੂਲ ਦੇ ਪ੍ਰਿੰਸੀਪਲ ਲਖਵਿੰਦਰ ਸਿੰਘ ਸਿੱਧੂ ਨੇ ਜਿੱਥੇ ਸਨਮਾਨ ਕਰਨ ਵਾਲੇ ਸਾਰੇ ਮੋਹਤਬਰਾਂ ਦਾ ਧੰਨਵਾਦ ਕੀਤਾ, ਉੱਥੇ ਇਹ ਵੀ ਉਮੀਦ ਜਤਾਈ ਕਿ ਜਸ਼ਨਪ੍ਰੀਤ ਕੌਰ ਆਪਣੀ ਮਹਿਨਤ ਅਤੇ ਲਗਨ ਨਾਲ ਅੰਤਰਰਾਸ਼ਟਰੀ ਪੱਧਰ 'ਤੇ ਵੀ ਕਾਮਯਾਬੀ ਹਾਸਲ ਕਰੇਗੀ। ਸਕੂਲ ਪ੍ਰਬੰਧਕੀ ਕਮੇਟੀ ਪ੍ਰਧਾਨ ਸ੍ਰੀਮਤੀ ਜਸਵਿੰਦਰ ਕੌਰ ਸਿੱਧੂ ਅਤੇ ਸਕੱਤਰ ਸ਼੍ਰੀਮਤੀ ਪਰਮਜੀਤ ਕੌਰ ਸੇਖੋਂ ਨੇ ਵੀ ਜਸ਼ਨਪ੍ਰੀਤ ਕੌਰ ਵਧਾਈ ਦਿੱਤੀ ਅਤੇ ਮੋਹਤਬਰ ਸ਼ਖਸ਼ੀਅਤਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਸਮਾਗਮ ਦੌਰਾਨ ਸਰਪੰਚ ਹਰਮੰਦਰ ਸਿੰਘ ਬਰਾੜ, ਅੰਗਰੇਜ ਸਿੰਘ ਗਾਂਧੀ ਅਤੇ ਭੋਲਾ ਸਿੰਘ ਨੰਗਲਾ ਸਮੇਤ ਹੋਰ ਮੋਹਤਬਰ ਵਿਅਕਤੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਭਿਅਕ ਸਮਾਜ ਦੇ ਵਿੱਚ ਕਿਰਦਾਰ ਨੂੰ ਅਤੇ ਲੋਕਾਂ ਵਿੱਚ ਆਪਣੀ ਲੋਕਪ੍ਰੀਅਤਾ ਨੂੰ ਜੀਵਨ ਦੇ ਆਖਰੀ ਸਾਹਾਂ ਤੱਕ ਕਾਇਮ ਰੱਖਣਾ ਔਖਾ



ਪੰਜਾਬ ਦੀ ਰਾਜਨੀਤੀ ਦੇ ਬਾਬਾ ਬੋਹੜ ਕਹੇ ਜਾਣ ਵਾਲੇ ਪ੍ਰਕਾਸ਼ ਸਿੰਘ ਬਾਦਲ ਜ਼ਿੰਦਗੀ ਦੀ ਆਖਰੀ ਚੋਣ ਹਾਰ ਕੇ ਸੰਸਾਰ ਤੋਂ ਗਏ ਪੰਜਾਬ ਦੀ ਗਾਇਕੀ ਦੇ ਸੀਨੀਅਰ ਕਲਾਕਾਰ ਗੁਰਦਾਸ ਮਾਨ ਖੁਦ ਦੀ ਜੁਬਾਨ ਚੋਂ ਨਿਕਲੇ ਘਟੀਆ ਸ਼ਬਦਾਂ ਨੂੰ ਸਮਾਜ ਵਿੱਚ ਧੋਣ ਦੇ ਵਿੱਚ ਨਾ ਕਾਮਯਾਬ ਰਹੇ ਸੰਸਾਰ ਤੇ ਆਈ ਕੋਈ ਸ਼ਖਸੀਅਤ ਵੇਦਾਗ ਧਰਤੀ ਤੋਂ ਚਲੀ ਜਾਵੇ ਇਸ ਗੱਲ ਨੂੰ ਤਾਂ ਪਰਮਾਤਮਾ ਦੀ ਅਪਾਰ ਕਿਰਪਾ ਹੀ ਮੰਨ ਕੇ ਚਲੋ । ਪੰਜਾਬ ਦੀ ਰਾਜਨੀਤੀ ਤੇ ਬਾਬਾ ਬੋਹੜ ਕਹੇ ਜਾਣ ਵਾਲੇ ਪ੍ਰਕਾਸ਼ ਸਿੰਘ ਬਾਦਲ ਆਪਣੇ ਰਾਜਨੀਤੀ ਕਰੀਅਰ ਵਿੱਚ ਆਖਰੀ ਚੋਣ ਹਾਰ ਕੇ ਸੰਸਾਰ ਤੋਂ ਗਏ । ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਬੇਅਦਬੀ ਕਰਾਉਣ ਦੇ ਦੋਸ਼ ਉਹਨਾਂ ਤੇ ਜ਼ਿੰਦਗੀ ਦਾ ਸਭ ਤੋਂ ਵੱਡਾ ਕਾਲਾ ਧੱਬਾ ਸੀ । ਜਿਸ ਦਾਗ ਨੂੰ ਪ੍ਰਕਾਸ਼ ਸਿੰਘ ਬਾਦਲ ਜਿੰਦਗੀ ਦੇ ਆਖਰੀ ਸਾਹ ਤੱਕ ਧੋ ਨਹੀਂ ਸਕੇ । ਪੰਜਾਬ ਦੀ ਗਾਇਕੀ ਦੇ ਸੀਨੀਅਰ ਕਲਾਕਾਰ ਗੁਰਦਾਸ ਮਾਨ ਵਿਦੇਸ਼ ਦੇ ਵਿੱਚ ਸੋਅ ਕਰਦਿਆ ਵਿਰੋਧ ਕਰਨ ਆਏ ਸਰਦਾਰ ਨੂੰ ਹੱਥ ਚ ਫੜੇ ਕਾਗਜ ਵਾਰੇ ਬੱਤੀ ਬਣਾ ਕੇ ਲੈਣ ਵਾਲੇ ਸਿਰਫ ਇੱਕ ਸ਼ਬਦ ਨਾਲ ਜ਼ਿੰਦਗੀ ਚ ਮਾਂ ਬੋਲੀ ਦੀ ਸੇਵਾ ਕਰਨ ਦੇ ਦਾਵਿਆਂ ਨੂੰ ਚਕਣਾ ਚੂਰ ਕਰ ਦਿੱਤਾ । ਗੁਰਦਾਸ ਮਾਨ ਦੀ ਸਭ ਤੋਂ ਵੱਡੀ ਤਰਾਸਦੀ ਉਸ ਵੇਲੇ ਦੇਖਣ ਨੂੰ ਮਿਲੀ ਜਦੋਂ ਦਿੱਲੀ ਦੀਆਂ ਬਹਰੂਹਾਂ ਤੇ ਕਿਸਾਨਾਂ ਵੱਲੋਂ ਸਦੀ ਦਾ ਸਭ ਤੋਂ ਵੱਡਾ ਰੋਸ ਧਰਨਾ ਮੌਜੂਦਾ ਸਰਕਾਰ ਦੇ ਖਿਲਾਫ ਚੱਲ ਰਿਹਾ ਸੀ । ਆਪਣੇ ਵਿਚਾਰ ਪੇਸ਼ ਕਰਨ ਲਈ ਖੜੇ ਹੋਏ ਗੁਰਦਾਸ ਮਾਨ ਨੂੰ ਉਸ ਵੇਲੇ ਨਮੋਸ਼ੀ ਦਾ ਸਾਹਮਣਾ ਕਰਨਾ ਪਿਆ ਜਦੋਂ ਧਰਨੇ ਚ ਬੈਠੀ ਨੌਜਵਾਨੀ ਨੇ ਗੁਰਦਾਸ ਮਾਨ ਨੂੰ ਸੁਣਨ ਤੋਂ ਇਨਕਾਰ ਕਰ ਦਿੱਤਾ ।

**ਵਿਸ਼ੇਸ਼ ਕਥਨ :** ਇਨਸਾਨ ਦੀ ਜ਼ਿੰਦਗੀ ਵਿੱਚ ਤਰਾਸਦੀ ਤੁਹਾਡੀ ਆਗਿਆ ਲੈ ਕੇ ਨਹੀਂ ਆਉਂਦੀ

**-ਪਰਗਟ ਸਿੰਘ ਬਲਬੇੜਾ**, 9022000070

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਕੈਬਨਿਟ ਮੰਤਰੀ ਸ੍ਰ ਈ.ਟੀ.ਓ ਜੀ ਵੱਲੋਂ ਪਿੰਡ ਕਿਲ੍ਹਾ ਜੀਵਨ ਸਿੰਘ ਵਿਖੇ ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਤੇ ਕਿਹਾ

# ਲੋਕਾਂ ਦੇ ਹਿੱਤਾਂ ਲਈ ਹਰੇਕ ਵਾਅਦੇ ਨੂੰ ਕੀਤਾ ਪੂਰਾ



**ਜੰਡਿਆਲਾ ਗੁਰੂ, 27 ਮਾਰਚ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਤੇ ਲੋਕ ਨਿਰਮਾਣ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ. ਨੇ ਜੰਡਿਆਲਾ ਹਲਕੇ ਦੇ ਪਿੰਡ ਕਿਲ੍ਹਾ ਜੀਵਨ ਸਿੰਘ ਵਿਖੇ ਲੋਕਾਂ ਨਾਲ ਸਿੱਧਾ ਸੰਵਾਦ ਸ਼ੁਰੂ ਕੀਤਾ ਅਤੇ ਸਰਕਾਰ ਵਲੋਂ ਕੀਤੇ ਗਏ ਵਿਕਾਸ ਕਾਰਜਾਂ ਅਤੇ ਚਾਰ ਸਾਲ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਉਨਾਂ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਸੀ ਵਿਰੋਧੀ ਪਾਰਟੀਆਂ ਵਾਂਗ ਝੂਠੇ ਲਾਰੇ ਨਹੀ ਲਾਉਂਦੇ।ਉਨਾਂ ਵਿਰੋਧੀ ਪਾਰਟੀਆਂ ਤੇ ਤੰਜ਼ ਕੱਸਦਿਆਂ ਕਿਹਾ ਕਿ ਇੰਨ੍ਹਾਂ ਨੇ ਤਾਂ ਆਪਣੀਆਂ ਸਰਕਾਰਾਂ ਵੇਲੇ ਪੰਜਾਬ ਨੂੰ ਲੁੱਟਿਆ ਹੈ ਅਤੇ ਪਿਛਲੀਆਂ ਸਰਕਾਰਾਂ ਕੇਵਲ ਆਪਣੀ ਆਖਿਰੀ ਸਾਲ ਦੇ ਕੰਮ ਵਿੱਚ ਹੀ ਛੋਟੇ ਮੋਟੇ ਵਿਕਾਸ ਦੇ ਕੰਮ ਕਰਕੇ ਲੋਕਾਂ ਨੂੰ ਵਰਗਲਾ ਲੈਂਦੀਆਂ ਸਨ।ਉਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਪਹਿਲੇ ਸਾਲ ਤੋਂ ਹੀ ਲੋਕਾਂ ਨਾਲ ਕੀਤੀਆਂ ਗਰੰਟੀਆਂ ਨੂੰ ਪੂਰਾ ਕਰਨਾ ਸ਼ੁਰੂ ਕਰ ਦਿੱਤਾ ਸੀ। ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੇ ਸ਼ਾਨਦਾਰ ਚਾਰ ਸਾਲ ਪੂਰੇ ਹੋਣ ਤੇ ਸ: ਈ.ਟੀ.ਓ. ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਕਿਹਾ ਕਿ ਸਿਹਤ ਦੇ ਖੇਤਰ ਵਿਚ ਕ੍ਰਾਂਤੀਕਾਰੀ ਬਦਲਾ ਲਿਆਂਦੇ ਹੋਏ ਸਿਹਤ ਬੀਮਾ ਯੋਜਨਾ ਸ਼ੁਰੂ ਕੀਤੀ ਗਈ ।ਜਿਸ ਤਹਿਤ ਹਰ ਵਰਗ ਦੇ ਹਰੇਕ ਨਾਗਰਿਕ ਲਈ 10 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਦੀ ਸਹੂਲਤ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਮਹਿਲਾਵਾਂ ਦੀ ਆਰਥਿਕ ਮਜਬੂਤੀ ਲਈ ਜਰਨਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਅਤੇ ਐਸ.ਸੀ ਵਰਗ ਦੀਆਂ ਔਰਤਾਂ ਲਈ 1500 ਦੀ ਸਹੂਲਤ ਪ੍ਰਦਾਨ ਕੀਤੀ ਗਈ ਹੈ। ਸਿੱਖਿਆ ਦੇ ਖੇਤਰ ਵਿੱਚ ਕਰੋੜਾਂ ਰੁਪਏ ਖਰਚ ਕੇ ਵੱਡੇ ਸੁਧਾਰ ਕਰਦਿਆਂ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ ਅਤੇ ਪ੍ਰਾਈਵੇਟ ਸਕੂਲਾਂ ਦੀ ਤਰ੍ਹਾਂ ਸਰਕਾਰੀ ਸਕੂਲਾਂ ਵਿੱਚ ਵੀ ਸਾਰੀਆਂ ਸੁਵਿਧਾਵਾਂ ਉਪਲਬਧ ਕਰਵਾਈਆਂ ਗਈਆਂ ਹਨ। ਇਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਗਏ ਅਤੇ ਬਿਨਾਂ ਕਿਸੇ ਸਿਫਾਰਿਸ਼ ਦੇ ਨੌਕਰੀਆਂ ਦਿੱਤੀਆਂ ਗਈਆਂ ਹਨ।ਕਾਨੂੰਨ ਵਿਵਸਥਾ ਨੂੰ ਮਜਬੂਤ ਕਰਨ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਗਈ ਅਤੇ ਅਜਿਹਾ ਕਾਰੋਬਾਰ ਕਰਨ ਵਾਲਿਆਂ ਖਿਲਾਫ ਵੱਡੇ ਪੱਧਰ ਤੇ ਕਾਰਵਾਈਆਂ ਕੀਤੀਆਂ ਗਈਆਂ।ਉਨ੍ਹਾਂ ਦੱਸਿਆ ਕਿ ਕਰੋੜਾਂ ਰੁਪਏ ਖਰਚ ਕੇ ਸੜਕਾਂ ਦਾ ਨਵੀਨੀਕਰਨ,ਪੁੱਲਾਂ ਦੀ ਉਸਾਰੀ ਅਤੇ ਹੋਰ ਵੱਡੇ ਪ੍ਰੋਜੈਕਟਾਂ ਤੇ ਕੰਮ ਕਰਕੇ ਬੁਨਿਆਦੀ ਢਾਂਚੇ ਨੂੰ ਮਜਬੂਤ ਕੀਤਾ ਗਿਆ।ਕੈਬਨਿਟ ਮੰਤਰੀ ਈ.ਟੀ.ਓ. ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਵੱਡੀ ਰਾਹਤ ਦੇਣ ਲਈ 90% ਘਰਾਂ ਦੇ ਬਿਜਲੀ ਦੇ ਬਿੱਲ ਜੀਰੋ ਆ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਾਬਤ ਕਰ ਦਿੱਤਾ ਹੈ ਕਿ ਜੇ ਨੀਅਤ ਸਾਫ ਹੋਵੇ ਤਾਂ ਘੱਟ ਸਮੇਂ ਵਿੱਚ ਵੀ ਵੱਡੇ ਬਦਲਾਅ ਲਿਆਂਦੇ ਜਾ ਸਕਦੇ ਹਨ। ਆਉਣ ਵਾਲੇ ਸਮੇਂ ਵਿੱਚ ਵੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਨੂੰ ਤਰੱਕੀ ਅਤੇ ਖੁਸ਼ਹਾਲੀ ਦੀ ਨਵੀਂ ਉਚਾਈਆਂ ਤੱਕ ਲਿਜਾਇਆ ਜਾਵੇਗਾ। ਇਸ ਮੌਕੇ ਵੱਡੀ ਗਿਣਤੀ ਵਿਚ ਲੋਕ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋਏ ਅਤੇ ਇਕ ਸੁਰ ਵਿਚ ਕਿਹਾ ਕਿ ਅਸੀ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀਆਂ ਨੀਤੀਆਂ ਤੋ ਖੁਸ਼ ਹੋ ਕੇ ਪਾਰਟੀ ਵਿਚ ਸ਼ਾਮਲ ਹੋ ਰਹੇ ਹਾਂ।ਪਾਰਟੀ ਵਿਚ ਸ਼ਾਮਲ ਹੋਣ ਵਾਲਿਆਂ ਵਿਚ ਸਰਦਾਰ ਹਰਪਾਲ ਸਿੰਘ ,ਸਰਦਾਰ ਤਰਸੇਮ ਸਿੰਘ ,ਸਰਦਾਰ ਕਿਰਪਾਲ ਸਿੰਘ,ਸਰਦਾਰ ਮੁਖ਼ਤਾਰ ਸਿੰਘ ,ਸਰਦਾਰ ਰਾਜਵਿੰਦਰ ਸਿੰਘ ,ਸਰਦਾਰ ਰਾਧਾ ਸਿੰਘ ਅਨੇਕਾਂ ਪਰਿਵਾਰਾਂ ਸਮੇਤ ਅਕਾਲੀ ਦਲ ਪਾਰਟੀ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ। ਇਸ ਮੋਕੇ ਬਲਾਕ ਪ੍ਰਧਾਨ/ਸਰਪੰਚ ਪਿੰਡ ਕਿਲ੍ਹਾ ਜੀਵਨ ਸਿੰਘ ਬਲਜਿੰਦਰ ਸਿੰਘ, ਸਰਪੰਚ ਨਿਰਵੈਲ ਸਿੰਘ, ਸੁਨੀਲ ਪਾਸੀਂ ਮੰਡੀ ਪ੍ਰਧਾਨ ਜੰਡਿਆਲਾ ਗੁਰੂ ਮੰਡੀ, ਸਰਪੰਚ ਪਿੰਡ ਛਾਪਾ ਸਿੰਘ ਪਲਵਿੰਦਰ ਕੋਰ, ਸ: ਕੁਲਦੀਪ ਸਿੰਘ ਬੱਬਲੂ, ਸਰਪੰਚ ਇੰਦਰਜੀਤ ਸਿੰਘ, ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

**ਕੈਬਨਿਟ ਮੰਤਰੀ ਈ.ਟੀ.ਓ. ਨੇ ਲੋਕਾਂ ਨੂੰ ਸਰਕਾਰ ਦੀਆਂ ਚਾਰ ਸਾਲ ਦੀਆਂ ਪ੍ਰਾਪਤੀਆਂ ਤੋਂ ਕਰਵਾਇਆ ਜਾਣੂੰ**

### ਹਲਕਾ ਜ਼ੀਰਾ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ

# ਘਰਾਂ ਦੇ ਨਿਰਮਾਣ ਦਾ ਕੰਮ ਜਾਰੀ, 7 ਵਿੱਚੋਂ 2 ਘਰ ਤਿਆਰ

ਫ਼ਿਰੋਜ਼ਪੁਰ, 27 ਮਾਰਚ (ਮਨੋਹਰ ਲਾਲ) :— ਹਲਕਾ ਜ਼ੀਰਾ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਨਿਸ਼ਕਾਮ ਸਿੱਖ ਵੈਲਫੇਅਰ ਕਾਊਂਸਲ ਨਵੀਂ ਦਿੱਲੀ ਅਤੇ ਮਿਸਲ ਸਤਲੁਜ ਵੱਲੋਂ ਘਰਾਂ ਦੇ ਨਿਰਮਾਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਸਰਵੇਖਣ ਕੀਤਾ ਗਿਆ। ਇਸ ਦੌਰਾਨ ਪ੍ਰਭਾਵਿਤ ਇਲਾਕਿਆਂ ਦੀ ਸਥਿਤੀ ਦਾ ਜਾਇਜ਼ਾ ਲੈ ਕੇ ਅੱਗੇ ਦੀ ਯੋਜਨਾ ਬਾਰੇ ਵਿਚਾਰ ਕੀਤਾ ਗਿਆ।ਇਸ ਮੌਕੇ ਨਿਸ਼ਕਾਮ ਸਿੱਖ ਵੈਲਫੇਅਰ ਕਾਊਂਸਲ ਵੱਲੋਂ ਨਰਿੰਦਰ ਸਿੰਘ (ਦਿੱਲੀ) ਅਤੇ ਹਰਵਿੰਦਰ ਸਿੰਘ (ਫਰੀਦਕੋਟ) ਹਾਜ਼ਰ ਰਹੇ, ਜਦਕਿ ਮਿਸਲ ਸਤਲੁਜ ਵੱਲੋਂ ਜਰਨਲ ਸਕੱਤਰ ਦਵਿੰਦਰ ਸਿੰਘ ਸੇਖੋਂ ਦੀ ਅਗਵਾਈ ਹੇਠ ਰੋਮਨ ਬਰਾੜ, ਗੁਰਬੀਰ ਸਿੰਘ ਬੱਬੂ ਖੋਸਾ ਅਤੇ ਗੁਰਮਨ ਸਿੰਘ ਨਿਜਾਮਦੀਨ ਵਾਲਾ ਵੀ ਮੌਜੂਦ ਸਨ।

ਪ੍ਰਬੰਧਕਾਂ ਨੇ ਦੱਸਿਆ ਕਿ ਜਾਣਕਾਰੀ ਅਨੁਸਾਰ ਹਲਕਾ ਜੀਰਾ ਦੇ ਪਿੰਡ ਆਲੇਵਾਲਾ, ਫੱਤੇਵਾਲਾ ਅਤੇ ਕਾਲੇ ਕੇ ਹਥਾੜ ਵਿੱਚ ਕੁੱਲ 7 ਘਰਾਂ ਦਾ ਨਿਰਮਾਣ ਅਧੀਨ ਹੈ, ਜਿਨ੍ਹਾਂ ਵਿੱਚੋਂ 2 ਘਰਾਂ ਦਾ ਕੰਮ ਮੁਕੰਮਲ ਹੋ ਚੁੱਕਾ ਹੈ, ਜਦਕਿ ਬਾਕੀ ਘਰਾਂ ਦਾ ਕੰਮ ਤੇਜ਼ੀ ਨਾਲ ਜਾਰੀ ਹੈ। ਗੱਲਬਾਤ ਕਰਦਿਆਂ ਦਵਿੰਦਰ ਸਿੰਘ ਸੇਖੋਂ ਵੱਲੋਂ ਪ੍ਰਭਾਵਿਤ ਪਰਿਵਾਰਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਲੋੜਾਂ ਨੂੰ ਸਮਝਿਆ ਗਿਆ ਅਤੇ ਜਲਦ ਤੋਂ ਜਲਦ ਸਾਰੇ ਘਰਾਂ ਦਾ ਨਿਰਮਾਣ ਪੂਰਾ ਕਰਨ ਦਾ ਭਰੋਸਾ ਦਿੱਤਾ ਗਿਆ, ਤਾਂ ਜੋ ਹੜ੍ਹ ਪੀੜਤ ਪਰਿਵਾਰਾਂ ਨੂੰ ਮੁੜ ਵਸਾਇਆ ਜਾ ਸਕੇ।



# ਫਿਰੋਜ਼ਪੁਰ ਵਿੱਚ ਮੁਫ਼ਤ ਸਪਾਇਰੋਮੈਟਰੀ ਕੈਂਪ, ਸਾਹ ਸੰਬੰਧੀ ਬਿਮਾਰੀਆਂ ਦੀ ਜਾਂਚ ਤੇ ਜਾਗਰੂਕਤਾ ਤੇ ਜ਼ੋਰ



ਫ਼ਿਰੋਜ਼ਪੁਰ, 27 ਮਾਰਚ (ਮਨੋਹਰ ਲਾਲ) :— ਇਲਾਕੇ ਵਿੱਚ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਵੱਲ ਇੱਕ ਸਰਾਹਣਯੋਗ ਪਹਿਲ ਕਰਦੇ ਹੋਏ ਅਮਨਦੀਪ ਹਸਪਤਾਲ ਵੱਲੋਂ 25 ਮਾਰਚ 2026 ਨੂੰ ਆਪਣੇ ਪ੍ਰੰਗਣ ਵਿੱਚ ਮੁਫ਼ਤ ਸਪਾਇਰੋਮੈਟਰੀ ਕੈਂਪ ਦਾ ਸਫਲ ਆਯੋਜਨ ਕੀਤਾ ਗਿਆ। ਇਹ ਕੈਂਪ ਉਜਾਲਾ ਸਿਗਨਸ ਹੈਲਥਕੇਅਰ ਸਰਵਿਸਿਜ਼ ਦੇ ਸਹਿਯੋਗ ਅਤੇ ਸਥਾਨਕ ਸਰਪੰਚ ਤੇ ਪੰਚਾਇਤ ਮੈਂਬਰਾਂ ਦੀ ਭਾਗੀਦਾਰੀ ਨਾਲ ਲਗਾਇਆ ਗਿਆ।ਕੈਂਪ ਦਾ ਮੁੱਖ ਮਕਸਦ ਅਸਥਮਾ, ਸੀਓਪੀਡੀ ਅਤੇ ਫੇਫੜਿਆਂ ਨਾਲ ਜੁੜੀਆਂ ਹੋਰ ਸਾਹ ਸੰਬੰਧੀ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਕਰਨਾ ਅਤੇ ਲੋਕਾਂ ਵਿੱਚ ਜਾਗਰੂਕਤਾ ਫੈਲਾਉਣਾ ਸੀ। ਇਸ ਦੌਰਾਨ ਮਰੀਜ਼ਾਂ ਦੇ ਸਪਾਇਰੋਮੈਟਰੀ ਟੈਸਟ ਕੀਤੇ ਗਏ, ਜੋ ਫੇਫੜਿਆਂ ਦੀ ਕਾਰਗੁਜ਼ਾਰੀ ਅਤੇ ਸਾਹ ਲੈਣ ਦੀ ਸਮਰੱਥਾ ਨੂੰ ਮਾਪਣ ਲਈ ਇੱਕ ਮਹੱਤਵਪੂਰਨ ਜਾਂਚ ਹੈ।ਇਹ ਟੈਸਟ ਸੀਨੀਅਰ ਪਲਮੋਨੋਲੋਜੀ ਅਤੇ ਕਰਿਟਿਕਲ ਕੇਅਰ ਵਿਸ਼ੇਸ਼ਗਿਆ ਡਾ: ਚੇਤਨ ਕੁਮਾਰ ਐਨਜੀ ਦੀ ਦੇਖ ਰੇਖ ਹੇਠ ਕੀਤੇ ਗਏ। ਕੈਂਪ ਦਾ ਉਦਘਾਟਨ ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਅਤੇ ਇਲਾਕੇ ਦੇ ਸਰਪੰਚ ਤੇ ਪੰਚਾਇਤ ਨੁਮਾਇੰਦਿਆਂ ਦੀ ਹਾਜ਼ਰੀ ਵਿੱਚ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਪਹੁੰਚ ਕੇ ਆਪਣੀ ਜਾਂਚ ਕਰਵਾਈ ਅਤੇ ਸਿਹਤ ਸੰਬੰਧੀ ਸਲਾਹ ਲਈ। ਹਸਪਤਾਲ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਸੰਸਥਾ ਦਾ ਮਕਸਦ ਸਿਰਫ਼ ਇਲਾਜ ਤੱਕ ਸੀਮਿਤ ਨਹੀਂ, ਸਗੋਂ ਰੋਕਥਾਮੀ ਸਿਹਤ ਸੇਵਾਵਾਂ ਨੂੰ ਵਧਾਵਾ ਦੇਣਾ ਅਤੇ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ਵੀ ਹੈ। ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਦੇ ਕੈਂਪਾਂ ਰਾਹੀਂ ਸਾਹ ਸੰਬੰਧੀ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਹੋ ਸਕਦੀ ਹੈ, ਜਿਸ ਨਾਲ ਮਰੀਜ਼ਾਂ ਨੂੰ ਵਧੀਆ ਅਤੇ ਸਮੇਂ ਸਿਰ ਇਲਾਜ ਮਿਲ ਸਕਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਅਮਨਦੀਪ ਗਰੁੱਪ ਅੱਜ ਇੱਕ ਪ੍ਰਮੁੱਖ ਸਿਹਤ ਸੇਵਾ ਨੈਟਵਰਕ ਵਜੋਂ ਵਿਕਸਤ ਹੋ ਚੁੱਕਾ ਹੈ, ਜਿਸਦੇ ਛੇ ਸਟ੍ਰੈਟੇਜਿਕ ਸਥਾਨਾਂ ਤੇ 750 ਤੋਂ ਵੱਧ ਬੈਡ ਅਤੇ 170 ਤੋਂ ਜ਼ਿਆਦਾ ਮਾਹਿਰ ਡਾਕਟਰਾਂ ਦੀ ਟੀਮ ਸੇਵਾਵਾਂ ਦੇ ਰਹੀ ਹੈ। ਹੁਣ ਤੱਕ ਇਹ ਗਰੁੱਪ 25 ਲੱਖ ਤੋਂ ਵੱਧ ਮਰੀਜ਼ਾਂ ਦੇ ਜੀਵਨ ਵਿੱਚ ਸਕਾਰਾਤਮਕ ਬਦਲਾਅ ਲਿਆ ਚੁੱਕਾ ਹੈ ਅਤੇ ਇਲਾਕੇ ਵਿੱਚ ਸਸਤੀ, ਸੁਲਭ ਅਤੇ ਗੁਣਵੱਤਾਪੂਰਨ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨਸ਼ੀਲ ਹੈ।

# ਗੌਰਮਿੰਟ ਪ੍ਰਾਇਮਰੀ ਸਰਕਾਰੀ ਸਕੂਲ (ਲੜਕੀਆਂ) ਚੁੰਗੀ ਖਾਨਾ ਰੋਡ ਫ਼ਿਰੋਜ਼ਪੁਰ ਸ਼ਹਿਰ ਵਿਖੇ ਸਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ







**ਫ਼ਿਰੋਜ਼ਪੁਰ, 27 ਮਾਰਚ (ਮਨੋਹਰ ਲਾਲ)** :— ਗੌਰਮਿੰਟ ਪ੍ਰਾਇਮਰੀ ਸਰਕਾਰੀ ਸਕੂਲ ਲੜਕੀਆਂ ਚੁੰਗੀ ਖਾਨਾ ਰੋਡ ਫ਼ਿਰੋਜ਼ਪੁਰ ਸ਼ਹਿਰ ਵਿਖੇ ਸਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਤੇ ਮੁੱਖ ਮਹਿਮਾਨ ਡੀ.ਈ.ਓ ਮੈਡਮ ਸੁਨੀਤਾ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਇਸ ਮੌਕੇ ਤੇ ਛੋਟੇ—ਛੋਟੇ ਬੱਚਿਆਂ ਵੱਲੋਂ ਕਈ ਆਈਟਮਾਂ ਪੇਸ਼ ਕੀਤੀਆਂ, ਜਿਵੇਂ ਕਿ ਨਸ਼ਿਆਂ ਖਿਲਾਫ, ਭਰੂਣ ਹੱਤਿਆ, ਬੱਚਿਆਂ ਨੂੰ ਕੁੱਖ ਵਿਚ ਨਾ ਮਾਰੋ, ਧਾਰਮਿਕ ਆਈਟਮਾਂ ਅਤੇ ਹੋਰ ਵੀ ਗੀਤ ਸੰਗੀਤ ਪੇਸ਼ ਕੀਤੇ, ਜਿਨ੍ਹਾਂ ਨੂੰ ਸੁਣ ਕੇ ਬੱਚੇ ਬੱਚਿਆਂ ਦੇ ਮਾਪੇ ਸਕੂਲ ਟੀਚਰ ਅਤੇ ਹੋਰ ਪਤਵੰਤੇ ਤੋਂ ਇਲਾਵਾ ਰਿਟਾਇਰਡ ਟੀਚਰ ਐਸੋਸੀਏਸ਼ਨ ਦੇ ਅਹੁਦੇਦਾਰ, ਮੈਂਬਰ ਵਾਹ—ਵਾਹ ਕਰ ਉਠੇ। ਇਸ ਮੌਕੇ ਤੇ ਸੈਂਟਰ ਹੈਡ ਟੀਚਰ ਸ੍ਰੀਮਤੀ ਜਸਵਿੰਦਰ ਕੌਰ, ਗੁਨਵੰਤ ਕੌਰ, ਗੁਰਦੇਵ ਸਿੰਘ, ਗੁਰਪ੍ਰੀਤ ਸਿੰਘ ਹਾਜ਼ਰ ਸਨ।ਇਸ ਤੋਂ ਇਲਾਵਾ ਜ਼ਿਲ੍ਹਾ ਪ੍ਰਧਾਨ ਜੀ.ਐਸ.ਟੀ.ਯੂ ਸੁਖਜਿੰਦਰ ਸਿੰਘ ਖਾਨਪੁਰੀਆ ਅਤੇ ਸਮੂਹ ਰਿਟਾਇਰਡ ਟੀਚਰ ਐਸੋਸੀਏਸ਼ਨ ਨਛੱਤਰ ਸਿੰਘ ਪ੍ਰਧਾਨ, ਰਾਜਪਾਲ ਸਿੰਘ ਬੈਂਸ, ਸੀਨੀਅਰ ਵਾਈਸ ਪ੍ਰਧਾਨ, ਰਮੇਸ਼ ਗਰੋਵਰ, ਜਗਤਾਰ ਸਿੰਘ ਜੈਦਕਾ, ਮਿਸ ਜੈਦਕਾ, ਜੱਗਾ ਸਿੰਘ ਅਤੇ ਯਸ਼ਪਾਲ ਤੋਂ ਇਲਾਵਾ ਟਰੱਸਟ ਸਦਾਵਰਤ ਪੰਚਾਇਤੀ ਦੇ ਅਹੁਦੇਦਾਰ ਸ੍ਰੀ ਪੀ.ਸੀ ਕੁਮਾਰ, ਉਮ ਪ੍ਰਕਾਸ਼ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਆਗੂ ਹਾਜ਼ਰ ਸਨ। ਇਸ ਮੌਕੇ ਤੇ ਮੁੱਖ ਮਹਿਮਾਨ ਡੀ.ਈ.ਓ ਮੈਡਮ ਸੁਨੀਤਾ ਨੇ ਆਪਣੇ ਭਾਸ਼ਣ ਵਿਚ ਕਿਹਾ ਕਿ ਇਸ ਸਕੂਲ ਦਾ ਰਿਜਲਟ ਬਹੁਤ ਹੀ ਵਧੀਆ ਆਉਂਦਾ ਹੈ, ਉਨ੍ਹਾਂ ਹੈਡ ਟੀਚਰ ਸ੍ਰੀਮਤੀ ਜਸਵਿੰਦਰ ਕੌਰ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਉਹ ਬਹੁਤ ਹੀ ਵਧੀਆ ਬੱਚਿਆਂ ਨੂੰ ਮਿਹਨਤ ਕਰਵਾ ਰਹੇ ਹਨ ਅਤੇ ਕਿਹਾ ਕਿ ਬਾਕੀ ਸਾਰੇ ਸਕੂਲ ਟੀਚਰ ਵੀ ਬੱਚਿਆਂ ਨੂੰ ਵਧੀਆ ਪੜ੍ਹਾਈ ਕਰਵਾਈ ਜਾ ਰਹੀ ਹੈ। ਇਸ ਮੌਕੇ ਰਿਟਾਇਰਡ ਟੀਚਰ ਐਸੋਸੀਏਸ਼ਨ ਵੱਲੋਂ ਸਕੂਲ ਨੂੰ 5100 ਰੁਪਏ ਦੀ ਮਾਲੀ ਸਹਾਇਤਾ ਦਿੱਤੀ।ਇਸ ਮੌਕੇ ਤੇ ਸਕੂਲ ਵੱਲੋਂ ਕੈਂਪਸ ਵਿਚ ਪੁੱਜੀਆਂ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਤੇ ਰਿਟਾਇਰਡ ਟੀਚਰ ਐਸੋਸੀਏਸ਼ਨ ਨੇ ਵੀ ਆਪਣੇ—ਆਪਣੇ ਵਿਚਾਰ ਪੇਸ਼ ਕੀਤੇ। ਇਸ ਤੋਂ ਬਾਅਦ ਸ੍ਰੀ ਪੀ.ਸੀ ਕੁਮਾਰ ਨੇ ਬਹੁਤ ਹੀ ਵਧੀਆ ਭਾਸ਼ਣ ਦਿੱਤਾ, ਜਿਸ ਨੂੰ ਸੁਣ ਕੇ ਬੱਚੇ ਅਤੇ ਟੀਚਰ ਤੇ ਪਤਵੰਤੇ ਵਾਹ—ਵਾਹ ਕਰ ਉੱਠੇ। ਇਸ ਮੌਕੇ ਤੇ ਖਾਣ—ਪੀਣ ਦਾ ਪ੍ਰਬੰਧ ਵੀ ਬਹੁਤ ਵਧੀਆ ਸੀ। ਇਸ ਮੌਕੇ ਤੇ ਸੈਂਟਰ ਹੈਡ ਟੀਚਰ ਸ੍ਰੀਮਤੀ ਜਸਵਿੰਦਰ ਕੌਰ ਨੇ ਆਏ ਮੁੱਖ ਮਹਿਮਾਨ ਡੀ.ਈ.ਓ ਸੁਨੀਤਾ, ਰਿਟਾਇਰਡ ਟੀਚਰ ਐਸੋਸੀਏਸ਼ਨ ਦੇ ਅਹੁਦੇਦਾਰਾਂ, ਟਰੱਸਟ ਸਦਾਵਰਤ ਪੰਚਾਇਤੀ ਦੇ ਅਹੁਦੇਦਾਰ ਅਤੇ ਹੋਰ ਆਏ ਹੋਏ ਪਤਵੰਤੇ ਮਹਿਮਾਨਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਇਥੇ ਆ ਕੇ ਹਾਜ਼ਰੀ ਭਰੀ ਅਤੇ ਬੱਚਿਆਂ ਦੀ ਹੌਂਸਲਾ ਅਫਜਾਈ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਹਰਮੀਤ ਸਿੰਘ ਕਾਲਕਾ ਦੇ ਸਤਿਕਾਰਯੋਗ ਮਾਤਾ ਪ੍ਰੀਤ ਮੋਹਨੀ ਕੌਰ ਜੀ ਦੀ ਅੰਤਿਮ ਅਰਦਾਸ

# ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਸੰਪੰਨ ਹੋਈ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਧਾਰਮਿਕ ਰਾਜਨੀਤਿਕ ਸਮਾਜਿਕ ਵੱਖ ਵੱਖ ਖੇਤਰਾਂ ਦੀਆਂ ਸਨਮਾਨਿਤ ਹਸਤੀਆਂ ਵੱਲੋਂ ਸ਼ਰਧਾ ਦੇ ਫੁੱਲ ਭੇਂਟ ਕਰਨ ਲਈ ਪੁੱਜੀਆਂ













(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)



ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਹਰਮੀਤ ਸਿੰਘ ਕਾਲਕਾ ਦੇ ਸਤਿਕਾਰਯੋਗ ਮਾਤਾ ਪ੍ਰੀਤ ਮੋਹਨੀ ਕੌਰ ਧਰਮ ਸੁਪਤਨੀ ਸਵ: ਸ.ਦਲਜੀਤ ਸਿੰਘ ਕਾਲੜਾ ਦੀ ਅੰਤਿਮ ਅਰਦਾਸ ਗੁਰਦੁਆਰਾ ਰਕਾਬਗੰਜ ਸਾਹਿਬ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਖੇ ਸੰਪੰਨ ਹੋਈ ਜਿਸ ਵਿੱਚ ਧਾਰਮਿਕ ਰਾਜਨੀਤਿਕ ਸਮਾਜਿਕ ਵੱਖ ਵੱਖ ਖੇਤਰਾਂ ਦੀਆਂ ਸਨਮਾਨਿਤ ਹਸਤੀਆਂ ਵੱਲੋਂ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਪੁੱਜੀਆਂ,ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕਰਨੈਲ ਸਿੰਘ ਦੇ ਜੱਥੇ ਅਤੇ ਭਾਈ ਮਨਪ੍ਰੀਤ ਸਿੰਘ ਕਾਨਪੁਰੀ ਨੇ ਵੈਰਾਗਮਈ ਕੀਰਤਨ ਕੀਤਾ ਗੁਰਦੁਆਰਾ ਬੰਗਲਾ ਸਾਹਿਬ ਦੇ ਮੁੱਖ ਗ੍ਰੰਥੀ ਗਿ.ਰਣਜੀਤ ਸਿੰਘ ਜੀ ਨੇ ਅਰਦਾਸ ਕੀਤੀ,ਗੁਰਦੁਆਰਾ ਰਕਾਬਗੰਜ ਸਾਹਿਬ ਦੇ ਮੁੱਖ ਗ੍ਰੰਥੀ ਵੱਲੋਂ ਹੁਕਮਨਾਮਾ ਸਾਹਿਬ ਲਿਆ ਗਿਆ ਦਿੱਲੀ ਕਮੇਟੀ ਦੇ ਜਰਨਲ ਸਕੱਤਰ ਸ. ਜਗਦੀਪ ਸਿੰਘ ਕਾਹਲੋਂ ਵੱਲੋਂ ਸਟੇਜ਼ ਦਾ ਸੰਚਾਲਨ ਕੀਤਾ,ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਜਥੇਦਾਰ ਬਾਬਾ ਬਲਬੀਰ ਸਿੰਘ 96 ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ,ਸ. ਮਨਜਿੰਦਰ ਸਿੰਘ ਸਿਰਸਾ ਕੈਬਨਿਟ ਮੰਤਰੀ ਦਿੱਲੀ ਸਰਕਾਰ,ਸ੍ਰੀਮਤੀ ਰੇਖਾ ਗੁਪਤਾ ਮੁੱਖ ਮੰਤਰੀ ਦਿੱਲੀ ਵੱਲੋਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਸਤਿਕਾਰਯੋਗ ਮਾਤਾ ਜੀ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ,ਕਾਲਕਾ ਸਾਹਿਬ ਦੀ ਮਾਤਾ ਨੂੰ ਸ਼ਰਧਾਂਜਲੀ ਦੇਣ ਵਾਸਤੇ ਵੱਡੀ ਗਿਣਤੀ ਚ ਸਿੱਖ ਸੰਗਤਾਂ ਦਾ ਠਾਠਾਂ ਮਾਰਦਾ ਇਕੱਠ ਹਾਜ਼ਰ ਸੀ ਇਸ ਸਮੇਂ ਬਾਬਾ ਬਚਨ ਸਿੰਘ ਜੀ ਕਾਰ ਸੇਵਾ ਦਿੱਲੀ ਵਾਲੇ,ਬਾਬਾ ਕਸ਼ਮੀਰਾ ਸਿੰਘ ਜੀ ਕਾਰ ਸੇਵਾ ਭੂਰੀ ਵਾਲੇ,ਬਾਬਾ ਗੁਰਿੰਦਰ ਸਿੰਘ ਢਿੱਲੋਂ ਬਿਆਸ ਵਾਲੇ,ਬਾਬਾ ਰਜਿੰਦਰ ਸਿੰਘ ਇਸਰਾਣੇ ਵਾਲੇ,ਬਾਬਾ ਜੀਤ ਸਿੰਘ ਜੌਹਲਾਂ ਵਾਲੇ,ਜਥੇਦਾਰ ਸੁਖਦੇਵ ਸਿੰਘ ਦਮਦਮੀ ਟਕਸਾਲ ਵਾਲੇ,ਸ.ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ ਹਰਿਆਣਾ ਕਮੇਟੀ,ਸ.ਤਜਿੰਦਰਪਾਲ ਸਿੰਘ ਨਾਰਨੌਲ ਅੰਤ੍ਰਿੰਗ ਮੈਂਬਰ,ਜਥੇਦਾਰ ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ,ਸ.ਰਜਿੰਦਰ ਸਿੰਘ ਬਰਾੜਾ ਮੈਂਬਰ,ਸ.ਗੁਰਪ੍ਰਸਾਦ ਸਿੰਘ ਫਰੀਦਾਬਾਦ ਸਾਬਕਾ ਅੰਤ੍ਰਿੰਗ ਮੈਂਬਰ,ਸਰਪੰਚ ਭੁਪਿੰਦਰ ਸਿੰਘ ਲਾਡੀ ਪ੍ਰਧਾਨ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਹਰਮੀਤ ਸਿੰਘ ਕਾਲਕਾ ਦੇ ਸਤਿਕਾਰਯੋਗ ਮਾਤਾ ਪ੍ਰੀਤ ਮੋਹਨੀ ਕੌਰ ਜੀ ਦੀ ਅੰਤਿਮ ਅਰਦਾਸ**

# ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਸੰਪੰਨ ਹੋਈ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਮੇਤ ਧਾਰਮਿਕ ਰਾਜਨੀਤਿਕ ਸਮਾਜਿਕ ਵੱਖ ਵੱਖ ਖੇਤਰਾਂ ਦੀਆਂ ਸਨਮਾਨਿਤ ਹਸਤੀਆਂ ਵੱਲੋਂ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਪੁੱਜੀਆਂ















ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਜਥੇਦਾਰ ਭਾਈ ਪ੍ਰਕਾਸ਼ ਸਿੰਘ ਦੇ ਭਰਾਤਾ

# ਭਾਈ ਜਗਤਾਰ ਸਿੰਘ ਦੇ ਨਮਿੱਤ ਸ਼ਰਧਾਂਜਲੀ ਸਮਾਗਮ ਹੋਇਆ








**ਚੌਕ ਮਹਿਤਾ, 27 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਨਾਲ ਲੱਗਭਗ 22 ਸਾਲ ਸੇਵਾ ਕਰ ਰਹੇ ਜਥੇਦਾਰ ਪ੍ਰਕਾਸ਼ ਸਿੰਘ ਦੇ ਭਰਾਤਾ ਅਤੇ ਦਮਦਮੀ ਟਕਸਾਲ ਦੇ ਵਿਦਿਆਰਥੀ ਗਿਆਨੀ ਨਿਹਾਲ ਸਿੰਘ ਦੇ ਪਿਤਾ ਸਤਿਕਾਰ ਯੋਗ ਭਾਈ ਜਗਤਾਰ ਸਿੰਘ ਆਪਣੇ ਸੁਆਸਾਂ ਦੀ ਪੂੰਜੀ ਨੂੰ ਪੂਰੇ ਕਰਦੇ ਹੋਏ ਗੁਰੂ ਸਾਹਿਬ ਜੀ ਦੇ ਚਰਨਾਂ ਵਿਚ ਜਾ ਬਿਰਾਜੇ ਸਨ ਉਨ੍ਹਾਂ ਦੇ ਨਮਿੱਤ ਆਰੰਭ ਕੀਤੇ ਗਏ ਪਵਿੱਤਰ ਪਾਵਨ ਗੁਰਬਾਣੀ ਦੇ ਭੋਗ ਪਾਏ ਗਏ ਉਪਰੰਤ ਰਾਗੀ ਭਾਈ ਗੁਰਲਾਲ ਸਿੰਘ ਹਜ਼ੂਰੀ ਰਾਗੀ ਦਮਦਮੀ ਟਕਸਾਲ ਵਾਲਿਆਂ ਦੇ ਜੱਥੇ ਨੇ ਕੀਰਤਨ ਸੰਗਤਾਂ ਨੂੰ ਸਰਵਨ ਕਰਵਾਏ। ਉਪਰੰਤ ਦਮਦਮੀ ਟਕਸਾਲ ਦੇ ਹਜ਼ੂਰੀ ਕਥਾਵਾਚਕ ਸਿੱਖ ਪੰਥ ਦੇ ਮਹਾਨ ਵਿਦਵਾਨ ਗਿਆਨੀ ਸਾਹਿਬ ਸਿੰਘ ਅਤੇ ਦਮਦਮੀ ਟਕਸਾਲ ਦੇ ਹੈੱਡ ਗ੍ਰੰਥੀ ਗਿਆਨੀ ਗੁਰਦੀਪ ਸਿੰਘ ਜੀ ਨੇ ਸੰਗਤਾਂ ਨੂੰ ਕਥਾ ਅਤੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਇਸ ਮੌਕੇ ਤੇ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਪਿਰੰਸੀਪਲ ਹਰਸ਼ਦੀਪ ਸਿੰਘ ਰੰਧਾਵਾ , ਜਥੇਦਾਰ ਬਾਬਾ ਬੋਹੜ ਸਿੰਘ, ਸਾਬਕਾ ਚੇਅਰਮੈਨ ਕਸ਼ਮੀਰ ਸਿੰਘ ਕਾਲਾ ਸਰਪੰਚ ਆਦਿ ਸੰਗਤਾਂ ਨੇ ਵਿੱਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

### ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਚੈਰੀਟੇਬਲ ਫਾਊਡੇਸ਼ਨ ਵਲੋਂ

# ਰਜਿੰਦਰ ਸਿੰਘ ਮਰਵਾਹਾ ਸਨਮਾਨਿਤ



**ਬਾਬਾ ਬਕਾਲਾ ਸਾਹਿਬ, 27 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਅਮਰ ਸ਼ਹੀਦ ਬਾਬਾ ਮੋਤੀ ਰਾਮ ਜੀ ਮਹਿਰਾ ਚੈਰੀਟੇਬਲ ਫਾਊਂਡੇਸ਼ਨ ਵੱਲੋਂ ਸ੍ਰ.ਰਜਿੰਦਰ ਸਿੰਘ ਮਰਵਾਹਾ ਜੀ ਨੂੰ ਅਮਰ ਸ਼ਹੀਦ ਬਾਬਾ ਮੋਤੀ ਰਾਮ ਜੀ ਮਹਿਰਾ ਚੈਰੀਟੇਬਲ ਫੈਡਰੇਸ਼ਨ ਦਾ ਸਨਮਾਨ ਪੱਤਰ ਦੇ ਕੇ ਸਨਮਾਨ ਕੀਤਾ ਗਿਆ ਉਹਨਾਂ ਦੱਸਿਆ ਕਿ ਰਜਿੰਦਰ ਸਿੰਘ ਮਰਵਾਹਾ ਕਾਫੀ ਸਮੇਂ ਤੋਂ ਲੋਕ ਸੇਵਾ ਅਤੇ ਸਮਾਜ ਸੇਵਾ ਵਿੱਚ ਆਪਣਾ ਯੋਗਦਾਨ ਪਾ ਰਹੇ ਹਨ ਇਸ ਮੌਕੇ ਵੀ ਇਸ ਕਸ਼ਬ ਤੋਂ ਇਲਾਵਾ ਬਾਲ ਕਿਸ਼ਨ ਜੀ ਸ਼ਰਮਾ ਚੇਅਰਮੈਨ ਨਸ਼ਾ ਵਿਰੋਧੀ ਸੰਸਥਾ ਬੋਬੀ ਸੇਠ ਸਰਦਾਰ ਗੁਰਚਰਨ ਸਿੰਘ ਜੀ ਅਰਨੇਜਾ ਰਾਜਨ ਕਪੂਰ ਸੰਤੋਖ ਸਿੰਘ ਗੁਮਟਾਲਾ ਅਤੇ ਇਸ ਮੌਕੇ ਹੋਰ ਸਾਥੀ ਮੌਜੂਦ ਸਨ।

# ਜ਼ਿਲ੍ਹਾ ਅੰਮ੍ਰਿਤਸਰ ਵਿੱਚ ਪੈਟਰੋਲ ਅਤੇ ਡੀਜ਼ਲ ਦੀ ਕੋਈ ਕਮੀਂ ਨਹੀਂ - ਡਿਪਟੀ ਕਮਿਸ਼ਨਰ

## ਜ਼ਿਲ੍ਹਾ ਵਾਸੀ ਅਫਵਾਹਾਂ ਤੋਂ ਬਚਣ ਅਤੇ ਲੋੜ ਅਨੁਸਾਰ ਹੀ ਪੈਟਰੋਲ/ਡੀਜ਼ਲ ਦੀ ਖਰੀਦ ਕਰਨ



ਜੰਡਿਆਲਾ ਗੁਰੂ , 27 ਮਾਰਚ ( ਕੁਲਵੰਤ ਸਿੰਘ ਵਿਰਦੀ ) - ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਕਿਹਾ ਹੈ ਕਿ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਪੈਟਰੋਲ ਅਤੇ ਡੀਜ਼ਲ ਦੀ ਕੋਈ ਕਮੀਂ ਨਹੀਂ ਹੈ ਅਤੇ ਖ਼ਪਤਕਾਰ ਲੋੜ ਅਨੁਸਾਰ ਪੈਟਰੋਲ/ਡੀਜ਼ਲ ਦੀ ਖਰੀਦ ਕਰਨ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਾਰੇ ਪੈਟਰੋਲ ਪੰਪ ਮਾਲਕਾਂ ਨੂੰ ਹਦਾਇਤ ਕੀਤੀ ਹੈ ਕਿ ਕੋਈ ਵੀ ਪੈਟਰੋਲ ਪੰਪ ਮਾਲਕ ਜਾਂ ਉਨ੍ਹਾਂ ਦਾ ਕੋਈ ਕਰਮਚਾਰੀ ਖਪਤਕਾਰਾਂ ਤੋਂ ਸਪਲਾਈ ਦੀ ਸ਼ਾਰਟੇਜ ਦੇ ਬਹਾਨੇ ਓਵਰ ਚਾਰਜਿੰਗ ਨਾ ਕਰੇ। ਉਨ੍ਹਾਂ ਕਿਹਾ ਕਿ ਜੇਕਰ ਕੋਈ ਪੈਟਰੋਲ ਪੰਪ ਮਾਲਕ ਅਜਿਹਾ ਕਰਦਾ ਪਾਇਆ ਗਿਆ ਤਾਂ ਉਸ ਵਿਰੁੱਧ ਬਣਦੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਸ ਦੌਰਾਨ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਜ਼ਿਲ੍ਹਾ ਖ਼ੁਰਾਕ ਤੇ ਸਪਲਾਈ ਕੰਟਰੋਲਰ ਸ੍ਰੀਮਤੀ ਹਰਵੀਨ ਕੌਰ ਨੂੰ ਹਦਾਇਤ ਕੀਤੀ ਹੈ ਕਿ ਉਹ ਇਹ ਯਕੀਨੀ ਬਣਾਉਣ ਕਿ ਕੋਈ ਵੀ ਪੈਟਰੋਲ ਤੇ ਡੀਜ਼ਲ ਦੀ ਜਮ੍ਹਾਂਖੋਰੀ ਜਾਂ ਕਾਲਾਬਜ਼ਾਰੀ ਨਾ ਕਰੇ ਅਤੇ ਜੇਕਰ ਕੋਈ ਕਾਲਾਬਜ਼ਾਰੀ ਕਰਦਾ ਪਾਇਆ ਗਿਆ ਤਾਂ ਉਸ ਸਬੰਧੀ ਤੁਰੰਤ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

# ਸਰਕਾਰ ਵੱਲੋਂ ਸਮੇਂ ਸਿਰ ਆਬਕਾਰੀ ਡਿਊਟੀ ਘਟਾਉਣ ਨਾਲ ਵਿਸ਼ਵਵਿਆਪੀ ਅਨਿਸ਼ਚਿਤਤਾ ਦੇ ਵਿਚਕਾਰ ਮਿਲੀ ਰਾਹਤ : ਬੱਲ ਮਲਕੀਤ ਸਿੰਘ



**ਬਾਬਾ ਬਕਾਲਾ ਸਾਹਿਬ, 27 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)** - ਪੈਟਰੋਲ 'ਤੇ ਆਬਕਾਰੀ ਡਿਊਟੀ ਘਟਾਉਣ ਅਤੇ ਡੀਜ਼ਲ 'ਤੇ ਆਬਕਾਰੀ ਡਿਊਟੀ ਨੂੰ ਪੂਰੀ ਤਰ੍ਹਾਂ ਹਟਾਉਣ ਦੇ ਸਰਕਾਰ ਦੇ ਫੈਸਲੇ ਦਾ ਵਿਆਪਕ ਤੌਰ 'ਤੇ ਸਵਾਗਤ ਕੀਤਾ ਗਿਆ ਹੈ, ਜੋ ਮੌਜੂਦਾ ਚੁਣੌਤੀਪੂਰਨ ਵਿਸ਼ਵਵਿਆਪੀ ਵਾਤਾਵਰਣ ਵਿੱਚ ਇੱਕ ਸਮੇਂ ਸਿਰ ਅਤੇ ਵਿਹਾਰਕ ਕਦਮ ਹੈ ਆਲ ਇੰਡੀਆ ਮੋਟਰ ਟ੍ਰਾਂਸਪੋਰਟ ਕਾਂਗਰਸ ਦੇ ਸਲਾਹਕਾਰ/ਸਾਬਕਾ ਪ੍ਰਧਾਨ ਅਤੇ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਦੇ ਚੇਅਰਮੈਨ ਬਲ ਮਲਕੀਤ ਸਿੰਘ ਨੇ ਸਰਕਾਰ ਦੇ ਇਸ ਫੇਸਲੇ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ *ਪੈਟਰੋਲ 'ਤੇ ਐਕਸਾਈਜ਼ ਡਿਊਟੀ ਘਟਾਉਣ ਅਤੇ ਡੀਜ਼ਲ 'ਤੇ ਇਸਨੂੰ ਖਤਮ ਕਰਨ ਦਾ ਸਰਕਾਰ ਦਾ ਫੈਸਲਾ ਇੱਕ ਸ਼ਲਾਘਾਯੋਗ ਅਤੇ ਅਗਾਂਹਵਧੂ ਕਦਮ ਹੈ। ਅਜਿਹੇ ਸਮੇਂ ਜਦੋਂ ਵਿਸ਼ਵ ਭੂ-ਰਾਜਨੀਤਿਕ ਤਣਾਅ ਅਤੇ ਵਧਦੀਆਂ ਕੱਚੇ ਤੇਲ ਦੀਆਂ ਕੀਮਤਾਂ ਆਰਥਿਕ ਸਥਿਰਤਾ ਲਈ ਜੋਖਮ ਪੈਦਾ ਕਰਦੀਆਂ ਹਨ, ਇਹ ਕਦਮ ਆਮ ਆਦਮੀ ਅਤੇ ਟ੍ਰਾਂਸਪੋਰਟ ਖੇਤਰ ਪ੍ਰਤੀ ਸੰਵੇਦਨਸ਼ੀਲਤਾ ਨੂੰ ਦਰਸਾਉਂਦਾ ਹੈ। ਹਾਲਾਂਕਿ ਐਕਸਾਈਜ਼ ਡਿਊਟੀ ਇੱਕ ਮੁੱਖ ਮਾਲੀਆ ਸਰੋਤ ਹੈ ਅਤੇ ਸਿੱਧੇ ਤੌਰ 'ਤੇ ਪੰਪ ਕੀਮਤਾਂ ਨੂੰ ਨਹੀਂ ਘਟਾ ਸਕਦੇ, ਪਰ ਸਰਕਾਰੀ ਪੱਧਰ 'ਤੇ ਦਬਾਅ ਨੂੰ ਜਜ਼ਬ ਕਰਨ ਦਾ ਇਰਾਦਾ ਬਹੁਤ ਸ਼ਲਾਘਾਯੋਗ ਹੈ। ਉਨ੍ਹਾ ਅੱਗੇ ਗੱਲ ਕਰਦੇ ਹੋਏ ਕਿਹਾ ਕਿ ਪੈਟਰੋਲ ਅਤੇ ਡੀਜ਼ਲ ਦੇ ਹਰ ਲੀਟਰ 'ਤੇ ਆਬਕਾਰੀ ਡਿਊਟੀ ਸਰਕਾਰੀ ਮਾਲੀਏ ਦਾ ਇੱਕ ਮਹੱਤਵਪੂਰਨ ਹਿੱਸਾ ਹੈ। ਇਸ ਦੇ ਬਾਵਜੂਦ, ਸਰਕਾਰ ਨੇ ਡਿਊਟੀਆਂ ਨੂੰ ਤਰਕਸੰਗਤ ਬਣਾਉਣ ਦੀ ਚੋਣ ਕੀਤੀ ਹੈ, ਜੋ ਕਿ ਆਰਥਿਕਤਾ ਅਤੇ ਆਮ ਆਦਮੀ ਦੇ ਵੱਡੇ ਹਿੱਤਾਂ ਨਾਲ ਵਿੱਤੀ ਵਿਚਾਰਾਂ ਨੂੰ ਸੰਤੁਲਿਤ ਕਰਨ ਦੀ ਆਪਣੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਪ੍ਰਚਲਿਤ ਭੂ-ਰਾਜਨੀਤਿਕ ਸਥਿਤੀ ਅਤੇ ਕੱਚੇ ਤੇਲ ਦੀਆਂ ਵਧੀਆਂ ਕੀਮਤਾਂ ਨੇ ਵਿਸ਼ਵ ਬਾਜ਼ਾਰਾਂ ਵਿੱਚ ਅਨਿਸ਼ਚਿਤਤਾ ਪੈਦਾ ਕਰ ਦਿੱਤੀ ਹੈ। ਬਾਲਣ ਦੀਆਂ ਕੀਮਤਾਂ ਵਿੱਚ ਕਿਸੇ ਵੀ ਵਾਧੇ ਦਾ ਆਵਾਜਾਈ ਲਾਗਤਾਂ, ਸਪਲਾਈ ਚੇਨਾਂ ਅਤੇ ਅੰਤ ਵਿੱਚ ਆਮ ਨਾਗਰਿਕ 'ਤੇ ਭਾਰੀ ਪ੍ਰਭਾਵ ਪੈਂਦਾ। ਉਨ੍ਹਾ ਸਰਕਾਰ ਦੇ ਇਸ ਕਦਮ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਸਰਕਾਰ ਵੱਲੋਂ ਲਿਆ ਗਿਆ ਇਹ ਫੈਸਲਾ ਸਪੱਸ਼ਟ ਤੌਰ 'ਤੇ ਵਿਸ਼ਵਵਿਆਪੀ ਅਸਥਿਰਤਾ ਦੇ ਪ੍ਰਭਾਵ ਨੂੰ ਘਟਾਉਣ ਲਈ ਇੱਕ ਸਰਗਰਮ ਸੰਕੇਤਕ ਯਤਨ ਹੈ।

# ਹਠੂਰ 'ਚ 10ਵਾਂ ਵਿਰਸਾ ਸੰਭਾਲ ਗੱਤਕਾ ਮੁਕਾਬਲਾ 29 ਮਾਰਚ ਨੂੰ

## ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਅਤੇ ਪਤਿਤਪੁਣੇ ਤੋਂ ਬਚਾਉਣ ਲਈ ਉਪਰਾਲੇ -ਜਥੇਦਾਰ ਹਰਪ੍ਰੀਤ ਸਿੰਘ ਖਾਲਸਾ



ਹਠੂਰ/ਜਗਰਾਉਂ -(ਵਰਿਆਮ ਹਠੂਰ) ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਅਤੇ 20ਵੀਂ ਸਦੀ ਦੇ ਮਹਾਨ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਅਤੇ ਖਾਲਸੇ ਦੇ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ, ਇਤਿਹਾਸਕ ਕਸਬਾ ਹਠੂਰ ਦੀ ਭਾਗਾਂ ਭਰੀ ਧਰਤੀ ਤੇ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਵੱਲੋਂ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਐੱਨ ਆਰ ਆਈ ਵੀਰਾਂ, ਕੈਲੇਫੋਰਨੀਆਂ ਗੱਤਕਾ ਦਲ ਮਿਸਲ ਮੈਟੋਰੀਅਲ ਅਤੇ ਵੀਰ ਗੁਰਜਿੰਦਰ ਸਿੰਘ ਯੂ. ਐੱਸ. ਏ. ਦੇ ਸਹਿਯੋਗ ਸਦਕਾ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਅਤੇ ਪਤਿਤਪੁਣੇ ਤੋਂ ਬਚਾਉਣ ਲਈ 10ਵਾਂ ਵਿਰਸਾ ਸੰਭਾਲ ਗੱਤਕਾ ਮੁਕਾਬਲਾ 29 ਮਾਰਚ 2026 ਨੂੰ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਵਿਖੇ ਕਰਵਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਖਾਲਸਾ ਨੇ ਕਿਹਾ ਕਿ ਗੱਤਕੇ ਦੇ ਮੁਕਾਬਲੇ ਵਿੱਚ ਪੰਜਾਬ ਦੇ ਲੜਕੇ ਅਤੇ ਲੜਕੀਆਂ ਦੀਆਂ ਟੀਮਾਂ ਗੱਤਕੇ ਦੇ ਜੌਹਰ ਵਿਖਾਉਣਗੀਆਂ, ਜੱਜਮੈਂਟ ਉਪਰੰਤ ਮੁਕਾਬਲੇ ਵਿੱਚ ਜੇਤੂ ਟੀਮਾਂ ਨੂੰ ਨਗਦ ਇਨਾਮ ਅਤੇ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਜਾਵੇਗਾ, ਜਥੇਦਾਰ ਭਾਈ ਹਰਪ੍ਰੀਤ ਸਿੰਘ ਖਾਲਸਾ ਨੇ ਅੱਗੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਅਤੇ ਪਤਿਤਪੁਣੇ ਤੋਂ ਬਚਾਉਣ ਲਈ ਅਜਿਹੇ ਉਪਰਾਲੇ ਸਾਡੇ ਵੱਲੋਂ ਲਗਾਤਾਰ ਕੀਤੇ ਜਾ ਰਹੇ ਹਨ। ਨੌਜਵਾਨਾਂ ਨੂੰ ਵਿਸ਼ੇਸ਼ ਤੌਰ ਤੇ ਗੱਤਕੇ ਦੀ ਸਿਖਲਾਈ ਵੀ ਦਿੱਤੀ ਜਾਂਦੀ ਹੈ। ਬੱਚਿਆਂ ਨੂੰ ਬਾਣੀ ਅਤੇ ਬਾਣੇ ਦੇ ਧਾਰਨੀ ਬਣਾਉਣ ਲਈ ਗੁਰਮਤਿ ਦੀਆਂ ਕਲਾਸਾਂ ਲਗਾਈਆਂ ਜਾਂਦੀਆਂ ਹਨ। ਬੱਚੇ ਜਿੱਥੇ ਕੀਰਤਨ ਦੀ ਸਿਖਲਾਈ ਲੈਂਦੇ ਹਨ ਉੱਥੇ ਗੁਰਬਾਣੀ ਕੰਠ ਅਤੇ ਲੰਬੇ ਕੇਸ ਰੱਖਣ ਵਿੱਚ ਵੀ ਰੁਚੀ ਰੱਖਦੇ ਹਨ। ਅੰਤ ਵਿੱਚ ਉਨ੍ਹਾਂ ਕਿਹਾ ਕਿ ਹੋ ਰਹੇ ਗੱਤਕਾ ਮੁਕਾਬਲੇ ਵਿੱਚ ਵੱਧ ਤੋਂ ਵੱਧ ਗੁਰਸੰਗਤਾਂ ਹਾਜ਼ਰੀਆਂ ਭਰਨ, ਤੇ ਗੱਤਕਾ ਮੁਕਾਬਲੇ ਵਿੱਚ ਗੱਤਕੇ ਦੇ ਜੌਹਰ ਵੇਖਣ।

### ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ/ਡੇਲਟਾ ਦੇ ਪ੍ਰਧਾਨ ਅਮਨਦੀਪ ਸਿੰਘ ਜੋਹਲ ਪ੍ਰਬੰਧ ਸੰਭਾਲਣ ਵਿਚ ਹੋਏ ਫੇਲ

# ਸੰਗਤਾਂ ਵਲੋਂ ਤੁਰੰਤ ਅਸਤੀਫੇ ਦੀ ਮੰਗ

ਨਵੀਂ ਦਿੱਲੀ 27 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਕੈਨੇਡਾ ਦੇ ਸਰੀ ਡੇਲਟਾ ਸ਼ਹਿਰ ਦੇ ਮੁੱਖ ਗੁਰਦੁਆਰਾ ਗੁਰੂ ਨਾਨਕ ਸਿੱਖ ਗੁਰਦੁਆਰਾ ਦੇ ਸਾਬਕਾ ਮੁੱਖ ਸੇਵਾਦਾਰ ਭਾਈ ਹਰਦੀਪ ਸਿੰਘ ਨਿੱਝਰ ਦੀ ਸ਼ਹਾਦਤ ਤੋਂ ਤਕਰੀਬਨ 2 ਸਾਲ ਬਾਅਦ ਵਿਵਾਦਾ ਵਿਚ ਆ ਗਿਆ ਹੈ ਤੇ ਇਸਦੀ ਮੌਜੂਦਾ ਪ੍ਰਬੰਧਕੀ ਸੰਭਾਲਣ ਵਾਲੇ ਅਮਨਦੀਪ ਸਿੰਘ ਅਤੇ ਉਨ੍ਹਾਂ ਦੇ ਨਾਲਦੇ ਕੁਝ ਮੈਂਬਰਾਂ ਉਪਰ ਪ੍ਰਬੰਧ ਸੰਭਾਲਣ ਵਿਚ ਅਸਫਲ ਰਹਿਣ ਕਰਕੇ ਉਨ੍ਹਾਂ ਦੇ ਅਸਤੀਫੇ ਦੀ ਮੰਗ ਜ਼ੋਰ ਫੜ ਰਹੀ ਹੈ। ਇਥੇ ਦਸਣਯੋਗ ਹੈ ਕਿ ਭਾਈ ਨਿੱਝਰ ਦੇ ਕਤਲ ਉਪਰੰਤ ਵਾਇਸ ਪ੍ਰਧਾਨ ਭਾਈ ਗੁਰਮੀਤ ਸਿੰਘ ਗਿੱਲ ਅਤੇ ਉਨ੍ਹਾਂ ਦੇ ਸਾਥੀਆਂ ਨੇ ਓਸ ਔਖੇ ਵੇਲੇ ਸੁਚੱਜੇ ਢੰਗ ਨਾਲ ਪ੍ਰਬੰਧ ਸੰਭਾਲ ਲਿਆ ਸੀ ਤੇ ਭਾਈ ਨਿੱਝਰ ਦੀ ਸੋਚ ਮੁਤਾਬਕ ਸੰਗਤਾਂ ਅਤੇ ਪੰਥ ਨਾਲ ਮਿਲਕੇ ਹਰ ਮੋਰਚੇ ਵਿੱਚ ਸ਼ਮੂਲੀਅਤ ਕਰਕੇ ਬਣਦਾ ਯੋਗਦਾਨ ਪਾ ਰਹੇ ਸਨ ਪਰ ਕੁਝ ਸਮੇਂ ਬਾਅਦ ਇੱਕ ਅਜਿਹਾ ਵਿਅਕਤੀ ਜਿਹੜਾ ਕਦੇ ਗੁਰਦੁਆਰਾ ਸਾਹਿਬ ਮੱਥਾ ਟੇਕਣ ਵੀ ਨਹੀਂ ਆਉਂਦਾ ਨੂੰ ਕੁਝ ਸ਼ੱਕੀ ਵਿਅਕਤੀਆਂ ਨੇ ਇੰਨਾ ਸ਼ਕਤੀਸ਼ਾਲੀ ਬਣਾ ਦਿੱਤਾ ਕਿ ਉਸਨੇ ਹਰ ਪੰਥ ਪ੍ਰੇਮੀ ਨੂੰ ਹਰ ਤਰ੍ਹਾਂ ਨਾਲ ਗੁਰਦੁਆਰਾ ਸਾਹਿਬ ਤੋਂ ਬਾਹਰ ਧੱਕਣਾ ਸ਼ੁਰੂ ਕਰ ਦਿੱਤਾ ਅਤੇ ਉਨ੍ਹਾਂ ’ਤੇ ਪੱਕੇ ਤੌਰ ’ਤੇ ਪਾਬੰਦੀ ਲਗਾਉਣੀ ਸ਼ੁਰੂ ਕਰ ਦਿੱਤੀ ਹੈ ਤੇ ਜਦਕਿ ਓਹ ਪ੍ਰਧਾਨ ਬਣੇ ਉਪਰੰਤ ਗੁਰਦੁਆਰਾ ਸਾਹਿਬ ਨਜ਼ਰ ਹੀ ਨਹੀਂ ਆਂਦੇ ਹਨ ਜਿਸ ਕਰਕੇ ਰੋਸ ਵਧਣ ਨਾਲ ਪ੍ਰਬੰਧਕੀ ਟੀਮ ਦੋ ਹਿੱਸਿਆ ਵਿਚ ਵੰਡੀ ਗਈ। ਇਸ ਦੇ ਨਾਲ ਹੀ ਅਮਨਦੀਪ ਸਿੰਘ ਉਪਰ ਵਡੀ ਗਿਣਤੀ ਵਿਚ ਇਲਜਾਮ ਲਗਾਏ ਗਏ ਹਨ ਜਿਨ੍ਹਾਂ ਬਾਰੇ ਓਹ ਸੰਗਤਾਂ ਨੂੰ ਕੋਈ ਜੁਆਬ ਨਹੀਂ ਦੇ ਰਹੇ ਹਨ ਜਿਸ ਕਰਕੇ ਸੰਗਤਾਂ ਅੰਦਰ ਰੋਸ ਵਧਿਆ ਹੋਇਆ ਹੈ। ਮੌਜੂਦਾ ਪ੍ਰਧਾਨ ਨੂੰ ਵਾਰ ਵਾਰ ਨਵੀਂ ਮੈਂਬਰਸ਼ਿਪ ਨਵਿਆਉਣ ਲਈ ਕਹਿਣ ਤੇ ਓਹ ਹਰ ਵਾਰ ਟਾਲ ਮਟੋਲ ਕਰਦੇ ਰਹੇ ਤੇ ਅੰਤ ਵਿਚ ਜਦੋ ਮੈਂਬਰਸ਼ਿਪ ਨਵਿਆਉਣ ਲਈ ਸ਼ੁਰੂ ਹੋਈ ਓਹ ਵਿਵਾਦਾ, ਨਿਰਪੱਖਤਾ ਅਤੇ ਪਾਰਦਰਸ਼ਤਾ ਦੀ ਘਾਟ ਕਰਕੇ ਇਸ ਵਿਚ ਅਸਫਲ ਹੋ ਗਈ ਜਿਸ ਕਰਕੇ ਸੰਗਤ ਵਿਚ ਗੰਭੀਰ ਚਿੰਤਾ ਦਾ ਵਿਸ਼ਾ ਬਣ ਗਿਆ। ਏਜੀਐਮ ਵਿਚ ਪੇਸ਼ ਕੀਤੀ ਗਈ ਰਿਪੋਰਟ ਨੂੰ ਬਹੁਮਤ ਮੈਂਬਰਾਂ ਨੇ ਰੱਦ ਕਰ ਦਿੱਤਾ। ਕਮੇਟੀ ਦੇ ਇੱਕ ਸਹਾਇਕ ਖਜ਼ਾਨਚੀ ਨੇ ਵਿੱਤੀ ਗੜਬੜੀਆਂ ਅਤੇ ਗਵਰਨੈਂਸ ਮਸਲਿਆਂ ਦੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇੱਕ ਹੋਰ ਮੈਂਬਰ ਨੇ ਦਾਨ ਪੇਟੀਆਂ (ਗੋਲਕ) ਤੋਂ ਨਿਯਮਿਤ ਤੌਰ ‘ਤੇ ਨਕਦ ਵਾਊਚਰ ਕੱਢਣ ਬਾਰੇ ਗੰਭੀਰ ਚਿੰਤਾ ਜਤਾਈ। ਪੂਰੀ ਵਿੱਤੀ ਜਾਣਕਾਰੀ ਪ੍ਰਾਪਤ ਕਰਨ ਲਈ ਮੀਟਿੰਗ ਵਿੱਚ ਹਾਜ਼ਰ ਸੰਗਤ ਨੇ ਮੁੜ-ਆਡਿਟ ਦੀ ਮੰਗ ਕੀਤੀ ਸੀ, ਪਰ ਪ੍ਰਧਾਨ ਅਮਨਦੀਪ ਸਿੰਘ ਜੋਹਲ ਦੀ ਅਗਵਾਈ ਹੇਠ ਮੌਜੂਦਾ ਕਮੇਟੀ ਨੇ ਇਸ ਉੱਤੇ ਕੋਈ ਕਾਰਵਾਈ ਨਹੀਂ ਕੀਤੀ। ਪਿਛਲੀਆਂ ਦੋ ਸਾਲਾਂ ਦੀਆਂ ਏਜੀਐਮ ਮੀਟਿੰਗਾਂ ਵਿੱਚ ਗੁਰੂ ਨਾਨਕ ਸਿੱਖ ਸਕੂਲ ਨੂੰ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੇ ਅਧੀਨ ਲਿਆਂਦਾ ਜਾਣਾ ਐਜੰਡੇ ਵਿੱਚ ਸ਼ਾਮਲ ਸੀ ਅਤੇ ਮਿਨਟ ਬੁੱਕ ਵਿੱਚ ਵੀ ਦਰਜ ਹੈ, ਪਰ 2025 ਦੀ ਏਜੀਐਮ ਵਿੱਚ ਫਿਰ ਇਸਨੂੰ ਸੁਤੰਤਰ ਸੰਸਥਾ ਵਜੋਂ ਦਰਸਾਇਆ ਜਾ ਰਿਹਾ ਹੈ ਅਤੇ ਪਿਛਲੇ 2 ਸਾਲਾਂ ਤੋਂ ਕੋਈ ਮਹੀਨਾਵਾਰ ਮੀਟਿੰਗ ਵੀ ਨਹੀਂ ਕੀਤੀ ਗਈ। ਫਰਵਰੀ 2026 ਵਿੱਚ ਸੰਗਤੀ ਮੀਟਿੰਗ ਕਰਨ ਦਾ ਐਲਾਨ ਕੀਤਾ ਗਿਆ ਸੀ ਪਰ ਬਾਅਦ ਵਿਚ ਇਸ ਨੂੰ ਟਾਲ ਦਿੱਤਾ ਗਿਆ। ਸੰਗਤ ਵੱਲੋਂ ਬਾਰ ਬਾਰ ਸਕੂਲ ਦੇ ਵਿੱਤੀ ਦਸਤਾਵੇਜ਼ ਮੰਗਣ ਦੇ ਬਾਵਜੂਦ ਜਾਰੀ ਨਹੀਂ ਕੀਤੇ ਜਾ ਰਹੇ ਹਨ। ਗੁਰਦੁਆਰਾ ਸਾਹਿਬ ਅਤੇ ਸਕੂਲ ਦੇ ਮਸਲਿਆਂ ਸਬੰਧੀ ਚਿੱਠੀਆਂ 1 ਫਰਵਰੀ ਅਤੇ 16 ਫਰਵਰੀ 2026 ਨੂੰ ਸੋਸਾਇਟੀ ਦੇ ਵਕੀਲ ਅਤੇ ਪ੍ਰਧਾਨ ਅਮਨਦੀਪ ਸਿੰਘ ਜੋਹਲ ਨੂੰ ਭੇਜੀਆਂ ਗਈਆਂ ਅਤੇ ਸੰਗਤ ਨੂੰ ਉਮੀਦ ਸੀ ਕਿ ਇਹ ਮਸਲੇ ਜਲਦੀ ਹੱਲ ਕਰ ਦਿੱਤੇ ਜਾਣਗੇ, ਪਰ ਲਿਖਤੀ ਰੂਪ ਵਿੱਚ ਇਤਰਾਜ਼ ਕਰਨ ਦੇ ਬਾਵਜੂਦ ਸੁਸਾਇਟੀ ਦੇ ਵਕੀਲ ਨੇ ਵੀ ਕੋਈ ਜਵਾਬ ਨਹੀਂ ਦਿੱਤਾ। ਇਸ ਮਾਮਲੇ ਵਿਚ ਇੱਕ ਮਹੱਤਵਪੂਰਨ ਗੱਲ ਇਹ ਹੈ ਕਿ ਮੈਂਬਰਸ਼ਿਪ ਦੀ ਪ੍ਰਕਿਰਿਆ ਪਾਰਦਰਸ਼ਤਾ ਤੇ ਨਿਰਪੱਖਤਾ ਨਾਲ ਕਰਨ ਲਈ ਕਮੇਟੀ ਦਾ ਇੱਕ ਧੜਾ (ਵਾਇਸ ਪ੍ਰਧਾਨ ਭਾਈ ਗਿੱਲ) ਪੂਰਨ ਤੌਰ ਤੇ ਸਮੁੱਚੀ ਸੰਗਤ ਦਾ ਸਾਥ ਦੇ ਰਿਹਾ ਹੈ ਪਰ ਪ੍ਰਧਾਨ ਅਤੇ ਉਨ੍ਹਾਂ ਦੇ ਨਾਲਦੇ ਕੁਝ ਮੈਂਬਰ ਕਿਸੇ ਕਿਸਮ ਦਾ ਸਾਹਿਯੋਗ ਨਹੀਂ ਕਰ ਰਹੇ ਹਨ। ਜਿਕਰਯੋਗ ਹੈ ਕਿ ਚਾਲੂ ਐਗਜ਼ਿਕਉਟਿਵ ਕਮੇਟੀ ਦੀ ਮਿਆਦ 31 ਦਸੰਬਰ 2025 ਨੂੰ ਸਮਾਪਤ ਹੋ ਚੁੱਕੀ ਹੈ ਜਿਸ ਕਰਕੇ ਸੰਗਤੀ ਧੜਾ ਹੁਣ ਕਮੇਟੀ ਨੂੰ ਅਸਤੀਫ਼ਾ ਦੇਣ ਅਤੇ ਸੋਸਾਇਟੀ ਦਾ ਪ੍ਰਬੰਧ ਮੈਂਬਰਾਂ ਨੂੰ ਸੌਂਪਣ ਦੀ ਮੰਗ ਕਰਦਾ ਹੈ, ਤਾਂ ਜੋ ਪਾਰਦਰਸ਼ੀ ਢੰਗ ਮੈਂਬਰਸ਼ਿਪ ਪ੍ਰਕਿਰਿਆ ਸ਼ੁਰੂ ਕੀਤੀ ਜਾ ਸਕੇ ਅਤੇ ਨਵੀਂ ਕਮੇਟੀ ਦੀ ਚੋਣ ਤੀਜੀ ਧਿਰ ਦੀ ਦੇਖ-ਰੇਖ ਕੀਤੀ ਜਾ ਸਕੇ। ਐਤਵਾਰ 29 ਮਾਰਚ 2026 ਨੂੰ ਦੁਪਹਿਰ 12:30 ਵਜੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਵਿਖੇ ਸੰਗਤੀ ਮੀਟਿੰਗ ਰਖੀ ਗਈ ਹੈ ਜਿਸ ਵਿਚ ਸੰਗਤਾਂ ਨੂੰ ਭਾਰੀ ਗਿਣਤੀ ਵਿਚ ਪਹੁੰਚ ਕੇ ਆਪਣੇ ਸੁਝਾਅ ਦੇਣ ਲਈ ਅਪੀਲ ਕੀਤੀ ਗਈ ਹੈ। ਇਸ ਮੌਕੇ ਤਰਨਜੀਤ ਸਿੰਘ ਧੁੱਗਾ, ਗੁਰਬਚਨ ਸਿੰਘ ਕਾਹਲੋਂ, ਜਸਦੀਪ ਸਿੰਘ, ਗੁਰਦੀਪ ਸਿੰਘ ਅਵਤਾਰ ਸਿੰਘ, ਸੁਖਰਾਜ ਸਿੰਘ ਬੱਲ, ਕਰਨੈਲ ਸਿੰਘ ਰਾਏ, ਰਘਬੀਰ ਸਿੰਘ, ਜਸਬੀਰ ਸਿੰਘ ਚੱਠਾ, ਜਗਤਾਰ ਸਿੰਘ, ਜਸਬੀਰ ਸਿੰਘ ਬਰਾੜ, ਤਰਲੋਚਨ ਸਿੰਘ, ਬਲਦੀਪ ਸਿੰਘ, ਭਾਈ ਧਰਮ ਸਿੰਘ, ਜਗਪ੍ਰੀਤ ਸਿੰਘ ਜੱਗਾ, ਕੁਲਵਿੰਦਰ ਸਿੰਘ ਢਿੱਲੋਂ ਵਰਿੰਦਰਜੀਤ ਸਿੰਘ, ਬਲਵਿੰਦਰ ਸਿੰਘ, ਗੁਰਮੀਤ ਸਿੰਘ ਗਿੱਲ, ਮਹਿਤਾਬ ਸਿੰਘ, ਗੁਰਮੀਤ ਸਿੰਘ ਤੂਰ, ਗੁਰਜੀਤ ਸਿੰਘ, ਅਵਤਾਰ ਸਿੰਘ ਖਹਿਰਾ, ਰਜਿੰਦਰ ਸਿੰਘ ਨਟ ਅਤੇ ਬਾਬਾ ਮੋਹਨ ਸਿੰਘ ਸਮੇਤ ਹੋਰ ਪਤਵੰਤੇ ਸੱਜਣ ਹਾਜਿਰ ਸਨ।



**ਐਤਵਾਰ 29 ਮਾਰਚ ਨੂੰ ਇਸੇ ਸੰਬੰਧੀ ਗੁਰਦੁਆਰਾ ਸਾਹਿਬ ਵਿਖੇ ਹੋਵੇਗੀ ਮੀਟਿੰਗ, ਵਡੀ ਗਿਣਤੀ ਵਿਚ ਪਹੁੰਚਣ ਦੀ ਅਪੀਲ**

ਆਵਾਜ਼ਿ ਕੌਮ AWAZE QAUM International Newspaper & WEB TV

### ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਵੱਲੋਂ ਨਵੇਂ ਸੈਸ਼ਨ 2026-27 ਦਾ ਸ਼ਾਨਦਾਰ ਆਗਾਜ਼

# ਵਿਦਿਆਰਥੀ ਜੀਵਨ ਵਿੱਚ ਮੋਬਾਇਲ ਦੇ ਮਾੜੇ ਪ੍ਰਭਾਵ ਤੋਂ ਬਚਣ ਤੇ ਮੋਬਾਈਲ ਤੋਂ ਦੂਰ ਰਹਿਣ ਪ੍ਰਿੰਸੀਪਲ ਡਾ: ਅਮਰਪ੍ਰੀਤ ਕੌਰ




ਆਵਾਜ਼ਿ ਕੌਮ AWAZE QAUM International Newspaper & WEB TV

**ਜੰਡਿਆਲਾ ਗੁਰੂ, 27 ਮਾਰਚ ( ਕੁਲਵੰਤ ਸਿੰਘ ਵਿਰਦੀ )**-ਅੱਜ ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਨੇ ਆਪਣੇ ਨਵੇਂ ਸੈਸ਼ਨ 2026,-27 ਦਾ ਆਗਾਜ਼ ਬੜੇ ਸ਼ਾਨਦਾਰ ਤਰੀਕੇ ਨਾਲ ਕੀਤਾ। ਸਕੂਲ ਦੇ ਮੇਨ ਗੇਟ ਤੇ ਹੀ ਅਧਿਆਪਕਾਂ ਅਤੇ ਮੈਨੇਜਮੈਂਟ ਵੱਲੋਂ ਬੱਚਿਆਂ ਤੇ ਫੁੱਲਾਂ ਦੀ ਵਰਖਾ ਕਰਕੇ ਉਹਨਾਂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ।। ਉਪਰੰਤ ਬੱਚਿਆਂ ਦੇ ਸਵਾਗਤ ਲਈ ਇੱਕ ਵਿਸ਼ੇਸ਼ ਅਸੈਂਬਲੀ ਰੱਖੀ ਗਈ। ਜਿਸ ਵਿੱਚ ਅਧਿਆਪਕਾਂ ਵੱਲੋਂ ਬੱਚਿਆਂ ਲਈ ਸਵਾਗਤੀ ਗੀਤ ਗਾਏ ਅਤੇ ਸ਼ਾਨਦਾਰ ਸਵਾਗਤੀ ਡਾਂਸ ਪੇਸ਼ ਕਰਕੇ ਬੱਚਿਆਂ ਦਾ ਮਨੋਰੰਜਨ ਕੀਤਾ। ਉਪਰੰਤ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ:ਮੰਗਲ ਸਿੰਘ ਕਿਸ਼ਨਪੁਰੀ ਜੀ ਵੱਲੋਂ ਬੱਚਿਆਂ ਦਾ ਸਵਾਗਤ ਕਰਦੇ ਹੋਏ ਉਹਨਾਂ ਨੂੰ ਚੰਗੀ ਪੜ੍ਹਾਈ ਕਰਨ ਅਤੇ ਵੱਡੇ ਵੱਡੇ ਅਹੁਦਿਆਂ ਤੇ ਪਹੁੰਚਣ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਡਾ:ਅਮਰਪ੍ਰੀਤ ਕੌਰ ਜੀ ਨੇ ਨਵੇਂ ਦਾਖਲ ਹੋਏ ਬੱਚਿਆਂ ਨੂੰ ਆਪਣੇ ਸੇਂਟ ਸੋਲਜਰ ਪਰਿਵਾਰ ਵਿੱਚ ਜੀ ਆਇਆ ਕਹਿੰਦਿਆਂ ਉਹਨਾਂ ਦੇ ਸ਼ਾਨਦਾਰ ਭਵਿੱਖ ਦੀ ਕਾਮਨਾ ਕੀਤੀ। ਉਹਨਾਂ ਨੇ ਸਾਰੇ ਬੱਚਿਆਂ ਨੂੰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਦੀ ਪ੍ਰੇਰਨਾ ਦਿੱਤੀ ਅਤੇ ਮੋਬਾਈਲ ਦੇ ਵਿਦਿਆਰਥੀ ਜੀਵਨ ਵਿੱਚ ਮਾੜੇ ਪ੍ਰਭਾਵ ਦੱਸਦੇ ਹੋਏ ਮੋਬਾਈਲ ਤੋਂ ਦੂਰ ਰਹਿਣ ਲਈ ਕਿਹਾ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਗੁਰਪ੍ਰੀਤ ਕੌਰ ਸ਼ਿਲਪਾ ਸ਼ਰਮਾ ਕੁਆਡੀਨੇਟਰ ਨੀਲਾਕਸ਼ੀ ਗੁਪਤਾ ਕੋਆਰਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

# ਸੰਸਦ ਵਿੱਚ ਉਠਾਇਆ ਗਿਆ ਨਕਲੀ/ਘਟੀਆ ਦਵਾਈਆਂ ਦਾ ਮੁੱਦਾ, ਰਾਸ਼ਟਰੀ ਫਾਰਮਾਸਿਊਟੀਕਲ ਕੁਆਲਿਟੀ ਅਥਾਰਟੀ ਦੀ ਮੰਗ



ਆਵਾਜ਼ਿ ਕੌਮ AWAZE QAUM International Newspaper & WEB TV

**ਨਵੀਂ ਦਿੱਲੀ 27 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:-ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਅੱਜ ਸੰਸਦ ਵਿੱਚ ਭਾਰਤ ਵਿੱਚ ਘਟੀਆ ਅਤੇ ਮਾਣਕ ਬਗ਼ੈਰ ਦਵਾਈਆਂ ਦੇ ਨਿਰਮਾਣ, ਵਿਕਰੀ ਅਤੇ ਵੰਡ ਦਾ ਗੰਭੀਰ ਮੁੱਦਾ ਉਠਾਇਆ ਅਤੇ ਇਸਨੂੰ ਬਹੁਤ ਚਿੰਤਾਜਨਕ ਦੱਸਿਆ। ਡਾ. ਸਾਹਨੀ ਨੇ ਨਿਰਮਾਣ ਅਤੇ ਵਿਕਰੀ ਦੇ ਸਾਰੇ ਪੱਧਰਾਂ ’ਤੇ ਇਕਸਾਰ ਗੁਣਵੱਤਾ ਦੇ ਮਿਆਰਾਂ ਨੂੰ ਯਕੀਨੀ ਬਣਾਉਣ ਲਈ ਇੱਕ ਰਾਸ਼ਟਰੀ ਫਾਰਮਾਸਿਊਟੀਕਲ ਕੁਆਲਿਟੀ ਅਥਾਰਟੀ ਦੀ ਸਥਾਪਨਾ ਦੀ ਮੰਗ ਕੀਤੀ। ਡਾ. ਸਾਹਨੀ ਨੇ ਕਿਹਾ ਕਿ ਪਿਛਲੇ ਸਾਲ, 203 ਫਾਰਮਾਸਿਊਟੀਕਲ ਕੰਪਨੀਆਂ ਘਟੀਆ ਅਤੇ ਮਿਲਾਵਟੀ ਦਵਾਈਆਂ ਵੇਚਦੀਆਂ ਪਾਈਆਂ ਗਈਆਂ ਸਨ, ਅਤੇ ਨਿਰੀਖਣ ਕੀਤੀਆਂ ਗਈਆਂ 36% ਫਾਰਮਾਸਿਊਟੀਕਲ ਫੈਕਟਰੀਆਂ ਨੂੰ ਗੁਣਵੱਤਾ ਦੇ ਮਾਪਦੰਡਾਂ ਦੀ ਪਾਲਣਾ ਨਾ ਕਰਨ ਲਈ ਬੰਦ ਕਰ ਦਿੱਤਾ ਗਿਆ ਸੀ। ਇਨ੍ਹਾਂ ਵਿੱਚੋਂ ਜ਼ਿਆਦਾਤਰ ਕੰਪਨੀਆਂ ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਤੋਂ ਸਨ। ਡਾ. ਸਾਹਨੀ ਨੇ ਕਿਹਾ ਕਿ ਖੰਘ ਦੇ ਸ਼ਰਬਤ ਨਾਲ ਸੈਂਕੜੇ ਬੱਚਿਆਂ ਦੇ ਮਰਨ ਦੀਆਂ ਰਿਪੋਰਟਾਂ ਵੀ ਆਈਆਂ ਹਨ। ਡਾ. ਸਾਹਨੀ ਨੇ ਹੋਰ ਕਿਹਾ ਕਿ ਪਿਛਲੇ ਸਾਲ 1,500 ਤੋਂ ਵੱਧ ਨਮੂਨੇ ਜ਼ਬਤ ਕੀਤੇ ਗਏ ਸਨ, ਅਤੇ ਕੁਝ ਦਵਾਈਆਂ ਵਿੱਚ ਚਾਕ ਪਾਊਡਰ ਵਰਗੇ ਪਦਾਰਥ ਸਨ। ਉਹਨਾ ਨੇ ਇਹ ਵੀ ਕਿਹਾ ਕਿ ਹਰ ਸਾਲ ਲਗਭਗ 300,000 ਲੋਕ ਵਾਇਰਲ ਬੁਖਾਰ ਅਤੇ ਓਵਰ-ਦੀ-ਕਾਊਂਟਰ ਐਂਟੀਬਾਇਓਟਿਕਸ, ਜੋ ਕਿ ਕੈਂਡੀ ਅਤੇ ਚਾਕਲੇਟ ਵਾਂਗ ਆਸਾਨੀ ਨਾਲ ਉਪਲਬਧ ਹਨ, ਕਾਰਨ ਮਰਦੇ ਹਨ।

# ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਵਿਖੇ ‘ਗ੍ਰੈਜੂਏਸ਼ਨ ਸੈਰੇਮਨੀ’ ਦਾ ਆਯੋਜਨ

## ਸਕੂਲ ਸਟਾਫ਼ ਵੱਲੋਂ ਬੱਚਿਆਂ ਨੂੰ ਵਿਸ਼ੇਸ਼ ਤੌਰ ਤੇ ਟਰਾਫੀਆਂ ਦੇ ਕੇ ਕੀਤਾ ਸਨਮਾਨਿਤ




**ਮਹਿਲ ਕਲਾਂ/ਬਰਨਾਲਾ (ਵਰਿਆਮ ਹਠੂਰ)**-ਨਾਮਵਾਰ ਵਿੱਦਿਅਕ ਸੰਸਥਾ ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ (ਬਰਨਾਲਾ) ਵਿਖੇ ਮਾਪੇ ਅਧਿਆਪਕ ਮਿਲਣੀ ਅਤੇ ਗ੍ਰੈਜੂਏਸ਼ਨ ਸੈਰੇਮਨੀ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਸੰਸਥਾ ਦੇ ਡਾਇਰੈਕਟਰ ਮੋਹਨੀਸ਼ ਮਿਸ਼ਾ ਜੀ ਅਤੇ ਪ੍ਰਿੰਸੀਪਲ ਵੀਨਾ ਨਾਇਰ ਨੇ ਆਏ ਹੋਏ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ। ਇਸ ਮੌਕੇ ਤੇ ਯੂ.ਕੇ.ਜੀ ਕਲਾਸ ਦੀ ਗ੍ਰੈਜੂਏਸ਼ਨ ਸੈਰੇਮਨੀ ਦਾ ਆਯੋਜਨ ਵੀ ਬੜੇ ਧੂਮਧਾਮ ਨਾਲ ਕੀਤਾ ਗਿਆ। ਜਿਸ ਵਿੱਚ ਵਿਦਿਆਰਥੀਆਂ ਦੇ ਮਾਪਿਆਂ ਨੇ ਸ਼ਿਰਕਤ ਕੀਤੀ। ਵਿਦਿਆਰਥੀਆਂ ਵੱਲੋਂ ਵੱਖ-ਵੱਖ ਪੇਸ਼ਕਾਰੀਆਂ ਕੀਤੀਆਂ ਗਈਆਂ। ਨਰਸਰੀ ਤੋਂ ਯੂ.ਕੇ.ਜੀ ਦੇ ਅਧਿਆਪਕਾਂ ਨੇ ਮਾਪਿਆਂ ਨਾਲ ਵਿਦਿਆਰਥੀਆਂ ਦੀ ਪ੍ਰਗਤੀ ਰਿਪੋਰਟ ਸਾਂਝੀ ਕੀਤੀ ਅਤੇ ਵਿਦਿਆਰਥੀਆਂ ਦੀਆਂ ਸਾਲਾਨਾ ਪ੍ਰਾਪਤੀਆਂ ਤੋਂ ਜਾਣੂ ਕਰਵਾਇਆ, ਮਾਪਿਆਂ ਨੂੰ ਇਸ ਮਿਲਣੀ ਰਾਹੀਂ ਆਪਣੇ ਬੱਚਿਆਂ ਦੀ ਕਾਰਗੁਜ਼ਾਰੀ ਦਾ ਗਿਆਨ ਪ੍ਰਾਪਤ ਹੋਇਆ ਜਿਸ ਦੀ ਉਨ੍ਹਾਂ ਨੇ ਭਰਪੂਰ ਸ਼ਲਾਘਾ ਕੀਤੀ। ਮਾਪਿਆਂ ਨੇ ਅਧਿਆਪਕਾਂ ਨਾਲ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਲੋੜੀਂਦੇ ਮਾਰਗ ਦਰਸ਼ਨ ਉੱਪਰ ਵੀ ਵਿਚਾਰ ਵਟਾਂਦਰਾ ਕੀਤਾ। ਵਿਦਿਆਰਥੀਆਂ ਦੀ ਹੌਂਸਲਾ ਅਫਜ਼ਾਈ ਕਰਦੇ ਹੋਏ ਅਤੇ ਉਹਨਾਂ ਦੇ ਉਤਸ਼ਾਹ ਨੂੰ ਕਾਇਮ ਰੱਖਣ ਲਈ ਉਨ੍ਹਾਂ ਨੂੰ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ। ਮਾਪਿਆਂ ਨੇ ਸਕੂਲ ਪ੍ਰਿੰਸੀਪਲ ਵੀਨਾ ਨਾਇਰ ਅਤੇ ਸਮੂਹ ਅਧਿਆਪਕਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਕਰਕੇ ਹੀ ਸਾਡੇ ਬੱਚਿਆਂ ਦੇ ਉੱਜਵਲ ਭਵਿੱਖ ਦਾ ਨਿਰਮਾਣ ਹੋ ਰਿਹਾ ਹੈ। ਇਸ ਮੌਕੇ ਗੱਲਬਾਤ ਕਰਦਿਆਂ ਡਾਇਰੈਕਟਰ ਮੋਹਨੀਸ ਮਿਸਾ ਨੇ ਕਿਹਾ ਕਿ ਸਾਡੇ ਸਕੂਲ ਦੇ ਹੋਣਹਾਰ ਅਤੇ ਮਿਹਨਤੀ ਸਟਾਫ ਵੱਲੋਂ ਬੱਚਿਆਂ ਨੂੰ ਚੰਗੀ ਵਿੱਦਿਆ ਅਤੇ ਉਹਨਾਂ ਦਾ ਭਵਿੱਖ ਉੱਜਵਲ ਬਣਾਉਣ ਲਈ ਤੇ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਯਤਨ ਕੀਤੇ ਜਾਂਦੇ ਹਨ। ਤੇ ਬੱਚਿਆਂ ਨੂੰ ਚੰਗੀ ਵਿੱਦਿਆ ਦੇ ਨਾਲ ਨਾਲ ਬੱਚਿਆਂ ਦੇ ਮਨੋਰੰਜਨ ਦਾ ਵੀ ਖਾਸ ਖਿਆਲ ਰੱਖਿਆ ਜਾਂਦਾ ਹੈ। ਤੇ ਸਮੇਂ ਸਮੇਂ ਨਾਲ ਟੂਰ ਵੀ ਲਿਜਾਏ ਜਾਂਦੇ ਹਨ। ਮਿਹਨਤੀ ਅਤੇ ਹੋਣਹਾਰ ਬੱਚਿਆਂ ਨੂੰ ਸਨਮਾਨਿਤ ਕੀਤਾ ਜਾਂਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਵਾਘਾ ਬਾਰਡਰ ਵਪਾਰ ਲਈ ਖੋਲਣ ਦੇ ਪੱਖ ’ਚ ਸ਼੍ਰੋਮਣੀ ਅਕਾਲੀ ਦਲ ( ਅੰਮ੍ਰਿਤਸਰ) ਦੀ ਕਾਨਫਰੰਸ ਅੱਜ

ਹੁਸ਼ਿਆਰਪੁਰ, 27 ਮਾਰਚ (ਬਲਵੀਰ ਸਿੰਘ ਸੈਣੀ)- ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਆਪਣੀ ਪੱਕੀ ਅਤੇ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਦੁਹਰਾਉਂਦਾ ਹੈ ਕਿ ਵਾਘਾ ਬਾਰਡਰ ਰਾਹੀਂ ਸਰਹੱਦੀ ਵਪਾਰ ਨੂੰ ਤੁਰੰਤ ਦੁਬਾਰਾ ਸ਼ੁਰੂ ਕੀਤਾ ਜਾਵੇ। ਪਾਰਟੀ ਇਸ ਨੂੰ ਆਰਥਿਕ ਪੁਨਰਜਾਗਰਣ, ਖੇਤਰੀ ਸਹਿਯੋਗ ਅਤੇ ਟਿਕਾਊ ਅਮਨ ਲਈ ਬਹੁਤ ਜਰੂਰ ਮੰਨਦੀ ਹੈ।

ਪਾਰਟੀ ਇਹ ਵੀ ਜ਼ੋਰ ਦੇ ਕੇ ਕਹਿੰਦੀ ਹੈ ਕਿ ਇਹ ਸਿਰਫ਼ ਆਰਥਿਕ ਮਸਲਾ ਨਹੀਂ, ਸਗੋਂ ਪੰਜਾਬ ਦੇ ਲੋਕਾਂ ਲਈ ਇਤਿਹਾਸਕ ਅਤੇ ਰਣਨੀਤਿਕ ਲੋੜ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਨਾਮ ਸਿੰਘ ਸਿੰਗੜੀਵਾਲਾ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬਾਘਾ ਬਾਰਡਰ ਤੇ 28 ਮਾਰਚ ਨੂੰ ਪਾਰਟੀ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਹੇਠ ਕੀਤੀ ਜਾ ਰਹੀ ਵੱਡੀ ਕਾਨਫਰੰਸ ਸਬੰਧੀ ਗੱਲਬਾਤ ਕਰਦਿਆਂ ਕੀਤਾ ਇਸ ਸਮੇਂ ਸਿੰਗੜੀਵਾਲਾ ਨੇ ਕਿਹਾ ਕਿ ਚੜਦੇ ਅਤੇ ਲਹਿੰਦੇ ਪੰਜਾਬ ਵਿਚਕਾਰ ਵਪਾਰ ਦੀ ਦੁਬਾਰਾ ਸ਼ੁਰੂਆਤ ਨਾਲ ਖਿੱਤੇ ਦੇ ਕਿਸਾਨਾਂ ਨੂੰ ਵੱਡਾ ਲਾਭ ਹੋਵੇਗਾ, ਜੋ ਇਸ ਵੇਲੇ ਸੀਮਿਤ ਮਾਰਕੀਟ ਪਹੁੰਚ, ਕੀਮਤਾਂ ਵਿੱਚ ਉਤਾਰ-ਚੜ੍ਹਾਅ ਅਤੇ ਵਧ ਰਹੀਆਂ ਲਾਗਤਾਂ ਦਾ ਸਾਹਮਣਾ ਕਰ ਰਹੇ ਹਨ। ਇਸ ਸਮੇਂ ਸਿੰਗੜੀਵਾਲਾ ਨੇ ਕਿਹਾ ਕਿ ਲੋਕਾਂ ਦਾ ਸਮਰਥਨ ਪ੍ਰਾਪਤ ਕਰਨ ਲਈ ਪਾਰਟੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਦੀ ਅਗਵਾਈ ਹੇਠ 28 ਮਾਰਚ 2026 ਨੂੰ ਅਟਾਰੀ-ਵਾਘਾ ਸਰਹੱਦ ‘ਤੇ “ਬੋਰਡਰ ਓਪਨ” ਰੈਲੀ ਦਾ ਐਲਾਨ ਕੀਤਾ ਹੈ।

## ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਮੋਗਾ ਦਾ ਸਲਾਨਾ ਨਤੀਜਾ ਸ਼ਾਨਦਾਰ ਰਿਹਾ

# ਸਕੂਲ ਮੈਨੇਜਮੈਂਟ ਅਤੇ ਸਟਾਫ਼ ਵੱਲੋਂ ਬੱਚਿਆਂ ਨੂੰ ਮੁਬਾਰਕਾਂ ਦਿੰਦਿਆਂ ਸਨਮਾਨਿਤ ਕੀਤਾ








ਬਿਲਾਸਪੁਰ/ਮੋਗਾ (ਵਰਿਆਮ ਹਠੂਰ) ਇਲਾਕੇ ਦੀ ਚਰਚਿਤ ਤੇ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਦੁਆਰਾ ਵਿੱਦਿਅਕ ਵਰੇ 2025-26 ਦਾ ਨਤੀਜਾ ਘੋਸ਼ਿਤ ਕੀਤਾ ਗਿਆ। ਸਾਰੀਆਂ ਹੀ ਕਲਾਸਾਂ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ। ਗੱਲਬਾਤ ਕਰਦਿਆਂ ਪ੍ਰਿੰਸੀਪਲ ਕੰਜੂਮੋਲ ਜੋਅ ਅਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਕਿਹਾ ਕਿ ਜਿੱਥੇ ਬੱਚਿਆਂ ਨੇ ਚੰਗੀ ਮਿਹਨਤ ਕੀਤੀ ਹੈ। ਉੱਥੇ ਸਾਡੇ ਸਕੂਲ ਦਾ ਮਿਹਨਤੀ ਸਟਾਫ ਬੱਚਿਆਂ ਨੂੰ ਚੰਗੀ ਵਿੱਦਿਆ ਹਾਸਿਲ ਕਰਵਾਉਣ ਲਈ ਤੇ ਉਹਨਾਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਸਖ਼ਤ ਮਿਹਨਤ ਕਰਦਾ ਹੈ। ਇਸ ਮੌਕੇ ਤੇ ਮੌਜੂਦ ਸਕੂਲ ਪ੍ਰਧਾਨ ਸਮਾਜ ਸੇਵੀ ਸ੍ਰ: ਚਰਨ ਸਿੰਘ ਸਕੂਲ ਚੇਅਰਮੈਂਨ ਯੋਗਿੰਦਰ ਸ਼ਰਮਾ, ਪ੍ਰਿੰਸੀਪਲ ਕੰਜੂਮੋਲ ਜੋਅ ਤੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਸਾਰੇ ਹੀ ਵਿਦਿਆਰਥੀਆਂ ਸਟਾਫ ਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਇਸ ਮੌਕੇ ਤੇ ਵੱਖ-ਵੱਖ ਕਲਾਸਾਂ ਵਿੱਚ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਕਲਾਸ ਯੂ..ਕੇ.ਜੀ ਦੀ ਗ੍ਰੈਜੂਏਸ਼ਨ ਸੈਰੇਮਨੀ ਵੀ ਆਯੋਜਿਤ ਕੀਤੀ ਗਈ। ਵਿੱਦਿਅਕ ਸੈਸ਼ਨ 2025-26 ਦੌਰਾਨ ਕਰਵਾਈਆਂ ਗਈਆਂ ਵੱਖ-ਵੱਖ ਗਤੀਵਿਧੀਆਂ ਵਿੱਚ ਪੁਜੀਸ਼ਨਾਂ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਉਚੇਚੇ ਤੌਰ ਤੇ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਨਤੀਜਾ ਲੈਣ ਆਏ ਮਾਪਿਆਂ ਦੇ ਚਿਹਰਿਆਂ ਤੇ ਖੁਸ਼ੀ ਦੀਆਂ ਛੱਲਾਂ ਵੱਜਦੀਆਂ ਸਾਫ ਦਿਖਾਈ ਦੇ ਰਹੀਆਂ ਸਨ। ਇਸ ਮੌਕੇ ਸਕੂਲ ਪਹੁੰਚੇ ਮਾਪਿਆਂ ਨੇ ਸਕੂਲ ਵਿਖੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਕਰਵਾਈਆਂ ਜਾਂਦੀਆਂ ਵੱਖ-ਵੱਖ ਗਤੀਵਿਧੀਆਂ ਦੀ ਖੂਬ ਸ਼ਲਾਘਾ ਕੀਤੀ। ਅੰਤ ਵਿੱਚ ਮੁੜ ਸਕੂਲ ਪ੍ਰਧਾਨ ਸਮਾਜ ਸੇਵੀ ਚਰਨ ਸਿੰਘ ਅਤੇ ਚੇਅਰਮੈਨ ਯੋਗਿੰਦਰ ਸਰਮਾਂ ਨੇ ਬੱਚਿਆਂ ਨੂੰ ਮੁਬਾਰਕਾਂ ਦਿੰਦਿਆਂ ਨਵੇਂ ਸੈਸ਼ਨ ਵਿੱਚ ਵੀ ਚੰਗੀ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਤੇ ਮਾਪਿਆਂ ਨੂੰ ਵੀ ਵਧਾਈਆਂ ਦਿੱਤੀਆਂ ਇਸ ਮੌਕੇ ਸਕੂਲ ਸਟਾਫ਼ ਬੱਚਿਆਂ ਦੇ ਮਾਪੇ ਅਤੇ ਬੱਚੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ/ਡੇਲਟਾ ਦੇ ਪ੍ਰਧਾਨ ਅਮਨਦੀਪ ਸਿੰਘ ਜੋਹਲ ਪ੍ਰਬੰਧ ਸੰਭਾਲਣ ਵਿਚ ਹੋਏ ਫੇਲ

# ਸੰਗਤਾਂ ਵਲੋਂ ਤੁਰੰਤ ਅਸਤੀਫੇ ਦੀ ਮੰਗ



**ਸਰੀ, 27 ਮਾਰਚ (ਆਵਾਜ਼ਿ ਕੌਮ ਬਿਊਰੋ)**:- ਕੈਨੇਡਾ ਦੇ ਸਰੀ ਡੇਲਟਾ ਸ਼ਹਿਰ ਦੇ ਮੁੱਖ ਗੁਰਦੁਆਰਾ ਗੁਰੂ ਨਾਨਕ ਸਿੱਖ ਗੁਰਦੁਆਰਾ ਦੇ ਸਾਬਕਾ ਮੁੱਖ ਸੇਵਾਦਾਰ ਭਾਈ ਹਰਦੀਪ ਸਿੰਘ ਨਿੱਝਰ ਦੀ ਸ਼ਹਾਦਤ ਤੋਂ ਤਕਰੀਬਨ 2 ਸਾਲ ਬਾਅਦ ਵਿਵਾਦਾ ਵਿਚ ਆ ਗਿਆ ਹੈ ਤੇ ਇਸਦੀ ਮੌਜੂਦਾ ਪ੍ਰਬੰਧਕੀ ਸੰਭਾਲਣ ਵਾਲੇ ਅਮਨਦੀਪ ਸਿੰਘ ਅਤੇ ਉਨ੍ਹਾਂ ਦੇ ਨਾਲਦੇ ਕੁਝ ਮੈਂਬਰਾਂ ਉਪਰ ਪ੍ਰਬੰਧ ਸੰਭਾਲਣ ਵਿਚ ਅਸਫਲ ਰਹਿਣ ਕਰਕੇ ਉਨ੍ਹਾਂ ਦੇ ਅਸਤੀਫੇ ਦੀ ਮੰਗ ਜ਼ੋਰ ਫੜ ਰਹੀ ਹੈ। ਇਥੇ ਦਸਣਯੋਗ ਹੈ ਕਿ ਭਾਈ ਨਿੱਝਰ ਦੇ ਕਤਲ ਉਪਰੰਤ ਵਾਇਸ ਪ੍ਰਧਾਨ ਭਾਈ ਗੁਰਮੀਤ ਸਿੰਘ ਗਿੱਲ ਅਤੇ ਉਨ੍ਹਾਂ ਦੇ ਸਾਥੀਆਂ ਨੇ ਓਸ ਔਖੇ ਵੇਲੇ ਸੁਚੱਜੇ ਢੰਗ ਨਾਲ ਪ੍ਰਬੰਧ ਸੰਭਾਲ ਲਿਆ ਸੀ ਤੇ ਭਾਈ ਨਿੱਝਰ ਦੀ ਸੋਚ ਮੁਤਾਬਕ ਸੰਗਤਾਂ ਅਤੇ ਪੰਥ ਨਾਲ ਮਿਲਕੇ ਹਰ ਮੋਰਚੇ ਵਿੱਚ ਸ਼ਮੂਲੀਅਤ ਕਰਕੇ ਬਣਦਾ ਯੋਗਦਾਨ ਪਾ ਰਹੇ ਸਨ ਪਰ ਕੁਝ ਸਮੇਂ ਬਾਅਦ ਇੱਕ ਅਜਿਹਾ ਵਿਅਕਤੀ ਜਿਹੜਾ ਕਦੇ ਗੁਰਦੁਆਰਾ ਸਾਹਿਬ ਮੱਥਾ ਟੇਕਣ ਵੀ ਨਹੀਂ ਆਉਂਦਾ ਨੂੰ ਕੁਝ ਸ਼ੱਕੀ ਵਿਅਕਤੀਆਂ ਨੇ ਇੰਨਾ ਸ਼ਕਤੀਸ਼ਾਲੀ ਬਣਾ ਦਿੱਤਾ ਕਿ ਉਸਨੇ ਹਰ ਪੰਥ ਪ੍ਰੇਮੀ ਨੂੰ ਹਰ ਤਰ੍ਹਾਂ ਨਾਲ ਗੁਰਦੁਆਰਾ ਸਾਹਿਬ ਤੋਂ ਬਾਹਰ ਧੱਕਣਾ ਸ਼ੁਰੂ ਕਰ ਦਿੱਤਾ ਅਤੇ ਉਨ੍ਹਾਂ 'ਤੇ ਪੱਕੇ ਤੌਰ 'ਤੇ ਪਾਬੰਦੀ ਲਗਾਉਣੀ ਸ਼ੁਰੂ ਕਰ ਦਿੱਤੀ ਹੈ ਤੇ ਜਦਕਿ ਓਹ ਪ੍ਰਧਾਨ ਬਣੇ ਉਪਰੰਤ ਗੁਰਦੁਆਰਾ ਸਾਹਿਬ ਨਜ਼ਰ ਹੀ ਨਹੀਂ ਆਂਦੇ ਹਨ ਜਿਸ ਕਰਕੇ ਰੋਸ ਵਧਣ ਨਾਲ ਪ੍ਰਬੰਧਕੀ ਟੀਮ ਦੋ ਹਿੱਸਿਆ ਵਿਚ ਵੰਡੀ ਗਈ। ਇਸ ਦੇ ਨਾਲ ਹੀ ਅਮਨਦੀਪ ਸਿੰਘ ਉਪਰ ਵਡੀ ਗਿਣਤੀ ਵਿਚ ਇਲਜਾਮ ਲਗਾਏ ਗਏ ਹਨ ਜਿਨ੍ਹਾਂ ਬਾਰੇ ਓਹ ਸੰਗਤਾਂ ਨੂੰ ਕੌਈ ਜੁਆਬ ਨਹੀਂ ਦੇ ਰਹੇ ਹਨ ਜਿਸ ਕਰਕੇ ਸੰਗਤਾਂ ਅੰਦਰ ਰੋਸ ਵਧਿਆ ਹੋਇਆ ਹੈ। ਮੌਜੂਦਾ ਪ੍ਰਧਾਨ ਨੂੰ ਵਾਰ ਵਾਰ ਨਵੀਂ ਮੈਂਬਰਸ਼ਿਪ ਨਵਿਆਉਣ ਲਈ ਕਹਿਣ ਤੇ ਓਹ ਹਰ ਵਾਰ ਟਾਲ ਮਟੋਲ ਕਰਦੇ ਰਹੇ ਤੇ ਅੰਤ ਵਿਚ ਜਦੋ ਮੈਂਬਰਸ਼ਿਪ ਨਵਿਆਉਣ ਲਈ ਸ਼ੁਰੂ ਹੋਈ ਓਹ ਵਿਵਾਦਾ, ਨਿਰਪੱਖਤਾ ਅਤੇ ਪਾਰਦਰਸ਼ਤਾ ਦੀ ਘਾਟ ਕਰਕੇ ਇਸ ਵਿਚ ਅਸਫਲ ਹੋ ਗਈ ਜਿਸ ਕਰਕੇ ਸੰਗਤ ਵਿਚ ਗੰਭੀਰ ਚਿੰਤਾ ਦਾ ਵਿਸ਼ਾ ਬਣ ਗਿਆ। ਏਜੀਐਮ ਵਿਚ ਪੇਸ਼ ਕੀਤੀ ਗਈ ਰਿਪੋਰਟ ਨੂੰ ਬਹੁਮਤ ਮੈਂਬਰਾਂ ਨੇ ਰੱਦ ਕਰ ਦਿੱਤਾ। ਕਮੇਟੀ ਦੇ ਇੱਕ ਸਹਾਇਕ ਖਜ਼ਾਨਚੀ ਨੇ ਵਿੱਤੀ ਗੜਬੜੀਆਂ ਅਤੇ ਗਵਰਨੈਂਸ ਮਸਲਿਆਂ ਦੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇੱਕ ਹੋਰ ਮੈਂਬਰ ਨੇ ਦਾਨ ਪੇਟੀਆਂ (ਗੋਲਕ) ਤੋਂ ਨਿਯਮਿਤ ਤੌਰ 'ਤੇ ਨਕਦ ਵਾਊਚਰ ਕੱਢਣ ਬਾਰੇ ਗੰਭੀਰ ਚਿੰਤਾ ਜਤਾਈ। ਪੂਰੀ ਵਿੱਤੀ ਜਾਣਕਾਰੀ ਪ੍ਰਾਪਤ ਕਰਨ ਲਈ ਮੀਟਿੰਗ ਵਿੱਚ ਹਾਜ਼ਰ ਸੰਗਤ ਨੇ ਮੁੜ-ਆਡਿਟ ਦੀ ਮੰਗ ਕੀਤੀ ਸੀ, ਪਰ ਪ੍ਰਧਾਨ ਅਮਨਦੀਪ ਸਿੰਘ ਜੋਹਲ ਦੀ ਅਗਵਾਈ ਹੇਠ ਮੌਜੂਦਾ ਕਮੇਟੀ ਨੇ ਇਸ ਉੱਤੇ ਕੋਈ ਕਾਰਵਾਈ ਨਹੀਂ ਕੀਤੀ। ਪਿਛਲੀਆਂ ਦੋ ਸਾਲਾਂ ਦੀਆਂ ਏਜੀਐਮ ਮੀਟਿੰਗਾਂ ਵਿੱਚ ਗੁਰੂ ਨਾਨਕ ਸਿੱਖ ਸਕੂਲ ਨੂੰ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੇ ਅਧੀਨ ਲਿਆਂਦਾ ਜਾਣਾ ਐਜੰਡੇ ਵਿੱਚ ਸ਼ਾਮਲ ਸੀ ਅਤੇ ਮਿਨਟ ਬੁੱਕ ਵਿੱਚ ਵੀ ਦਰਜ ਹੈ , ਪਰ 2025 ਦੀ ਏਜੀਐਮ ਵਿੱਚ ਫਿਰ ਇਸਨੂੰ ਸੁਤੰਤਰ ਸੰਸਥਾ ਵਜੋਂ ਦਰਸਾਇਆ ਜਾ ਰਿਹਾ ਹੈ ਅਤੇ ਪਿਛਲੇ 2 ਸਾਲਾਂ ਤੋਂ ਕੋਈ ਮਹੀਨਾਵਾਰ ਮੀਟਿੰਗ ਵੀ ਨਹੀਂ ਕੀਤੀ ਗਈ। ਫਰਵਰੀ 2026 ਵਿੱਚ ਸੰਗਤੀ ਮੀਟਿੰਗ ਕਰਨ ਦਾ ਐਲਾਨ ਕੀਤਾ ਗਿਆ ਸੀ ਪਰ ਬਾਅਦ ਵਿਚ ਇਸ ਨੂੰ ਟਾਲ ਦਿੱਤਾ ਗਿਆ। ਸੰਗਤ ਵੱਲੋਂ ਬਾਰ ਬਾਰ ਸਕੂਲ ਦੇ ਵਿੱਤੀ ਦਸਤਾਵੇਜ਼ ਮੰਗਣ ਦੇ ਬਾਵਜੂਦ ਜਾਰੀ ਨਹੀਂ ਕੀਤੇ ਜਾ ਰਹੇ ਹਨ । ਗੁਰਦੁਆਰਾ ਸਾਹਿਬ ਅਤੇ ਸਕੂਲ ਦੇ ਮਸਲਿਆਂ ਸਬੰਧੀ ਚਿੱਠੀਆਂ 1 ਫਰਵਰੀ ਅਤੇ 16 ਫਰਵਰੀ 2026 ਨੂੰ ਸੋਸਾਇਟੀ ਦੇ ਵਕੀਲ ਅਤੇ ਪ੍ਰਧਾਨ ਅਮਨਦੀਪ ਸਿੰਘ ਜੋਹਲ ਨੂੰ ਭੇਜੀਆਂ ਗਈਆਂ ਅਤੇ ਸੰਗਤ ਨੂੰ ਉਮੀਦ ਸੀ ਕਿ ਇਹ ਮਸਲੇ ਜਲਦੀ ਹੱਲ ਕਰ ਦਿੱਤੇ ਜਾਣਗੇ, ਪਰ ਲਿਖਤੀ ਰੂਪ ਵਿੱਚ ਇਤਰਾਜ਼ ਕਰਨ ਦੇ ਬਾਵਜੂਦ ਸੁਸਾਇਟੀ ਦੇ ਵਕੀਲ ਨੇ ਵੀ ਕੋਈ ਜਵਾਬ ਨਹੀਂ ਦਿੱਤਾ। ਇਸ ਮਾਮਲੇ ਵਿਚ ਇੱਕ ਮਹੱਤਵਪੂਰਨ ਗੱਲ ਇਹ ਹੈ ਕਿ ਮੈਂਬਰਸ਼ਿਪ ਦੀ ਪ੍ਰਕਿਰਿਆ ਪਾਰਦਰਸ਼ਤਾ ਤੇ ਨਿਰਪੱਖਤਾ ਨਾਲ ਕਰਨ ਲਈ ਕਮੇਟੀ ਦਾ ਇੱਕ ਧੜਾ (ਵਾਇਸ ਪ੍ਰਧਾਨ ਭਾਈ ਗਿੱਲ) ਪੂਰਨ ਤੌਰ ਤੇ ਸਮੁੱਚੀ ਸੰਗਤ ਦਾ ਸਾਥ ਦੇ ਰਿਹਾ ਹੈ ਪਰ ਪ੍ਰਧਾਨ ਅਤੇ ਉਨ੍ਹਾਂ ਦੇ ਨਾਲਦੇ ਕੁਝ ਮੈਂਬਰ ਕਿਸੇ ਕਿਸਮ ਦਾ ਸਾਹਿਯੋਗ ਨਹੀਂ ਕਰ ਰਹੇ ਹਨ । ਜਿਕਰਯੋਗ ਹੈ ਕਿ ਚਾਲੂ ਐਗਜ਼ਿਕਊਟਿਵ ਕਮੇਟੀ ਦੀ ਮਿਆਦ 31 ਦਸੰਬਰ 2025 ਨੂੰ ਸਮਾਪਤ ਹੋ ਚੁੱਕੀ ਹੈ ਜਿਸ ਕਰਕੇ ਸੰਗਤੀ ਧੜਾ ਹੁਣ ਕਮੇਟੀ ਨੂੰ ਅਸਤੀਫ਼ਾ ਦੇਣ ਅਤੇ ਸੋਸਾਇਟੀ ਦਾ ਪ੍ਰਬੰਧ ਮੈਂਬਰਾਂ ਨੂੰ ਸੌਂਪਣ ਦੀ ਮੰਗ ਕਰਦਾ ਹੈ, ਤਾਂ ਜੋ ਪਾਰਦਰਸ਼ੀ ਢੰਗ ਮੈਂਬਰਸ਼ਿਪ ਪ੍ਰਕਿਰਿਆ ਸ਼ੁਰੂ ਕੀਤੀ ਜਾ ਸਕੇ ਅਤੇ ਨਵੀਂ ਕਮੇਟੀ ਦੀ ਚੋਣ ਤੀਜੀ ਧਿਰ ਦੀ ਦੇਖ-ਰੇਖ ਕੀਤੀ ਜਾ ਸਕੇ। ਐਤਵਾਰ 29 ਮਾਰਚ 2026 ਨੂੰ ਦੁਪਹਿਰ 12:30 ਵਜੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਵਿਖੇ ਸੰਗਤੀ ਮੀਟਿੰਗ ਰਖੀ ਗਈ ਹੈ ਜਿਸ ਵਿਚ ਸੰਗਤਾਂ ਨੂੰ ਭਾਰੀ ਗਿਣਤੀ ਵਿਚ ਪਹੁੰਚ ਕੇ ਆਪਣੇ ਸੁਝਾਅ ਦੇਣ ਲਈ ਅਪੀਲ ਕੀਤੀ ਗਈ ਹੈ । ਇਸ ਮੌਕੇ ਤਰਨਜੀਤ ਸਿੰਘ ਧੁੱਗਾ, ਗੁਰਬਚਨ ਸਿੰਘ ਕਾਹਲੋਂ, ਜਸਦੀਪ ਸਿੰਘ, ਗੁਰਦੀਪ ਸਿੰਘ ਅਵਤਾਰ ਸਿੰਘ, ਸੁਖਰਾਜ ਸਿੰਘ ਬੱਲ, ਕਰਨੈਲ ਸਿੰਘ ਰਾਏ, ਰਘਬੀਰ ਸਿੰਘ, ਜਸਬੀਰ ਸਿੰਘ ਚੱਠਾ, ਜਗਤਾਰ ਸਿੰਘ, ਜਸਬੀਰ ਸਿੰਘ ਬਰਾੜ, ਤਰਲੋਚਨ ਸਿੰਘ, ਬਲਦੀਪ ਸਿੰਘ, ਭਾਈ ਧਰਮ ਸਿੰਘ, ਜਗਪ੍ਰੀਤ ਸਿੰਘ ਜੱਗਾ, ਕੁਲਵਿੰਦਰ ਸਿੰਘ ਢਿੱਲੋਂ ਵਰਿੰਦਰਜੀਤ ਸਿੰਘ, ਬਲਵਿੰਦਰ ਸਿੰਘ, ਗੁਰਮੀਤ ਸਿੰਘ ਗਿੱਲ, ਮਹਿਤਾਬ ਸਿੰਘ, ਗੁਰਮੀਤ ਸਿੰਘ ਤੂਰ, ਗੁਰਜੀਤ ਸਿੰਘ, ਅਵਤਾਰ ਸਿੰਘ ਖਹਿਰਾ,ਰਜਿੰਦਰ ਸਿੰਘ ਨਟ ਅਤੇ ਬਾਬਾ ਮੋਹਨ ਸਿੰਘ ਸਮੇਤ ਹੋਰ ਪਤਵੰਤੇ ਸੱਜਣ ਹਾਜਿਰ ਸਨ।

**ਐਤਵਾਰ 29 ਮਾਰਚ ਨੂੰ ਇਸੇ ਸੰਬੰਧੀ ਗੁਰਦੁਆਰਾ ਸਾਹਿਬ ਵਿਖ਼ੇ ਹੋਵੇਗੀ ਮੀਟਿੰਗ, ਵਡੀ ਗਿਣਤੀ ਵਿਚ ਪਹੁੰਚਣ ਦੀ ਅਪੀਲ**

ਆਵਾਜ਼ਿ ਕੌਮ AWAZE QAUM International Newspaper & WEB TV

# ਊਰਜਾ ਲਾਕਡਾਊਨ



ਊਰਜਾ ਆਧੁਨਿਕ ਸਭਿਆਚਾਰ ਦੀ ਰੀੜ ਦੀ ਹੱਡੀ ਹੈ। ਬਿਜਲੀ, ਪੈਟਰੋਲੀਅਮ, ਕੁਦਰਤੀ ਗੈਸ ਅਤੇ ਹੋਰ ਊਰਜਾ ਸਰੋਤ ਆਵਾਜਾਈ, ਖੇਤੀਬਾੜੀ, ਸਿਹਤ ਸੇਵਾਵਾਂ, ਸੰਚਾਰ ਅਤੇ ਉਦਯੋਗ ਨੂੰ ਚਲਾਉਣ ਲਈ ਬਹੁਤ ਮਹੱਤਵਪੂਰਣ ਹਨ। ਜਦੋਂ ਇਹਨਾਂ ਸਰੋਤਾਂ ਦੀ ਸਪਲਾਈ ਬਹੁਤ ਘੱਟ ਹੋ ਜਾਂਦੀ ਹੈ, ਤਦ ਸਮਾਜ ਇੱਕ ਗੰਭੀਰ ਊਰਜਾ ਸੰਕਟ ਦਾ ਸਾਹਮਣਾ ਕਰਦਾ ਹੈ। ਊਰਜਾ ਲਾਕਡਾਊਨ ਉਹ ਹਾਲਤ ਹੁੰਦੀ ਹੈ ਜਦੋਂ ਸਰਕਾਰ ਜਾਂ ਅਧਿਕਾਰੀਆਂ ਵੱਲੋਂ ਊਰਜਾ ਸਰੋਤਾਂ ਦੀ ਘਾਟ ਦੇ ਸਮੇਂ ਉਨ੍ਹਾਂ ਦੀ ਵਰਤੋਂ 'ਤੇ ਨਿਯੰਤਰਣ ਜਾਂ ਰੋਕ ਲਾਗੂ ਕੀਤੀ ਜਾਂਦੀ ਹੈ ਤਾਂ ਜੋ ਜ਼ਰੂਰੀ ਸੇਵਾਵਾਂ ਜਾਰੀ ਰਹਿਣ ਅਤੇ ਊਰਜਾ ਪ੍ਰਣਾਲੀ ਦਾ ਪੂਰਾ ਢਹਿ ਜਾਣ ਤੋਂ ਬਚਾਅ ਕੀਤਾ ਜਾ ਸਕੇ। ਸਾਧਾਰਣ ਸ਼ਬਦਾਂ ਵਿੱਚ, ਊਰਜਾ ਲਾਕਡਾਊਨ ਦਾ ਅਰਥ ਹੈ ਕਿ ਬਿਜਲੀ, ਬਾਲਣ ਜਾਂ ਗੈਸ ਦੀ ਵਰਤੋਂ 'ਤੇ ਸਰਕਾਰ ਵੱਲੋਂ ਲਗਾਈ ਗਈ ਸੀਮਿਤ ਪਾਬੰਦੀ, ਜੋ ਕਿ ਵੱਡੀ ਊਰਜਾ ਘਾਟ ਦੇ ਸਮੇਂ ਲਾਗੂ ਕੀਤੀ ਜਾਂਦੀ ਹੈ। ਅਕਸਰ ਊਰਜਾ ਸੰਕਟ ਉਸ ਵੇਲੇ ਪੈਦਾ ਹੁੰਦਾ ਹੈ ਜਦੋਂ ਊਰਜਾ ਸਰੋਤਾਂ ਦੀ ਸਪਲਾਈ ਮੰਗ ਦੇ ਮੁਕਾਬਲੇ ਘੱਟ ਹੋ ਜਾਵੇ, ਜਿਸ ਕਾਰਨ ਬਿਜਲੀ ਦੀ ਕਮੀ, ਬਲੈਕਆਉਟ ਅਤੇ ਬਾਲਣ ਦੀਆਂ ਕੀਮਤਾਂ ਵਿੱਚ ਵਾਧਾ ਹੋ ਜਾਂਦਾ ਹੈ। ਇਹ ਉਹ ਸਥਿਤੀ ਹੈ ਜਿਸ ਵਿੱਚ ਸਰਕਾਰ ਜਾਂ ਅਧਿਕਾਰੀ ਬਾਲਣ , ਬਿਜਲੀ ਜਾਂ ਹੋਰ ਊਰਜਾ ਸਰੋਤਾਂ ਦੀ ਘਾਟ ਦੇ ਕਾਰਨ ਉਨ੍ਹਾਂ ਦੀ ਖਪਤ 'ਤੇ ਸਖ਼ਤ ਨਿਯੰਤਰਣ, ਰੋਕ ਜਾਂ ਘਟਾਉ ਲਾਗੂ ਕਰਦੇ ਹਨ। ਬਾਲਣ ਦੀ ਸੰਭਾਲ, ਬਿਜਲੀ ਦੀ ਸੀਮਿਤ ਸਪਲਾਈ, ਨਿਰਧਾਰਤ ਸਮੇਂ ਲਈ ਬਿਜਲੀ ਕਟੌਤੀ, ਉਦਯੋਗਿਕ ਕਾਰਜਾਂ 'ਤੇ ਪਾਬੰਦੀਆਂ, ਆਵਾਜਾਈ ਲਈ ਬਾਲਣ ਦੀ ਸੀਮਿਤ ਉਪਲੱਬਧਤਾ ਕਈ ਗੰਭੀਰ ਹਾਲਤਾਂ ਵਿੱਚ ਊਰਜਾ ਸਾਂਭ ਸੰਭਾਲ ਪ੍ਰਣਾਲੀ ਲਾਗੂ ਕੀਤੀ ਜਾ ਸਕਦੀ ਹੈ, ਜਿਸ ਵਿੱਚ ਵਿਅਕਤੀਆਂ ਅਤੇ ਉਦਯੋਗਾਂ ਨੂੰ ਊਰਜਾ ਦੀ ਸੀਮਿਤ ਮਾਤਰਾ ਹੀ ਮਿਲਦੀ ਹੈ। ਕਈ ਕਾਰਕ ਊਰਜਾ ਲਾਕਡਾਊਨ ਦਾ ਕਾਰਨ ਬਣ ਸਕਦੇ ਹਨ। ਜੰਗ ਅਤੇ ਭੂ-ਰਾਜਨੀਤਿਕ ਟਕਰਾਅ, ਜੰਗਾਂ ਤੇਲ ਦੀ ਸਪਲਾਈ ਦੇ ਰਸਤੇ, ਪਾਈਪਲਾਈਨਾਂ, ਰਿਫ਼ਾਈਨਰੀਆਂ ਅਤੇ ਜਹਾਜ਼ੀ ਰਸਤੇ ਨੂੰ ਪ੍ਰਭਾਵਿਤ ਕਰ ਸਕਦੀਆਂ ਹਨ। ਉਦਾਹਰਨ ਵਜੋਂ ਮੱਧ ਪੂਰਬ ਦੇ ਸੰਘਰਸ਼, ਤੇਲ ਢਾਂਚੇ 'ਤੇ ਹਮਲੇ, ਸਮੁੰਦਰੀ ਰਸਤੇ ਦੀ ਨਾਕਾਬੰਦੀ, ਇਤਿਹਾਸਕ ਤੌਰ 'ਤੇ ਜੰਗਾਂ ਨੇ ਵਿਸ਼ਵ ਪੱਧਰ 'ਤੇ ਊਰਜਾ ਘਾਟ ਪੈਦਾ ਕੀਤੀ ਹੈ। ਕਈ ਦੇਸ਼ ਆਯਾਤ ਕੀਤੇ ਤੇਲ 'ਤੇ ਨਿਰਭਰ ਹੁੰਦੇ ਹਨ। ਜੇਕਰ ਸਪਲਾਈ ਚੇਨ ਟੁੱਟ ਜਾਵੇ ਤਾਂ ਊਰਜਾ ਦੀ ਕਮੀ ਪੈਦਾ ਹੋ ਜਾਂਦੀ ਹੈ। ਵਿਸ਼ਵ ਦੇ ਮਹੱਤਵਪੂਰਣ ਸਮੁੰਦਰੀ ਰਸਤੇ ਹਨ ਹੁਰਮੁਜ਼ ਦੀ ਖਾੜੀ, ਸੁਏਜ਼ ਨਹਿਰ। ਇਨ੍ਹਾਂ ਵਿੱਚ ਰੁਕਾਵਟ ਆਉਣ ਨਾਲ ਵਿਸ਼ਵ ਊਰਜਾ ਬਾਜ਼ਾਰ ਪ੍ਰਭਾਵਿਤ ਹੋ ਸਕਦਾ ਹੈ। ਆਬਾਦੀ ਵਿੱਚ ਵਾਧਾ ਅਤੇ ਉਦਯੋਗੀਕਰਨ ਊਰਜਾ ਦੀ ਮੰਗ ਨੂੰ ਬਹੁਤ ਤੇਜ਼ੀ ਨਾਲ ਵਧਾਉਂਦੇ ਹਨ। ਬਿਜਲੀ ਘਰਾਂ ਨੂੰ ਨੁਕਸਾਨ, ਪਾਈਪਲਾਈਨਾਂ ਦੀ ਖਰਾਬੀ, ਕਮਜ਼ੋਰ ਬਿਜਲੀ ਗ੍ਰਿਡ ਜਾਂ ਕੁਦਰਤੀ ਆਫ਼ਤਾਂ ਊਰਜਾ ਸਪਲਾਈ ਨੂੰ ਘਟਾ ਸਕਦੀਆਂ ਹਨ। ਤੇਲ ਬਾਜ਼ਾਰਾਂ ਵਿੱਚ ਸਟਾਕਬਾਜ਼ੀ ਜਾਂ ਰਾਜਨੀਤਿਕ ਫੈਸਲੇ ਜਿਵੇਂ ਪਾਬੰਦੀਆਂ ਵੀ ਕਮੀ ਪੈਦਾ ਕਰ ਸਕਦੇ ਹਨ। ਅਤਿਅਧਿਕ ਮੌਸਮੀ ਹਾਲਾਤ ਖ਼ਾਸ ਕਰਕੇ ਜਲ-ਬਿਜਲੀ ਜਾਂ ਨਵੀਨੀਕਰਨਯੋਗ ਊਰਜਾ ਉਤਪਾਦਨ ਨੂੰ ਪ੍ਰਭਾਵਿਤ ਕਰ ਸਕਦੇ ਹਨ। ਜੇ ਇਰਾਨ, ਇਜ਼ਰਾਇਲ ਅਤੇ ਸੰਯੁਕਤ ਰਾਜ ਅਮਰੀਕਾ ਵਿਚਕਾਰ ਵੱਡਾ ਸੰਘਰਸ਼ ਹੁੰਦਾ ਹੈ ਤਾਂ ਇਹ ਵਿਸ਼ਵ ਪੱਧਰ 'ਤੇ ਊਰਜਾ ਸਪਲਾਈ ਨੂੰ ਬਹੁਤ ਪ੍ਰਭਾਵਿਤ ਕਰ ਸਕਦਾ ਹੈ। ਇਰਾਨ ਹੁਰਮੁਜ਼ ਦੀ ਖਾੜੀ ਦੇ ਨੇੜੇ ਸਥਿਤ ਹੈ, ਜੋ ਕਿ ਵਿਸ਼ਵ ਦੇ ਤੇਲ ਆਵਾਜਾਈ ਲਈ ਬਹੁਤ ਮਹੱਤਵਪੂਰਣ ਰਸਤਾ ਹੈ। ਜੇਕਰ ਇਹ ਰਸਤਾ ਬੰਦ ਹੋ ਜਾਵੇ ਤਾਂ ਤੇਲ ਦੀ ਸਪਲਾਈ ਰੁਕ ਸਕਦੀ ਹੈ। ਇੰਧਨ ਦੀਆਂ ਕੀਮਤਾਂ ਤੇਜ਼ੀ ਨਾਲ ਵੱਧ ਸਕਦੀਆਂ ਹਨ। ਆਯਾਤ 'ਤੇ ਨਿਰਭਰ ਦੇਸ਼ਾਂ ਵਿੱਚ ਘਾਟ ਪੈਦਾ ਹੋ ਸਕਦੀ ਹੈ।

ਵਿਸ਼ਵ ਪੱਧਰ 'ਤੇ ਇੰਧਨ ਦੀਆਂ ਕੀਮਤਾਂ ਵਿੱਚ ਵਾਧਾ

ਜੰਗ ਕਾਰਨ ਊਰਜਾ ਬਾਜ਼ਾਰਾਂ ਵਿੱਚ ਅਸਥਿਰਤਾ ਪੈਦਾ ਹੁੰਦੀ ਹੈ।

ਸੰਭਾਵੀ ਪ੍ਰਭਾਵ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵੱਧਣ

ਬਿਜਲੀ ਉਤਪਾਦਨ ਮਹਿੰਗਾ ਹੋਣਾ, ਆਵਾਜਾਈ ਦੀ ਲਾਗਤ ਵੱਧਣਾ, ਸਪਲਾਈ ਚੇਨ ਦਾ ਟੁੱਟਣਾ, ਊਰਜਾ ਆਵਾਜਾਈ ਅਤੇ ਉਤਪਾਦਨ ਲਈ ਬਹੁਤ ਜ਼ਰੂਰੀ ਹੈ। ਕਮੀ ਕਾਰਨ ਖਾਦ ਸਪਲਾਈ ਵਿੱਚ ਰੁਕਾਵਟ, ਉਦਯੋਗਿਕ ਬੰਦਸ਼, ਖੇਤੀਬਾੜੀ ਉਤਪਾਦਨ ਵਿੱਚ ਘਾਟ, ਆਰਥਿਕ ਮੰਦੀ ਉਤਪੰਨ ਹੋ ਸਕਦੀ ਹੈ ਊਰਜਾ ਹਰ ਉਤਪਾਦਨ ਦੀ ਬੁਨਿਆਦੀ ਲੋੜ ਹੈ। ਇਸ ਦੀ ਕਮੀ ਨਾਲ ਉਦਯੋਗ ਮੰਦੇ ਪੈ ਜਾਂਦੇ ਹਨ., ਬੇਰੁਜ਼ਗਾਰੀ ਵੱਧਦੀ ਹੈ, ਆਰਥਿਕ ਵਿਕਾਸ ਘਟਦਾ ਹੈ, ਫੌਜੀ ਊਰਜਾ ਦੀ ਵੱਧ ਖਪਤ, ਜੰਗਾਂ ਵਿੱਚ ਜਹਾਜ਼ਾਂ, ਟੈਂਕਾਂ, ਜਹਾਜ਼ੀ ਬੇੜਿਆਂ ਅਤੇ ਲਾਜਿਸਟਿਕ ਕਾਰਵਾਈਆਂ ਲਈ ਬਹੁਤ ਵੱਡੀ ਮਾਤਰਾ ਵਿੱਚ ਇੰਧਨ ਦੀ ਲੋੜ ਹੁੰਦੀ ਹੈ।

ਊਰਜਾ ਲਾਕਡਾਊਨ ਦੇ ਸਮਾਜਿਕ ਅਤੇ ਸਿਹਤ ਸੰਬੰਧੀ ਪ੍ਰਭਾਵ-ਹਸਪਤਾਲਾਂ ਨੂੰ ਬਿਜਲੀ ਦੀ ਲੋੜ ਹੁੰਦੀ ਹੈ ਜੀਵਨ ਬਚਾਉਣ ਵਾਲੀਆਂ ਮਸ਼ੀਨਾਂ, ਆਕਸੀਜਨ ਪ੍ਰਣਾਲੀਆਂ, ਡਾਇਗਨੋਸਟਿਕ ਉਪਕਰਣ, ਦਵਾਈਆਂ ਦੀ ਠੰਡੀ ਸਟੋਰੇਜ ਆਦਿ ਉਪਕਰਣ ਸਭ ਊਰਜਾ ਦੀ ਵਰਤੋਂ ਕਰਦੇ ਹਨ। ਬਿਜਲੀ ਦੀ ਕਮੀ ਮਰੀਜ਼ਾਂ ਦੀ ਜਾਨ ਲਈ ਖਤਰਾ ਬਣ ਸਕਦੀ ਹੈ। ਊਰਜਾ ਦੀ ਲੋੜ ਹੁੰਦੀ ਹੈ ਸਿੰਚਾਈ, ਖਾਣੇ ਦੀ ਪ੍ਰੋਸੈਸਿੰਗ, ਰੈਫ੍ਰਿਜਰੇਸ਼ਨ, ਪਾਣੀ ਸ਼ੁੱਧੀਕਰਨ ਆਦਿ ਜ਼ਰੂਰੀ ਕਿਰਿਆਵਾਂ ਲਈ ਅਤੇ ਊਰਜਾ ਦੀ ਕਮੀ ਨਾਲ ਭੋਜਨ ਅਤੇ ਪਾਣੀ ਦੀ ਘਾਟ ਹੋ ਸਕਦੀ ਹੈ। ਊਰਜਾ ਦੀ ਘਾਟ ਲੋਕਾਂ ਵਿੱਚ ਡਰ ਅਤੇ ਤਣਾਅ ਪੈਦਾ ਕਰਦੀ ਹੈ। ਕਾਰਖਾਨੇ ਬੰਦ ਹੋ ਸਕਦੇ ਹਨ ਜਿਸ ਨਾਲ ਬੇਰੁਜ਼ਗਾਰੀ ਵੱਧਦੀ ਹੈ। ਊਰਜਾ ਲਾਕਡਾਊਨ ਦੌਰਾਨ ਘਬਰਾਹਟ ਦੇ ਕਾਰਨ ਲੋਕਾਂ ਨੂੰ ਡਰ ਹੁੰਦਾ ਹੈ ਕਿ ਜ਼ਰੂਰੀ ਇੰਧਨ ਖਤਮ ਹੋ ਸਕਦਾ ਹੈ। ਡਰ ਕਾਰਣ ਵੱਧ ਖਰੀਦਦਾਰੀ ਲੋਕ ਜ਼ਰੂਰਤ ਤੋਂ ਵੱਧ ਖਰੀਦਦਾਰੀ ਕਰਦੇ ਹਨ ਪੈਟਰੋਲ, ਡੀਜ਼ਲ, ਐਲ ਪੀ ਜੀ ਸਿਲੰਡਰ, ਬੈਟਰੀਆਂ, ਜਨਰੇਟਰ। ਅਫਵਾਹਾਂ ਅਤੇ ਗਲਤ ਜਾਣਕਾਰੀ ਸੋਸ਼ਲ ਮੀਡੀਆ 'ਤੇ ਫੈਲੀਆਂ ਅਫਵਾਹਾਂ ਘਬਰਾਹਟ ਵਧਾਉਂਦੀਆਂ ਹਨ। ਸਰਕਾਰ 'ਤੇ ਭਰੋਸੇ ਦੀ ਕਮੀ ਜੇ ਲੋਕਾਂ ਨੂੰ ਲੱਗੇ ਕਿ ਸਰਕਾਰ ਹਾਲਤ ਸੰਭਾਲ ਨਹੀਂ ਸਕਦੀ ਤਾਂ ਡਰ ਵਧ ਜਾਂਦਾ ਹੈ। ਕੀਮਤਾਂ ਵਿੱਚ ਅਚਾਨਕ ਵਾਧਾ

ਇੰਧਨ ਦੀਆਂ ਕੀਮਤਾਂ ਵਿੱਚ ਤੇਜ਼ ਵਾਧਾ ਅਸਥਿਰਤਾ ਪੈਦਾ ਕਰਦਾ ਹੈ।

ਊਰਜਾ ਲਾਕਡਾਊਨ ਦੌਰਾਨ ਸਾਵਧਾਨੀਆਂ

ਊਰਜਾ ਦੀ ਬਚਤ, ਘਰਾਂ ਵਿੱਚ ਬੇਕਾਰ ਬੱਤੀਆਂ ਬੰਦ ਰੱਖਣੀਆਂ, ਏਅਰ ਕੰਡੀਸ਼ਨਰ ਘੱਟ ਵਰਤਣਾ ਅਤੇ ਊਰਜਾ ਬਚਾਉਣ ਵਾਲੇ ਉਪਕਰਣ ਵਰਤਣੇ ਚਾਹੀਦੇ ਹਨ।

ਨਵੀਨੀਕਰਨਯੋਗ ਊਰਜਾ ਦੀ ਵਰਤੋਂ

ਸੋਲਰ ਪੈਨਲ ਅਤੇ ਛੋਟੇ ਨਵੀਨੀਕਰਨਯੋਗ ਪ੍ਰਣਾਲੀਆਂ ਤੇਲ 'ਤੇ ਨਿਰਭਰਤਾ ਘਟਾ ਸਕਦੀਆਂ ਹਨ।

ਰਣਨੀਤਕ ਊਰਜਾ ਭੰਡਾਰ

ਸਰਕਾਰਾਂ ਐਮਰਜੈਂਸੀ ਲਈ ਪੈਟਰੋਲਿਅਮ ਦੇ ਭੰਡਾਰ ਰੱਖਦੀਆਂ ਹਨ।

ਊਰਜਾ ਸਰੋਤਾਂ ਦੀ ਵਿਭਿੰਨਤਾ

ਦੇਸ਼ਾਂ ਨੂੰ ਸੂਰਜੀ ਊਰਜਾ, ਪੌਣ ਊਰਜਾ, ਪਰਮਾਣੂ ਊਰਜਾ ਅਤੇ ਜਲ-ਬਿਜਲੀ ਵਿੱਚ ਨਿਵੇਸ਼ ਕਰਨਾ ਚਾਹੀਦਾ ਹੈ।

ਜਨਤਕ ਜਾਗਰੂਕਤਾ

ਲੋਕਾਂ ਨੂੰ ਜ਼ਿੰਮੇਵਾਰ ਊਰਜਾ ਵਰਤੋਂ ਬਾਰੇ ਸਿੱਖਿਆ ਦੇਣਾ ਜ਼ਰੂਰੀ ਹੈ।

ਸਰਕਾਰੀ ਨੀਤੀਆਂ

ਸਰਕਾਰ ਨਿਯੰਤਰਿਤ ਇੰਧਨ ਵੰਡ ਅਤੇ ਬਿਜਲੀ ਕਟੌਤੀ ਦੇ ਸਮਾਂ-ਸਾਰਣੀ ਲਾਗੂ ਕਰ ਸਕਦੀ ਹੈ।

ਊਰਜਾ ਸੁਰੱਖਿਆ ਦਾ ਭਵਿੱਖ

ਊਰਜਾ ਲਾਕਡਾਊਨ ਦੀ ਧਾਰਣਾ ਸਾਨੂੰ ਊਰਜਾ ਆਤਮਨਿਰਭਰਤਾ ਅਤੇ ਟਿਕਾਊ ਊਰਜਾ ਪ੍ਰਣਾਲੀਆਂ ਦੀ ਲੋੜ ਬਾਰੇ ਜਾਗਰੂਕ ਕਰਦੀ ਹੈ।

ਭਵਿੱਖ ਵਿੱਚ ਸੰਭਾਵੀ ਹੱਲ ਹਨ:

ਗ੍ਰੀਨ ਹਾਈਡਰੋਜਨ ਊਰਜਾ, ਉੱਚ ਪੱਧਰੀ ਬੈਟਰੀ ਸਟੋਰੇਜ

ਸਮਾਰਟ ਬਿਜਲੀ ਗ੍ਰਿਡ।

ਵੱਡੇ ਪੱਧਰ 'ਤੇ ਨਵੀਨੀਕਰਨਯੋਗ ਊਰਜਾ

ਇਹ ਤਕਨੀਕਾਂ ਭਵਿੱਖ ਵਿੱਚ ਊਰਜਾ ਸੰਕਟ ਦੇ ਖ਼ਤਰੇ ਨੂੰ ਘਟਾ ਸਕਦੀਆਂ ਹਨ।

ਊਰਜਾ ਲਾਕਡਾਊਨ ਇੱਕ ਗੰਭੀਰ ਐਮਰਜੈਂਸੀ ਸਥਿਤੀ ਹੈ ਜੋ ਇੰਧਨ ਜਾਂ ਬਿਜਲੀ ਦੀ ਭਾਰੀ ਘਾਟ ਕਾਰਨ ਪੈਦਾ ਹੁੰਦੀ ਹੈ। ਇਹ ਜੰਗਾਂ, ਸਪਲਾਈ ਵਿੱਚ ਰੁਕਾਵਟ, ਅਧਿਕ ਖਪਤ ਜਾਂ ਢਾਂਚਾਗਤ ਨਾਕਾਮੀਆਂ ਕਾਰਨ ਹੋ ਸਕਦੀ ਹੈ। ਜੇ ਇਰਾਨ, ਇਜ਼ਰਾਇਲ ਅਤੇ ਅਮਰੀਕਾ ਵਰਗੀਆਂ ਵੱਡੀਆਂ ਤਾਕਤਾਂ ਵਿਚਕਾਰ ਟਕਰਾਅ ਵੱਧਦਾ ਹੈ ਤਾਂ ਇਹ ਵਿਸ਼ਵ ਪੱਧਰ 'ਤੇ ਊਰਜਾ ਸਪਲਾਈ ਨੂੰ ਬਹੁਤ ਪ੍ਰਭਾਵਿਤ ਕਰ ਸਕਦਾ ਹੈ ਅਤੇ ਵਿਆਪਕ ਘਾਟ ਪੈਦਾ ਕਰ ਸਕਦਾ ਹੈ। ਅਜਿਹੇ ਸੰਕਟਾਂ ਨੂੰ ਰੋਕਣ ਲਈ ਲੰਬੇ ਸਮੇਂ ਦੀ ਯੋਜਨਾ, ਊਰਜਾ ਸਰੋਤਾਂ ਦੀ ਵਿਭਿੰਨਤਾ, ਪ੍ਰਭਾਵਸ਼ਾਲੀ ਖਪਤ ਅਤੇ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਊਰਜਾ ਸੁਰੱਖਿਆ ਸਿਰਫ਼ ਆਰਥਿਕ ਮਸਲਾ ਨਹੀਂ ਹੈ, ਸਗੋਂ ਵਿਸ਼ਵ ਸਥਿਰਤਾ ਅਤੇ ਮਨੁੱਖੀ ਭਲਾਈ ਦਾ ਇੱਕ ਅਹਿਮ ਹਿੱਸਾ ਹੈ।

**-ਡਾ. ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ, ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

ਆਵਾਜ਼ਿ ਕੌਮ AWAZE QAUM International Newspaper & WEB TV

### ਹਰਿਆਣਾ ਸਿੱਖ ਗੁਰਦੁਆਰਾ ਜੁਡੀਸ਼ਅਲ ਕਮਿਸ਼ਨ ਵੱਲੋਂ

# 7 ਜਨਵਰੀ 2026 ਨੂੰ ਝੀਂਡਾ ਵੱਲੋਂ ਝੂਠ ਬੋਲ ਕੇ ਪਾਸ ਕੀਤੇ ਬਜ਼ਟ ਸਮੇਤ ਸਾਰੇ ਮਤੇ ਰੱਦ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਬਣੇ ਰਹਿਣਗੇ ਧਰਮ ਪ੍ਰਚਾਰ ਹਰਿਆਣਾ ਕਮੇਟੀ ਦੇ ਚੇਅਰਮੈਨ, ਜੁਡੀਸ਼ਲ ਕਮਿਸ਼ਨ ਕੋਰਟ ਵਿੱਚ ਝੀਂਡਾ ਨੇ ਝੂਠ ਬੋਲ ਕੇ ਗੁੰਮਰਾਹ ਕਰਨ ਦੀ ਕੀਤੀ ਸੀ ਕੋਸ਼ਿਸ

















ਹਰਿਆਣਾ ਸਿੱਖ ਗੁਰਦੁਆਰਾ ਜੁਡੀਸ਼ਅਲ ਕਮਿਸ਼ਨ ਵੱਲੋਂ 7 ਜਨਵਰੀ 2026 ਨੂੰ ਝੀਂਡਾ ਵੱਲੋਂ ਝੂਠ ਬੋਲ ਕੇ ਪਾਸ ਕੀਤੇ ਬਜ਼ਟ ਸਮੇਤ ਸਾਰੇ ਮਤੇ ਰੱਦ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਬਣੇ ਰਹਿਣਗੇ ਧਰਮ ਪ੍ਰਚਾਰ ਹਰਿਆਣਾ ਕਮੇਟੀ ਦੇ ਚੇਅਰਮੈਨ 7 ਜਨਵਰੀ ਨੂੰ ਬਜ਼ਟ ਇਜਲਾਸ ਕੁਰੂਕਸ਼ੇਤਰ ਵਿੱਚ ਮੈਂਬਰਾਂ ਦਾ ਕੋਰਮ ਨਹੀਂ ਸੀ ਪੂਰਾ ਜੁਡੀਸ਼ਲ ਕਮਿਸ਼ਨ ਕੋਰਟ ਵਿੱਚ ਝੀਂਡਾ ਨੇ ਝੂਠ ਬੋਲ ਕੇ ਗੁੰਮਰਾਹ ਕਰਨ ਦੀ ਕੀਤੀ ਸੀ ਕੋਸ਼ਿਸ ਗੁਰੂ ਦਾ ਕੀਤਾ ਸ਼ੁਕਰਾਨਾ ਐਡਵੋਕੇਟ ਰਸ਼ਿਪੰਦਰ ਸਿੰਘ ਸੋਹੀ ਨੂੰ ਕੀਤਾ ਸਨਮਾਨਿਤ।

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243